ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 17 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੨ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243


## ਸਿੱਖ ਕਤਲੇਆਮ : ਟਾਈਟਲਰ ਖਿਲਾਫ ਦੋਸ਼ ਤੈਅ ਕਰਨ ਨੂੰ ਲੈ ਕੇ

# 30 ਅਗਸਤ ਨੂੰ ਫੈਸਲਾ ਸੁਣਾ ਸਕਦੀ ਹੈ ਅਦਾਲਤ

**ਨਵੀਂ ਦਿੱਲੀ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-1984 ਦੇ ਸਿੱਖ ਕਤਲੇਆਮ ਨਾਲ ਸਬੰਧਤ ਪੁਲ ਬੰਗਸ਼ ਗੁਰਦੁਆਰਾ ਹਿੰਸਾ ਮਾਮਲੇ ਵਿੱਚ ਮੁਲਜ਼ਮ ਜਗਦੀਸ਼ ਟਾਈਟਲਰ ਖ਼ਿਲਾਫ਼ ਦੋਸ਼ ਆਇਦ ਕਰਨ ਬਾਰੇ ਫੈਸਲਾ 30 ਅਗਸਤ ਨੂੰ ਲਿਆ ਜਾਵੇਗਾ। ਸੀਬੀਆਈ ਨੇ ਇਸ ਮਾਮਲੇ ਵਿੱਚ ਟਾਈਟਲਰ ਖ਼ਿਲਾਫ਼ ਆਈਪੀਸੀ ਧਾਰਾਵਾਂ 147, 109 ਅਤੇ 302 ਤਹਿਤ ਦਿੱਲੀ ਦੀ ਰੌਜ਼ ਐਵੇਨਿਊ ਅਦਾਲਤ ਵਿੱਚ ਚਾਰਜਸ਼ੀਟ ਦਾਖ਼ਲ ਕੀਤੀ ਹੈ। ਸੀਬੀਆਈ ਮੁਤਾਬਕ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ 31 ਅਕਤੂਬਰ ਨੂੰ ਉਨ੍ਹਾਂ ਦੇ ਸਰਕਾਰੀ ਰਿਹਾਇਸ਼ 'ਤੇ ਉਨ੍ਹਾਂ ਦੇ ਅੰਗ ਰੱਖਿਅਕਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ, ਕਾਂਗਰਸ ਨੇਤਾ ਅਤੇ ਗਾਂਧੀ ਪਰਿਵਾਰ ਦੇ ਨਜ਼ਦੀਕੀ ਜਗਦੀਸ਼ ਟਾਈਟਲਰ ਨੇ ਕਥਿਤ ਤੌਰ 'ਤੇ ਗੁੱਸੇ ਵਿੱਚ ਆਈ ਭੀੜ ਨੂੰ ਹਿੰਸਾ ਲਈ ਭੜਕਾਇਆ ਸੀ। ਇਸ ਦੌਰਾਨ ਭੀੜ ਨੇ ਗੁਰਦੁਆਰੇ ਨੂੰ ਅੱਗ ਲਗਾ ਦਿੱਤੀ ਸੀ। ਇਸ ਹਿੰਸਾ ਵਿੱਚ ਤਿੰਨ ਲੋਕ ਮਾਰੇ ਗਏ ਸਨ। ਮਈ 2023 ਵਿੱਚ ਸੀਬੀਆਈ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਵਿੱਚ ਜਗਦੀਸ਼ ਟਾਈਟਲਰ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਸੀ। ਜਾਂਚ ਏਜੰਸੀ ਨੇ ਉਸ 'ਤੇ ਕਤਲ, ਦੰਗੇ ਅਤੇ ਕੁੱਟਮਾਰ ਦੇ ਦੋਸ਼ ਲਾਏ ਸਨ। ਚਾਰਜਸ਼ੀਟ ਵਿਚ ਕਿਹਾ ਗਿਆ ਹੈ ਕਿ ਕਾਂਗਰਸੀ ਨੇਤਾ ਨੇ ਦੰਗਾਕਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਖਿਲਾਫ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਵੇਗੀ। ਉਸਨੇ ਆਪਣੇ ਹਲਕੇ ਵਿਚ ਹੋਈਆਂ ਹੱਤਿਆਵਾਂ ਦੀ ਗਿਣਤੀ ਹੋਰ ਥਾਵਾਂ ਨਾਲ ਤੁਲਨਾ ਕੀਤੀ ਅਤੇ ਆਪਣੇ ਆਦਮੀਆਂ ਨੂੰ ਹੋਰ ਹਮਲੇ ਕਰਨ ਲਈ ਕਿਹਾ। ਚਾਰਜਸ਼ੀਟ 'ਚ ਦਰਜ ਇਕ ਚਸ਼ਮਦੀਦ ਦੇ ਬਿਆਨ 'ਚ ਕਿਹਾ ਗਿਆ ਹੈ ਕਿ ਕਾਂਗਰਸੀ ਨੇਤਾ ਆਪਣੀ ਚਿੱਟੇ ਰੰਗ ਦੀ ਅੰਬੈਸਡਰ ਕਾਰ 'ਚੋਂ ਬਾਹਰ ਨਿਕਲਿਆ ਅਤੇ ਭੀੜ ਨੂੰ ਭੜਕਾਉਣਾ ਸ਼ੁਰੂ ਕਰ ਦਿੱਤਾ। ਬਿਆਨ ਮੁਤਾਬਕ ਉਹ (ਟਾਈਟਲਰ) ਕਾਰ ਤੋਂ ਬਾਹਰ ਆਇਆ ਅਤੇ ਪਹਿਲਾਂ ਭੀੜ ਨੂੰ ਭੜਕਾਇਆ ਅਤੇ ਫਿਰ ਉਨ੍ਹਾਂ ਨੂੰ ਦੁਕਾਨਾਂ ਲੁੱਟਣ ਲਈ ਕਿਹਾ। ਇੱਕ ਚਸ਼ਮਦੀਦ ਗਵਾਹ ਜਿਸਦੀ ਦੁਕਾਨ 31 ਅਕਤੂਬਰ 1984 ਨੂੰ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਹੋਏ ਦੰਗਿਆਂ ਵਿੱਚ ਸਾੜ ਦਿੱਤੀ ਗਈ ਸੀ। ਇਕ ਹੋਰ ਬਿਆਨ ਮੁਤਾਬਕ ਤਤਕਾਲੀ ਸੰਸਦ ਮੈਂਬਰ ਜਗਦੀਸ਼ ਟਾਈਟਲਰ ਨੇ ਦਿੱਲੀ ਦੀ ਆਜ਼ਾਦ ਮਾਰਕੀਟ ਸਥਿਤ ਗੁਰਦੁਆਰਾ ਸਾਹਿਬ ਵਿਖੇ ਵੀ ਲੋਕਾਂ ਨੂੰ ਭੜਕਾਇਆ ਸੀ। ਟਾਈਟਲਰ ਮਨਾਹੀ ਦੇ ਹੁਕਮਾਂ ਦੀ ਉਲੰਘਣਾ ਕਰਦੇ ਹੋਏ ਗੁਰਦੁਆਰੇ ਦੇ ਸਾਹਮਣੇ ਮੌਜੂਦ ਸਨ।






## ਭਾਰਤ ਲਈ ਖਤਰੇ ਦੀ ਘੰਟੀ, ਗੁਆਂਢੀ ਮੁਲਕ 'ਚ 'ਮਹਾਂਮਾਰੀ' ਦੇ ਤਿੰਨ ਮਾਮਲੇ ਦਰਜ

**ਇਸਲਾਮਾਬਾਦ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਉੱਤਰ-ਪੱਛਮੀ ਸੂਬੇ ਖੈਬਰ ਪਖਤੂਨਖਵਾ ਸੂਬੇ ਵਿਚ ਪਿਛਲੇ 24 ਘੰਟਿਆਂ ਦੌਰਾਨ ਮੰਕੀਪਾਕਸ ਦੇ ਤਿੰਨ ਮਾਮਲੇ ਸਾਹਮਣੇ ਆਏ ਹਨ। ਸਿਹਤ ਸੇਵਾਵਾਂ ਦੇ ਸੂਬਾਈ ਡਾਇਰੈਕਟੋਰੇਟ ਜਨਰਲ ਦੇ ਪਬਲਿਕ ਹੈਲਥ ਦੇ ਡਾਇਰੈਕਟਰ ਇਰਸ਼ਾਦ ਰੋਗਾਨੀ ਨੇ ਕਿਹਾ ਕਿ ਵੀਰਵਾਰ ਨੂੰ ਇੱਕ 34 ਸਾਲਾ ਵਿਅਕਤੀ ਦੀ ਮੰਕੀਪਾਕਸ ਦੀ ਜਾਂਚ ਕੀਤੀ ਗਈ ਸੀ, ਜਦੋਂ ਕਿ ਅੱਜ ਸਵੇਰੇ ਦੋ ਹੋਰ ਮਾਮਲਿਆਂ ਦੀ ਪੁਸ਼ਟੀ ਹੋਈ ਹੈ। ਉਨ੍ਹਾਂ ਕਿਹਾ ਕਿ ਤਿੰਨੋਂ ਮਰੀਜ਼ਾਂ ਨੂੰ ਕੁਆਰੰਟੀਨ ਕੀਤਾ ਜਾ ਰਿਹਾ ਹੈ ਅਤੇ ਇੱਕ ਹੋਰ ਸ਼ੱਕੀ ਵਿਅਕਤੀ ਦੇ ਸੈਂਪਲ ਲੈਬੋਰਟਰੀ ਨੂੰ ਪੁਸ਼ਟੀ ਲਈ ਭੇਜੇ ਗਏ ਹਨ, ਜਿਸ ਤੋਂ ਬਾਅਦ ਸੂਬੇ ਵਿੱਚ ਬਿਮਾਰੀ ਦੀ ਪੁਸ਼ਟੀ ਹੋਣ ਤੋਂ ਬਾਅਦ ਸਾਰੇ ਹਸਪਤਾਲਾਂ ਅਤੇ ਹੋਰ ਸਬੰਧਤ ਸਹੂਲਤਾਂ ਨੂੰ ਅਲਰਟ 'ਤੇ ਰੱਖਿਆ ਗਿਆ ਹੈ। ਵਿਸ਼ਵ ਸਿਹਤ ਸੰਗਠਨ ਦੁਆਰਾ ਮੰਕੀਪਾਕਸ ਨੂੰ ਇੱਕ ਗਲੋਬਲ ਪਬਲਿਕ ਹੈਲਥ ਐਮਰਜੈਂਸੀ ਐਲਾਨ ਕਰਨ ਤੋਂ ਬਾਅਦ, ਪਾਕਿਸਤਾਨ ਦੇ ਨੈਸ਼ਨਲ ਇੰਸਟੀਚਿਊਟ ਆਫ਼ ਹੈਲਥ (ਐੱਨਆਈਐੱਚ) ਨੇ ਵੀਰਵਾਰ ਨੂੰ ਇਸ ਨਾਲ ਨਜਿੱਠਣ ਲਈ ਤਿਆਰੀ ਯਕੀਨੀ ਬਣਾਉਣ ਲਈ ਇੱਕ ਸਲਾਹ ਜਾਰੀ ਕੀਤੀ। ਐੱਨਆਈਐੱਚ ਨੇ ਕਿਹਾ ਕਿ ਸਰਹੱਦੀ ਸਿਹਤ ਸੇਵਾਵਾਂ ਨੂੰ ਦੇਸ਼ ਵਿੱਚ ਸਾਰੇ ਪ੍ਰਵੇਸ਼ ਪੁਆਇੰਟਾਂ 'ਤੇ ਨਿਗਰਾਨੀ ਵਧਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

## ਜੰਮੂ-ਕਸ਼ਮੀਰ 'ਚ ਤਿੰਨ ਪੜਾਵਾਂ 'ਚ ਅਤੇ ਹਰਿਆਣਾ 'ਚ ਇਕ ਪੜਾਅ 'ਚ ਹੋਣਗੀਆਂ ਚੋਣਾਂ, 4 ਅਕਤੂਬਰ ਨੂੰ ਆਉਣਗੇ ਨਤੀਜੇ

**ਨਵੀਂ ਦਿੱਲੀ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਅਤੇ ਜੰਮੂ-ਕਸ਼ਮੀਰ ਵਿੱਚ ਵਿਧਾਨ ਸਭਾ ਚੋਣਾਂ ਦਾ ਐਲਾਨ ਹੋ ਗਿਆ ਹੈ। ਚੋਣ ਕਮਿਸ਼ਨ ਨੇ ਸ਼ੁੱਕਰਵਾਰ ਨੂੰ ਪ੍ਰੈੱਸ ਕਾਨਫਰੰਸ ਕਰਕੇ ਚੋਣ ਪ੍ਰੋਗਰਾਮ ਦਾ ਐਲਾਨ ਕੀਤਾ। ਜੰਮੂ-ਕਸ਼ਮੀਰ 'ਚ ਤਿੰਨ ਗੇੜਾਂ 'ਚ ਵੋਟਿੰਗ ਹੋਵੇਗੀ, ਜਦਕਿ ਹਰਿਆਣਾ 'ਚ ਇਕ ਹੀ ਗੇੜ 'ਚ ਵੋਟਿੰਗ ਹੋਵੇਗੀ। ਦੋਵਾਂ ਦੇ ਚੋਣ ਨਤੀਜੇ 4 ਅਕਤੂਬਰ ਨੂੰ ਨਾਲੋ-ਨਾਲ ਐਲਾਨੇ ਜਾਣਗੇ। ਜੰਮੂ-ਕਸ਼ਮੀਰ 'ਚ ਪਹਿਲੇ ਗੇੜ ਲਈ ਨੋਟੀਫਿਕੇਸ਼ਨ 20 ਤਰੀਕ ਨੂੰ ਹੋਵੇਗਾ ਅਤੇ 18 ਸਤੰਬਰ ਨੂੰ ਵੋਟਿੰਗ ਹੋਵੇਗੀ। ਦੂਜੇ ਗੇੜ ਦੀ ਵੋਟਿੰਗ 25 ਸਤੰਬਰ ਨੂੰ ਅਤੇ ਤੀਜੇ ਗੇੜ ਦੀ ਵੋਟਿੰਗ 1 ਅਕਤੂਬਰ ਨੂੰ ਹੋਵੇਗੀ। ਹੁਣ ਹਰਿਆਣਾ ਦੀ ਗੱਲ ਕਰੀਏ ਤਾਂ ਇੱਥੇ 1 ਅਕਤੂਬਰ ਨੂੰ ਇੱਕ ਹੀ ਗੇੜ ਵਿੱਚ ਵੋਟਿੰਗ ਹੋਵੇਗੀ ਅਤੇ ਜੰਮੂ-ਕਸ਼ਮੀਰ ਦੇ ਨਾਲ-ਨਾਲ 4 ਨੂੰ ਨਤੀਜੇ ਐਲਾਨੇ ਜਾਣਗੇ। ਹਰਿਆਣਾ ਦੇ ਵੋਟਰਾਂ ਦੀ ਅੰਤਿਮ ਸੂਚੀ 27 ਅਗਸਤ ਨੂੰ ਜਾਰੀ ਕੀਤੀ ਜਾਵੇਗੀ। ਸੂਬੇ ਵਿੱਚ 2.1 ਕਰੋੜ ਵੋਟਰ ਆਪਣੀ ਵੋਟ ਪਾਉਣਗੇ। ਸੂਬੇ ਵਿੱਚ ਕੁੱਲ 20 ਹਜ਼ਾਰ 629 ਪੋਲਿੰਗ ਬੂਥ ਹੋਣਗੇ। ਸੀਈਸੀ ਰਾਜੀਵ ਕੁਮਾਰ ਨੇ ਕਿਹਾ ਕਿ ਇਸ ਵਾਰ ਬਹੁਮੰਜ਼ਿਲਾ ਇਮਾਰਤਾਂ ਵਿੱਚ ਵੀ ਪੋਲਿੰਗ ਬੂਥ ਬਣਾਵਾਂਗੇ। ਵੋਟਰਾਂ ਦੀ ਸੁਵਿਧਾ ਦਾ ਖਾਸ ਧਿਆਨ ਰੱਖਿਆ ਜਾਵੇਗਾ ਇਸ ਤੋਂ ਇਲਾਵਾ ਸਲਮ ਏਰੀਏ ਵਿੱਚ ਵੀ ਅਜਿਹਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗੁਰੂਗ੍ਰਾਮ, ਫਰੀਦਾਬਾਦ ਅਤੇ ਸੋਨੀਪਤ ਵਿੱਚ ਅਜਿਹਾ ਕਰਨ ਦੀ ਲੋੜ ਸੀ, ਜਿਸ ਦਾ ਧਿਆਨ ਰੱਖਿਆ ਗਿਆ ਹੈ। ਸਾਰੇ ਬੂਥਾਂ ਵਿੱਚ ਪਾਣੀ, ਪਖਾਨੇ, ਰੈਂਪ, ਵ੍ਹੀਲਚੇਅਰ ਵਰਗੀਆਂ ਚੀਜ਼ਾਂ ਦਾ ਪ੍ਰਬੰਧ ਕੀਤਾ ਜਾਵੇਗਾ। ਮੁੱਖ ਚੋਣ ਕਮਿਸ਼ਨਰ ਨੇ ਕਿਹਾ ਕਿ ਕਸ਼ਮੀਰ ਦੇ ਨੌਜਵਾਨਾਂ ਵਿੱਚ ਚੋਣਾਂ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਅਸੀਂ 20 ਅਗਸਤ ਨੂੰ ਜੰਮੂ-ਕਸ਼ਮੀਰ ਵਿੱਚ ਵੋਟਰ ਸੂਚੀ ਜਾਰੀ ਕਰਾਂਗੇ। ਉਥੋਂ ਦੇ ਲੋਕ ਤਸਵੀਰ ਬਦਲਦੇ ਦੇਖਣਾ ਚਾਹੁੰਦੇ ਹਨ। ਜੰਮੂ-ਕਸ਼ਮੀਰ ਵਿੱਚ 11,838 ਪੋਲਿੰਗ ਸਟੇਸ਼ਨ ਬਣਾਏ ਜਾਣਗੇ।



## ਪੰਜਾਬ 'ਚ ਅਜੇ ਨਹੀਂ ਹੋਣਗੀਆਂ ਜ਼ਿਮਨੀ ਚੋਣਾਂ, ਅਗਲੇ 6 ਮਹੀਨਿਆਂ ਤੱਕ ਟਲੀ ਵੋਟਿੰਗ

**ਚੰਡੀਗੜ੍ਹ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀਆਂ 5 ਵਿਧਾਨ ਸਭਾ ਸੀਟਾਂ ਉੱਤੇ ਜ਼ਿਮਨੀ ਚੋਣਾਂ ਹੋਣ ਵਾਲੀਆਂ ਸਨ ਪਰ ਮੁੱਖ ਚੋਣ ਅਧਿਕਾਰੀ ਵੱਲੋਂ ਕਿਹਾ ਗਿਆ ਹੈ ਕਿ ਪੰਜਾਬ ਵਿੱਚ ਅਜੇ ਜ਼ਿਮਨੀ ਚੋਣਾਂ ਨਹੀਂ ਹੋਣਗੀਆਂ। ਇਸ ਮੌਕੇ ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਵਾਤਾਵਰਨ ਅਨੁਕੂਲ ਹੋਣ ਦੇ ਕਾਰਨ ਇਹ ਚੋਣਾਂ ਨਹੀਂ ਹੋਣਗੀਆਂ ਕਿਉਂਕਿ ਕਈ ਸੂਬਿਆਂ ਵਿੱਚ ਮੌਸਮ ਖ਼ਰਾਬ ਹੈ। ਜ਼ਿਕਰ ਕਰ ਦਈਏ ਕਿ ਪੰਜਾਬ ਦੇ ਨਾਲ-ਨਾਲ ਦੇਸ਼ ਵਿੱਚ 46 ਥਾਵਾਂ ਉੱਤੇ ਵਿਧਾਨ ਸਭਾ ਲਈ ਤੇ 1 ਲੋਕ ਸਭਾ ਹਲਕੇ ਲਈ ਜ਼ਿਮਨੀ ਚੋਣਾਂ ਹੋਣੀਆਂ ਸਨ। ਦੱਸ ਦਈਏ ਕਿ ਹਰਿਆਣਾ ਵਿੱਚ ਵਿਧਾਨ ਸਭਾ ਚੋਣਾਂ ਦਾ ਐਲਾਨ ਹੋ ਗਿਆ ਹੈ। ਇੱਥੇ ਇੱਕ ਪੜਾਅ ਵਿੱਚ 90 ਵਿਧਾਨ ਸਭਾ ਸੀਟਾਂ ਲਈ ਚੋਣਾਂ ਹੋਣਗੀਆਂ। ਵੋਟਿੰਗ 1 ਅਕਤੂਬਰ ਨੂੰ ਹੋਵੇਗੀ ਅਤੇ 4 ਅਕਤੂਬਰ ਨੂੰ ਨਤੀਜਿਆਂ ਦਾ ਐਲਾਨ ਕੀਤਾ ਜਾਵੇਗਾ। ਇਸ ਦੇ ਨਾਲ ਹੀ ਜੇ ਜੰਮੂ ਕਸ਼ਮੀਰ ਦੀ ਗੱਲ ਕੀਤੀ ਜਾਵੇ ਤਾਂ ਇੱਥੇ 'ਚ 3 ਪੜਾਵਾਂ 'ਚ 18 ਸਤੰਬਰ, 25 ਸਤੰਬਰ ਅਤੇ 1 ਅਕਤੂਬਰ ਨੂੰ ਵੋਟਿੰਗ ਹੋਵੇਗੀ ਜਿਸ ਦੇ ਨਤੀਜੇ ਵੀ 4 ਅਕਤੂਬਰ ਨੂੰ ਐਲਾਨੇ ਜਾਣਗੇ। ਮਹਾਰਾਸ਼ਟਰ ਵਿੱਚ ਵੀ ਚੋਣਾਂ ਹੋਣ ਦੀ ਉਮੀਦ ਸੀ, ਹਾਲਾਂਕਿ ਕਮਿਸ਼ਨ ਨੇ ਅਜੇ ਤੱਕ ਇਸ ਰਾਜ ਵਿੱਚ ਵਿਧਾਨ ਸਭਾ ਚੋਣਾਂ ਕਰਵਾਉਣ ਦਾ ਐਲਾਨ ਨਹੀਂ ਕੀਤਾ ਹੈ। ਮਹਾਰਾਸ਼ਟਰ 'ਚ ਵਿਧਾਨ ਸਭਾ ਚੋਣਾਂ ਕਰਵਾਉਣ ਸੰਬੰਧੀ ਇੱਕ ਸਵਾਲ 'ਤੇ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ, 'ਪਿਛਲੀ ਵਾਰ ਮਹਾਰਾਸ਼ਟਰ ਤੇ ਹਰਿਆਣਾ ਵਿਧਾਨ ਸਭਾ ਚੋਣਾਂ ਇੱਕੋ ਸਮੇਂ ਹੋਈਆਂ ਸਨ। ਉਸ ਸਮੇਂ ਜੰਮੂ-ਕਸ਼ਮੀਰ ਵਿੱਚ ਸ਼ਾਮਲ ਨਹੀਂ ਸੀ। ਹਾਲਾਂਕਿ ਇਸ ਸਾਲ 4 ਚੋਣਾਂ ਹਨ ਤੇ 5ਵੀਂ ਚੋਣ ਵੀ ਜਲਦੀ ਹੀ ਹੋਣੀ ਹੈ। ਜਿਨ੍ਹਾਂ ਸੂਬਿਆਂ 'ਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ, ਉਨ੍ਹਾਂ 'ਚ ਜੰਮੂ-ਕਸ਼ਮੀਰ, ਹਰਿਆਣਾ, ਮਹਾਰਾਸ਼ਟਰ, ਝਾਰਖੰਡ ਅਤੇ ਦਿੱਲੀ ਸ਼ਾਮਲ ਹਨ। ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਸਪੱਸ਼ਟ ਕੀਤਾ ਕਿ ਸੁਰੱਖਿਆ ਬਲਾਂ ਦੀ ਲੋੜ ਦੇ ਆਧਾਰ 'ਤੇ ਚੋਣ ਕਮਿਸ਼ਨ ਨੇ ਦੋ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਇੱਕੋ ਸਮੇਂ ਕਰਵਾਉਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਮਹਾਰਾਸ਼ਟਰ ਵਿੱਚ ਭਾਰੀ ਮੀਂਹ ਅਤੇ ਆਉਣ ਵਾਲੇ ਹਫ਼ਤਿਆਂ ਵਿੱਚ ਕਈ ਤਿਉਹਾਰਾਂ ਨੂੰ ਵੀ ਚੋਣਾਂ ਨਾ ਕਰਵਾਉਣ ਦੇ ਹੋਰ ਕਾਰਕਾਂ ਵਜੋਂ ਹਵਾਲਾ ਦਿੱਤਾ।




## ਪੰਜਾਬ ਪੁਲਸ ਦੀ ਵੱਡੀ ਸਫ਼ਲਤਾ, ਜੱਗੂ ਭਗਵਾਨਪੁਰੀਆ ਗੈਂਗ ਦੇ 4 ਮੈਂਬਰ ਹਥਿਆਰਾਂ ਨਾਲ ਗ੍ਰਿਫ਼ਤਾਰ

**ਨਵੀਂ ਦਿੱਲੀ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਗੈਂਗਸਟਰ ਜੱਗੂ ਭਗਵਾਨਪੁਰੀਆ ਗਿਰੋਹ ਦੇ ਚਾਰ ਮੈਂਬਰ ਗ੍ਰਿਫ਼ਤਾਰ ਕੀਤੇ। ਦਰਅਸਲ ਜਲੰਧਰ ਦਿਹਾਤੀ ਪੁਲਸ ਨੇ ਜਲੰਧਰ-ਬਟਾਲਾ ਹਾਈਵੇਅ 'ਤੇ 70 ਕਿਲੋਮੀਟਰ ਤੱਕ ਪਿੱਛਾ ਕਰਕੇ ਜੱਗੂ ਭਗਵਾਨਪੁਰੀਆ ਗਿਰੋਹ ਦੇ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਨਾਲ ਪੰਜਾਬ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਇਕ ਅੰਤਰਰਾਸ਼ਟਰੀ ਨੈੱਟਵਰਕ ਦਾ ਪਰਦਾਫਾਸ਼ ਹੋ ਗਿਆ ਹੈ। ਇਸ ਦੀ ਜਾਣਕਾਰੀ ਡੀ. ਜੀ. ਪੀ. ਪੰਜਾਬ ਗੌਰਵ ਯਾਦਵ ਵੱਲੋਂ ਐਕਸ 'ਤੇ ਦਿੱਤੀ ਗਈ। ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਗੈਂਗ ਜਰਮਨੀ ਵਿਚ ਰਹਿਣ ਵਾਲੇ ਅਮਨ ਉਰਫ਼ ਅੰਡਾ ਦੇ ਸੰਪਰਕ ਵਿਚ ਸੀ, ਜੋ ਕੌਮਾਂਤਰੀ ਸੰਬੰਧਾਂ ਦੀ ਵਰਤੋਂ ਕਰਕੇ ਪੰਜਾਬ ਵਿਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰ ਰਿਹਾ ਸੀ। ਗ੍ਰਿਫ਼ਤਾਰ ਕੀਤੇ ਗਏ ਚਾਰੋਂ ਮੈਂਬਰਾਂ ਕੋਲੋਂ ਇਕ ਰਿਵਾਲਵਰ, 2 ਪਿਸਤੌਲ, ਇਕ ਗਲਾਕ ਪਿਸਤੌਲ 9 ਐੱਮ. ਐੱਮ, 4 ਜ਼ਿੰਦਾ ਕਾਰਤੂਸ ਅਤੇ ਦੋ ਵਾਹਨ ਬਰਾਮਦ ਹੋਏ ਹਨ। ਮਾਨਯੋਗ ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੰਗਠਤ ਅਪਰਾਧ ਦੇ ਖ਼ਾਤਮੇ ਅਤੇ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਕਾਇਮ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਫੜੇ ਗਏ ਵਿਅਕਤੀਆਂ ਦੀ ਪਛਾਣ ਅਸਰਤ ਕੰਠ ਉਰਫ਼ ਸਾਬੀ, ਕਮਲਪ੍ਰੀਤ ਸਿੰਘ ਉਰਫ਼ ਕੋਮਲ ਬਾਜਵਾ, ਪਰਦੀਪ ਕੁਮਾਰ ਉਰਫ਼ ਗੋਰਾ ਅਤੇ ਗੁਰਮੀਤ ਰਾਜ ਉਰਫ਼ ਜੁਨੇਜਾ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਚਾਰ ਹਥਿਆਰ ਬਰਾਮਦ ਕੀਤੇ ਹਨ, ਜਿਨ੍ਹਾਂ ਵਿੱਚ ਇਕ ਚੀਨ ਦਾ ਬਣਿਆ 7.65 ਐੱਮ. ਐੱਮ. ਗਲਾਕ, ਦੋ .30 ਬੋਰ ਦਾ ਪਿਸਤੌਲ ਅਤੇ ਇਕ ਰਿਵਾਲਵਰ ਸਮੇਤ ਚਾਰ ਜ਼ਿੰਦਾ ਕਾਰਤੂਸ ਅਤੇ ਤਿੰਨ ਮੈਗਜ਼ੀਨਾਂ ਸਮੇਤ ਉਨ੍ਹਾਂ ਦੇ ਦੋ ਵਾਹਨ ਮਹਿੰਦਰਾ ਐਕਸ. ਯੂ. ਵੀ (ਪੀਬੀ-09-3039) ਅਤੇ ਬ੍ਰੇਜ਼ਾ ਵੀ ਜ਼ਬਤ ਕੀਤੇ ਹਨ, ਜਿੰਨਾ ਦੀ ਵਰਤੋਂ ਅਪਰਾਧ ਲਈ ਕੀਤੀ ਜਾ ਰਹੀ ਸੀ। ਡੀ. ਜੀ. ਪੀ. ਗੌਰਵ ਯਾਦਵ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਗਿਰੋਹ ਦੇ ਸਰਗਨਾ ਆਸਰਤ ਕੰਠ ਉਰਫ਼ ਸਾਬੀ ਨੇ ਮੰਨਿਆ ਕਿ ਜ਼ਬਤ ਕੀਤੇ ਗਏ ਹਥਿਆਰ ਜੱਗੂ ਭਗਵਾਨਪੁਰੀਆ ਗੈਂਗ ਦੇ ਗੁਰਗੇ ਅਮਨ ਉਰਫ਼ ਅੰਡਾ, ਜੋ ਇਸ ਸਮੇਂ ਜਰਮਨੀ ਵਿੱਚ ਰਹਿੰਦਾ ਹੈ, ਵੱਲੋਂ ਸਪਲਾਈ ਕੀਤੇ ਗਏ ਸਨ। ਇਹ ਹਥਿਆਰ ਬਟਾਲਾ ਵਾਸੀ ਸੰਜੂ ਉਰਫ਼ ਸਾਹਿਲ ਕੁਮਾਰ ਜ਼ਰੀਏ ਸਪਲਾਈ ਕੀਤੇ ਗਏ ਸਨ, ਜੋ ਇਸ ਸਮੇਂ ਜੇਲ੍ਹ ਵਿੱਚ ਹੈ। ਗ੍ਰਿਫ਼ਤਾਰ ਮੁਲਜ਼ਮ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਤਲ ਦੀ ਕੋਸ਼ਿਸ਼, ਗੈਰ-ਕਾਨੂੰਨੀ ਹਥਿਆਰ ਰੱਖਣ ਅਤੇ ਗੈਂਗ ਨਾਲ ਸਬੰਧਤ ਹਿੰਸਾ ਸਮੇਤ ਕਈ ਅਪਰਾਧਿਕ ਮਾਮਲਿਆਂ ਨਾਲ ਜੁੜੇ ਹੋਏ ਹਨ। ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦੇ ਹੋਏ ਐੱਸ. ਐੱਸ. ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਇਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੁਲਸ ਟੀਮਾਂ ਨੂੰ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਸ਼ੱਕੀ ਵਿਅਕਤੀ ਦੋ ਵਾਹਨਾਂ, ਇਕ ਮਹਿੰਦਰਾ ਐਕਸ. ਯੂ. ਵੀ. ਅਤੇ ਮਾਰੂਤੀ ਬਰੇਜ਼ਾ ਵਿੱਚ ਜਾ ਰਹੇ ਹਨ ਅਤੇ ਭੱਜਣ ਦੀ ਫ਼ਿਰਾਕ ਵਿੱਚ ਹਨ।



## ਸਿੱਧੂ ਮੂਸੇਵਾਲਾ ਕਤਲ ਕੇਸ ਦੇ ਚਸ਼ਮਦੀਦ ਗਵਾਹ ਨੇ ਦਿੱਤੀ ਗਵਾਹੀ, 30 ਅਗਸਤ ਨੂੰ ਹੋਵੇਗੀ ਅਗਲੀ ਪੇਸ਼ੀ



**ਮਾਨਸਾ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਮਾਮਲੇ ਵਿਚ ਲਾਰੈਂਸ ਬਿਸ਼ਨੋਈ, ਜੱਗੂ ਭਗਵਾਨਪੁਰੀਆ ਸਮੇਤ ਸਾਰੇ ਕਰੀਬ 27 ਮੁਲਜ਼ਮਾਂ ਨੇ ਵੀਡੀਓ ਕਾਨਫਰੰਸ ਰਾਹੀਂ ਪੇਸ਼ੀ ਭੁਗਤੀ। ਇਸ ਦੌਰਾਨ ਇਕ ਗਵਾਹ ਨੇ ਮਾਣਯੋਗ ਅਦਾਲਤ ਵਿਚ ਆਪਣੇ ਬਿਆਨ ਵੀ ਦਰਜ ਕਰਵਾਏ। ਜਿਸ ਦੇ ਬਾਕੀ ਬਿਆਨ ਅਦਾਲਤ ਵਿਚ 30 ਅਗਸਤ ਨੂੰ ਦਰਜ ਕੀਤੇ ਜਾਣਗੇ। ਜ਼ਿਕਰਯੋਗ ਹੈ ਕਿ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਮਾਮਲੇ ਨੂੰ ਲੈ ਕੇ ਰਾਜਨੀਤਿਕ ਆਗੂਆਂ ਵਲੋਂ ਦੇਸ਼ ਦੀ ਲੋਕ ਸਭਾ ਵਿਚ ਮੁੱਦਾ ਚੁੱਕਣ ਤੋਂ ਬਾਅਦ ਮਰਹੂਮ ਗਾਇਕ ਦੇ ਪਿਤਾ ਬਲਕੌਰ ਸਿੰਘ ਨੇ ਸਰਕਾਰੀ ਸਿਸਟਮ ਅਤੇ ਸਰਕਾਰਾਂ ਦੀ ਕਾਰਗੁਜਾਰੀ ਨੂੰ ਜ਼ਿੰਮੇਵਾਰ ਠਹਿਰਾਇਆ ਪਰ ਉਨ੍ਹਾਂ ਨਾਲ ਇਹ ਵੀ ਕਿਹਾ ਹੈ ਕਿ ਮਾਣਯੋਗ ਅਦਾਲਤ ਵਲੋਂ ਉਨ੍ਹਾਂ ਨੂੰ ਇਨਸਾਫ ਮਿਲਣ ਦੀ ਉਮੀਦ ਜਾਗੀ ਹੈ। ਇਸ ਦੇ ਚੱਲਦੇ ਅੱਜ ਲਾਰੈਂਸ ਬਿਸ਼ਨੋਈ ਸਮੇਤ 27 ਮੁਲਜ਼ਮਾਂ ਨੇ ਵੀਡੀਓ ਕਾਨਫਰੰਸ ਰਾਹੀਂ ਪੇਸ਼ੀ ਭੁਗਤੀ। ਕਿਹੜੇ ਗਵਾਹ ਨੇ ਮਾਣਯੋਗ ਅਦਾਲਤ ਵਿਚ ਬਿਆਨ ਦਰਜ ਕਰਵਾਏ ਹਨ, ਇਸ ਮਾਮਲੇ ਨੂੰ ਅਜੇ ਅਦਾਲਤ ਨੇ ਗੁਪਤ ਰੱਖਿਆ ਹੈ। ਇਸ ਮਾਮਲੇ 'ਚ ਮੁੜ ਪੇਸ਼ੀ 30 ਅਗਸਤ ਨੂੰ ਹੋਵੇਗੀ।


Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
**Khehra VAISHNO DHABA**
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ — ਾ ਕੰਨਾ — ਿ ਸਿਹਾਰੀ — ੀ ਬਿਹਾਰੀ
ੁ ਔਂਕੜ — ੂ ਦੁਲੈਂਕੜ — ੇ ਲਾਂ — ੈ ਦੁਲਾਵਾਂ
ੋ ਹੋੜਾ — ੌ ਕਨੌੜਾ — ੰ ਟਿੱਪੀ — ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF MACHINERY.


Dump Truck

HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

07715 1-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


ਬੰਦੀ ਸਿੰਘਾਂ 'ਅਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ
ਦੇ ਲਈ ਰੱਖੀ ਗਈ ਪੰਥਕ ਇਕੱਤਰਤਾ ਵਿੱਚ ਜ਼ਰੂਰ ਪਹੁੰਚੋ ਜੀ!
ਰੱਖੜ ਪੁੰਨਿਆ ਦੇ ਦਿਹਾੜੇ ਤੇ
ਬਾਬਾ ਬਕਾਲਾ ਸਾਹਿਬ ਜੀ ਵਿਖੇ
ਪੰਥਕ ਇਕੱਤਰਤਾ
19 ਅਗਸਤ 2024
ਸਮਾਂ ਸਵੇਰੇ 11ਵਜੇ ਤੋਂ
ਦੁਪਿਹਰੇ 3ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV


ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ
ਆਰੰਭ 20 ਜੁਲਾਈ 2024 ਤੋ 18 ਅਗਸਤ 2024 ਤੱਕ
Monday - Friday
6PM - 9PM
Saturday - Sunday
3PM - 5PM
6PM - 9PM
Bhog Shri Sehaj Path
Sunday 18th August 2024
Kirtan - Katha Darbar


SANT BEANT SINGH JI
BER KALAN WALE | UK TOUR 2024
FRI 26TH JULY - SUN 28TH JULY: SOUTHAMPTON
MON 29TH JULY - SUN 4TH AUGUST: SOUTHALL
MON 5TH AUGUST - SAT 10TH AUGUST: 7:00-8:00PM
GURU NANAK GURDWARA, LEICESTER, LE1 4LJ
SUN 11TH AUGUST: 1:00-2:00PM
GURU NANAK GURDWARA, LEICESTER, LE1 4LJ
WED 14TH AUGUST - 7:30-8:10PM:
GURU HAR RAI SAHIB GURDWARA, WEST BROMWICH, B70 6JW
SUN 18TH AUGUST - 2:00-3:00 PM:
GURU HAR RAI GURDWARA, WEST BROMWICH, B70 6JW
MON 19TH AUGUST - SUN 25TH AUGUST: 7:00-7:30AM &
6:45-7:30PM
SEDLEY STREET, WOLVERHAMPTON, WV2 3AJ
MON 26TH AUGUST - SUN 1ST SEPTEMBER: 7:30-8:15AM,
10:00-11:00AM & 7:15-8:00PM
BABA SANG GURDWARA, SMETHWICK, B66 1EE
SANT BEANT SINGH | WHATSAPP: +918530000006


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV



With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ
AWAZE QAUM
International Newspaper & WEB TV


ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਾਤਸ਼ਾਹ ਮਹਾਰਾਜ
ਜੀ ਦੇ ਸੰਪੂਰਨਤਾ ਦਿਵਸ ਨੂੰ ਸਮਰਪਿਤ
ਦਮਦਮੀ ਟਕਸਾਲ ਦੇ 13ਵੇਂ ਮੁਖੀ ਸੱਚਖੰਡਵਾਸੀ
ਧੰਨ ਧੰਨ ਸੰਤ ਬਾਬਾ ਕਰਤਾਰ ਸਿੰਘ ਖ਼ਾਲਸਾ
ਭਿੰਡਰਾਂਵਾਲਿਆਂ ਦੀ ਬਰਸੀ ਨੂੰ ਸਮਰਪਿਤ
ਸੱਚਖੰਡਵਾਸੀ ਸੰਤ ਬਾਬਾ ਕਰਤਾਰ ਸਿੰਘ ਖ਼ਾਲਸਾ ਭਿੰਡਰਾਂਵਾਲੇ
ਗੁਰਮਤਿ ਸਮਾਗਮ
17 ਅਗਸਤ 2024 ,ਸ਼ਨੀਵਾਰ ਸਵੇਰੇ 10 ਵਜੇ ਤੋਂ 2 ਵਜੇ ਤੱਕ
ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ Leicester, UK
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਭਿੰਡਰਾਂਵਾਲੇ ,ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾ (ਮਹਿਤਾ)
ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਨਿਸ਼ਕਾਮ ਸੇਵਕ ਜੱਥਾ
Leicester, UK
ਰਣਜੀਤ ਸਿੰਘ /07578711475
+44 7478804044
ਆਵਾਜ਼ਿ ਕੌਮ
AWAZE QAUM
International Newspaper & WEB TV
219 -227 CLARENDON PARK ROAD , LEICESTER , LE2 3AN


Gurdwara baba Sang Ji
Sampooranta divas
Dhan Dhan Sri Guru Granth Sahib Ji
Thursday 15 August 2024 – 5 pm
Arambh Sri Akhand Path Sahib
Saturday 17 August 2024 – 5pm
Bhog Sri Akhand Path Sahib
ANNUAL SALANA BARSI
SANT GIANI KARTAR SINGH
JI AND SATHAPNA DIWAS
DAMDAMI TAKSAL
15th - 17th AUGUST 2024
SANT GIANI KARTAR SINGH JI Khalsa
Bhindrawale
Baba Harnaam Singh Ji will be
attending the smagam on 17th
August from 8pm to 9pm
SANT BABA HARNAAM SINGH JI KHALSA
Mukhi Damdami Taksal
ਆਵਾਜ਼ਿ ਕੌਮ
AWAZE QAUM
International Newspaper & WEB TV
Gurdwara Baba Sang Ji 7-9 St Paul's Rd, Smethwick, B66 1EE
For more info contact – Bhai Devinder Singh 07452765165




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ੴ ਸਤਿਗੁਰ ਪ੍ਰਸਾਦਿ
ਧੰਨ ਧੰਨ ਸ੍ਰੀ ਗੁਰੂ ਅਮਰਦਾਸ ਮਹਾਰਾਜ ਜੀ ਦੇ 450 ਸਾਲਾ
ਜੋਤੀ ਜੋਤ ਗੁਰਪੁਰਬ ਨੂੰ ਸਮਰਪਿਤ
ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਇੰਗਲੈਂਡ ਦੀਆਂ ਸਮੂਹ
ਗੁਰਦੁਆਰਾ ਪ੍ਰਬੰਧਕ ਕਮੇਟੀਆਂ ਸਿੱਖ ਜਥੇਬੰਦੀਆਂ
ਅਤੇ ਸਮੂਹ ਸਿੱਖ ਸੰਗਤਾਂ ਦੇ ਸਹਿਯੋਗ ਨਾਲ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ ਸਮਾਗਮ 20 ਜੁਲਾਈ 2024 ਤੋਂ 18 ਅਗਸਤ 2024 ਤੱਕ
ਪ੍ਰੋਗਰਾਮ
ਸਮਾਪਤੀ ਸਮੇ ਸ਼ੁਕਰਾਨੇ ਵਜੋ ਸ੍ਰੀ ਸਹਿਜ ਪਾਠ ਦੇ ਭੋਗ
ਪਾਠ ਬੋਧ ....................12PM - 1PM
ਭੋਗ ਸ੍ਰੀ ਸਹਿਜ ਪਾਠ ....... 1PM - 2PM
ਕਥਾ, ਕੀਰਤਨ, ਕਵੀਸ਼ਰੀ ਵਾਰਾਂ
ਵਿਸ਼ੇਸ਼ ਹਾਜ਼ਰੀ
ਬੇਨਤੀ ਹੈ ਕਿ ਪਰਿਵਾਰਾ ਸਮੇਤ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।
ਗੁਰਦੁਆਰਾ ਗੁਰੂ ਹਰਿਰਾਏ ਸਾਹਿਬ ਜੀ 126, ਹਾਈ ਸਟਰੀਟ ਵੈਸਟ ਬੋਰਮਵਿਚ,
ਬਰਮਿੰਘਮ ਬੀ 706 ਜੇ ਡਬਲਿਊ, ਇੰਗਲੈਂਡ ਵਿਖੇ
ਸਮਾਗਮ ਜੂਨਿਟ ਦੇ ਵਿੱਚ ਹੋ ਰਿਹਾ ਹੈ ਜੀ।
ਅੰਮ੍ਰਿਤ ਸੰਚਾਰ
18 ਅਗਸਤ 2024 (ਐਤਵਾਰ) ਸਵੇਰੇ 9.00 ਵਜੇ
ਗੁਰਦੁਆਰਾ ਗੁਰੂ ਹਰਿਰਾਏ ਸਾਹਿਬ ਜੀ ਵਿਖੇ
ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ।


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਿੰਗ ਵੱਲੋਂ
ਵਿਸ਼ੇਸ਼ ਉਪਰਾਲਾ
ਮਾਤਾ ਗੁਜਰ ਕੌਰ ਜੀ ਵਿੱਦਿਅਕ ਭਲਾਈ ਸਕੀਮ ਤਹਿਤ
ਅੰਮ੍ਰਿਤਧਾਰੀ ਮਾਂ ਬਾਪ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਆਪਣੇ ਵਿੱਦਿਅਕ ਅਦਾਰਿਆਂ ਵਿੱਚ
ਪੜ੍ਹਾਈ ਮੁਫਤ ਅਤੇ ਆਪਣੇ ਕਾਲਜਾਂ ਵਿੱਚ ਦਿੱਤੇ ਜਾਣਗੇ ਵਿਸ਼ੇਸ਼ ਵਜੀਫ਼ੇ
ਵਿੱਦਿਆ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ ।
ਆਪਣੇ ਬੱਚਿਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਦਾਖਲ ਕਰਵਾਓ ਜੀ।
ਗੁਰੂ ਤੇਗ ਬਹਾਦਰ ਖਾਲਸਾ ਪਬਲਿਕ ਸਕੂਲ, ਕੈਂਥਲ
ਦਸ਼ਮੇਸ਼ ਸੀਨੀਅਰ ਸੈਕੰਡਰੀ ਸਕੂਲ, ਕਪਾਲਮੋਚਨ, ਯਮੁਨਾਨਗਰ
ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ, ਤਿਲੋਕੇਵਾਲਾ, ਸਿਰਸਾ
ਮਾਤਾ ਸੁੰਦਰੀ ਖਾਲਸਾ ਗਰਲਜ਼ ਕਾਲਜ, ਨਿਸਿੰਗ, ਕਰਨਾਲ
ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ, ਪੰਜੋਖਰਾ ਸਾਹਿਬ, ਅੰਬਾਲਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC




# ★ ਪੁਰਜ਼ੋਰ ਅਪੀਲ ★

ਦੇਸ਼ ਵਿਦੇਸ਼ ਵਿੱਚ ਵੱਸਦੇ ਪੰਥ ਦਰਦੀਆਂ ਅਤੇ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਅਤੇ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਬਾਬਾ ਬਕਾਲਾ ਸਾਹਿਬ ਵਿਖੇ 19 ਅਗਸਤ ਨੂੰ ਪੰਥਕ ਇਕੱਤਰਤਾ ਰੱਖੀ ਗਈ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਵਿਚੋਂ ਸਮਾਂ ਕੱਢਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਵੱਲੋਂ:-

**ਭਾਈ ਭੁਪਿੰਦਰ ਸਿੰਘ ਗੱਦਲੀ, ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ**
**ਅਤੇ ਸ਼ਮਸ਼ੇਰ ਸਿੰਘ ਪੱਧਰੀ**
**ਸਾਬਕਾ ਜ਼ਿਲ੍ਹਾ ਪ੍ਰੈਸ ਸਕੱਤਰ ( ਅੰਮ੍ਰਿਤਸਰ ), ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ**

ੴ

।। ਅਕਾਲ ਸਹਾਇ ।।

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ ।

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਪਾਸ ਸਨਿਮਰ ਬੇਨਤੀ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ, ਹਰਮਨ ਪਿਆਰੇ, ਪੰਥ ਅਤੇ ਕੌਮ ਦੇ ਦਰਦੀ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਦੇ ਪ੍ਰਧਾਨ

## ਭਾਈ ਪਰਮਜੀਤ ਸਿੰਘ ਖਾਲਸਾ

ਮਿਤੀ 10-08-2024 ਦਿਨ ਸ਼ਨੀਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੀ ਆਤਮਿਕ ਕਲਿਆਣਤਾ ਲਈ ਰੱਖੇ ਗਏ

## ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਮਿਤੀ 18-08-2024 ਦਿਨ ਐਤਵਾਰ ਨੂੰ ਸਵੇਰੇ 09:00 ਵਜੇ
ਸਾਡੇ ਗ੍ਰਹਿ ਨਿਵਾਸ #1535-ਡੀ, ਮਾਡਲ ਟਾਊਨ ਐਕਸਟੈਂਸ਼ਨ,
ਨੇੜੇ ਡਾ. ਪੰਮੀ ਸਿੰਘ ਹਸਪਤਾਲ, ਲੁਧਿਆਣਾ ਵਿਖੇ ਪਾਏ ਜਾਣਗੇ।
ਉਪਰੰਤ ਗੁਰਮਤਿ ਸਮਾਗਮ ਅਤੇ ਅੰਤਿਮ ਅਰਦਾਸ

## ਗੁਰਦੁਆਰਾ ਗੁਰ ਗਿਆਨ ਪ੍ਰਕਾਸ਼, ਜਵੱਦੀ ਟਕਸਾਲ, ਲੁਧਿਆਣਾ

ਵਿਖੇ ਦੁਪਹਿਰ 12:00 ਤੋਂ 2:00 ਵਜੇ ਤੱਕ ਹੋਵੇਗੀ। ਆਪ ਜੀ ਨੇ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਦੇ ਭਾਣੇ ਵਿੱਚ

| | | | |
|---|---|---|---|
| ਮੇਜਰ ਸਿੰਘ (ਸਕੱਤਰ ਜਨਰਲ) | ਬਲਜੀਤ ਸਿੰਘ ਬੀਤਾ (ਮੀਡੀਆ ਸਕੱਤਰ) | ਜਗਮੀਤ ਸਿੰਘ (ਪ੍ਰਧਾਨ ਲੁਧਿਆਣਾ) | ਜਸਪਾਲ ਸਿੰਘ (ਜ: ਸਕੱਤਰ) |
| ਸ਼ਿਸ਼ਪਾਲ ਸਿੰਘ ਮੀਰਾਂਕੋਟ (ਜ: ਸਕੱਤਰ) | ਸੁਰਜੀਤ ਸਿੰਘ ਰਿੰਕੂ (ਸਕੱਤਰ) | ਮਨਿੰਦਰਪਾਲ ਸਿੰਘ (ਸਕੱਤਰ) | ਮਨਦੀਪ ਸਿੰਘ (ਪ੍ਰਧਾਨ ਅੰਮ੍ਰਿਤਸਰ) |

## ਸਮੂਹ ਮੈਂਬਰ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ

ਮੋ: 98882-04854, 98723-30082, 98721-08744, 94175-01929

### ਬੀਬੀ ਸਰਨਜੀਤ ਕੌਰ ਮੈਬਰ ਸ਼੍ਰੋਮਣੀ ਕਮੇਟੀ ਵੱਲੋਂ

# ਪਿੰਡ ਕਾਂਝਲਾ ਦੇ ਬੱਚਿਆਂ ਨੂੰ ਗੱਤਕਾ ਕਿੱਟ ਭੇਟ ਕੀਤੀ



ਧੂਰੀ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਸੰਤ ਬਾਬਾ ਬਿਸਨ ਸਿੰਘ ਦੀ ਯਾਦ ਨੂੰ ਤਾਜਾ ਕਰਦਿਆਂ ਅੱਜ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਜਿਸ ਦੇ 16 ਅਗਸਤ ਨੂੰ ਭੋਗ ਪਾਏ ਜਾਣਗੇ । ਬਾਬਾ ਫਤਿਹ ਸਿੰਘ ਗੱਤਕਾ ਅਖਾੜਾ ਕਾਝਲਾ ਜਿਸ ਨੂੰ ਭਾਈ ਕੁਲਵੰਤ ਸਿੰਘ ਕਾਝਲਾ ਅਤੇ ਭਾਈ ਸਤਿਗੁਰੂ ਸਿੰਘ ਖਾਲਸਾ ਕਾਝਲਾ ਵੱਲੋ ਬੱਚਿਆ ਦੀ ਗੱਤਕਾ ਸਿਖਲਾਈ ਕਰਵਾਈ ਜਾਦੀ ਹੈ। ਜਿਸ ਨੂੰ ਦੇਖਦੇ ਹੋਏ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ ਮੈਂਬਰ ਸ਼੍ਰੋਮਣੀ ਕਮੇਟੀ ਹਲਕਾ ਧੂਰੀ ਅਤੇ ਸ੍ ਅਮਰੀਕ ਸਿੰਘ ਕਿਲਾ ਹਕੀਮਾਂ ਵੱਲੋ ਸਾਸਤਰਾਂ ਦੀ ਗੱਤਕਾ ਕਿੱਟ ਭੇਟ ਕੀਤੀ ਗਈ।ਇਸ ਮੌਕੇ ਗੁਰੂਦੁਆਰਾ ਝਿੜਾ ਸਾਹਿਬ ਦੇ ਪ੍ਰਧਾਨ ਸ੍ ਦਰਸਨ ਸਿੰਘ ਕਲੇਰ, ਭਾਈ ਮਲਕੀਤ ਸਿੰਘ ਮਨੈਜਰ, ਸ੍ ਦੀਦਾਰ ਸਿੰਘ ਕਾਂਝਲਾ,ਭਾਈ ਮੋਹਣ ਸਿੰਘ ਪ੍ਰਚਾਰਕ ਸ੍ਰੋਮਣੀ ਕਮੇਟੀ, ਭਾਈ ਮੰਗਾ ਸਿੰਘ ਪ੍ਰਚਾਰਕ ਅਤੇ ਭਾਈ ਦਰਸਨ ਸਿੰਘ ਬਰਨਾਲਾ ਪ੍ਰਚਾਰਕ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਸਿੱਖ ਸੰਗਤਾਂ ਹਾਜਰ ਸਨ।

### ਉਮਾ ਸ਼ੰਕਰ ਗੁਪਤਾ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਜੋਂ ਅਹੁਦਾ ਸੰਭਾਲਿਆ

# ਲੋਕ ਹਿਤ ਅਤੇ ਵਿਕਾਸ ਦੇ ਕੰਮਾਂ ਉੱਪਰ ਦਿੱਤਾ ਜਾਵੇਗਾ ਵਿਸ਼ੇਸ਼ ਧਿਆਨ - ਡਿਪਟੀ ਕਮਿਸ਼ਨਰ



**ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 16 ਅਗਸਤ ਕੁਲਜੀਤ ਸਿੰਘ ਖੋਖਰ** -2015 ਬੈਚ ਦੇ ਆਈ.ਏ.ਐੱਸ. ਅਧਿਕਾਰੀ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅੱਜ ਦੁਪਹਿਰ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਡਿਪਟੀ ਕਮਿਸ਼ਨਰ ਦਾ ਅਹੁਦਾ ਸੰਭਾਲਣ ਮੌਕੇ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਗੁਰਦਾਸਪੁਰ ਜ਼ਿਲ੍ਹੇ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਲੋਕ ਹਿਤ ਦੇ ਮਸਲਿਆਂ ਅਤੇ ਵਿਕਾਸ ਕਾਰਜਾਂ ਉੱਪਰ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਖ਼ੁਆਰ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਤੇ ਲੋੜਵੰਦ ਨੂੰ ਮਿਲੇ। ਉਨ੍ਹਾਂ ਕਿਹਾ ਕਿ ਇਸ ਸਰਹੱਦੀ ਜ਼ਿਲ੍ਹੇ ਦੀਆਂ ਮੁਸ਼ਕਲਾਂ/ਸਮੱਸਿਆਵਾਂ ਨੂੰ ਸਮਝ ਕੇ ਅਧਿਕਾਰੀਆਂ ਦੀ ਟੀਮ ਦੇ ਸਹਿਯੋਗ ਨਾਲ ਉਨ੍ਹਾਂ ਦਾ ਯੋਗ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨੇੜ ਭਵਿੱਖ ਵਿੱਚ ਹੋਣ ਵਾਲੀ ਡੇਰਾ ਬਾਬਾ ਨਾਨਕ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੂਰੀ ਤਰ੍ਹਾਂ ਨਿਰਪੱਖ ਤੇ ਸ਼ਾਂਤਮਈ ਮਹੌਲ ਵਿੱਚ ਕਰਵਾਇਆ ਜਾਵੇਗਾ।

ਸ੍ਰੀ ਉਮਾ ਸ਼ੰਕਰ ਗੁਪਤਾ ਇਸ ਤੋਂ ਪਹਿਲਾਂ ਸਥਾਨਕ ਸਰਕਾਰਾਂ ਵਿੱਚ ਬਤੌਰ ਡਾਇਰੈਕਟਰ ਸੇਵਾਵਾਂ ਨਿਭਾ ਰਹੇ ਸਨ।ਇਸ ਤੋਂ ਇਲਾਵਾ ਉਹ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕੇਂਦਰੀ ਸ਼ਾਸਤ ਪ੍ਰਦੇਸ ਚੰਡੀਗੜ੍ਹ ਵਿਖੇ ਵੀ ਸੇਵਾਵਾਂ ਨਿਭਾ ਚੁੱਕੇ ਹਨ। ਇੱਥੇ ਇਹ ਵੀ ਦੱਸਣਯੋਗ ਹੈ ਕਿ ਸ੍ਰੀ ਉਮਾ ਸ਼ੰਕਰ ਗੁਪਤਾ ਸਾਲ 2005 ਜ਼ਿਲ੍ਹਾ ਗੁਰਦਾਸਪੁਰ ਵਿਖੇ ਬਤੌਰ ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਵਜੋਂ ਵੀ ਸੇਵਾ ਨਿਭਾ ਚੁੱਕੇ ਹਨ।

ਇਸ ਤੋਂ ਪਹਿਲਾਂ ਪੰਜਾਬ ਪੁਲਿਸ ਦੇ ਜਵਾਨਾਂ ਵੱਲੋਂ ਸ੍ਰੀ ਉਮਾ ਸ਼ੰਕਰ ਗੁਪਤਾ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਪਹੁੰਚਣ 'ਤੇ ਗਾਰਡ ਆਫ਼ ਆਨਰ ਦਿੱਤਾ ਗਿਆ। ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਐੱਸ.ਡੀ.ਐੱਮ. ਬਟਾਲਾ ਸ੍ਰੀਮਤੀ ਸ਼ਾਇਰੀ ਭੰਡਾਰੀ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ, ਜ਼ਿਲ੍ਹਾ ਮਾਲ ਅਫ਼ਸਰ ਸ੍ਰੀ ਜਸਕਰਨ ਸਿੰਘ, ਡੀ.ਡੀ.ਪੀ.ਓ. ਸ੍ਰੀ ਸਤੀਸ਼ ਕੁਮਾਰ ਸਮੇਤ ਹੋਰ ਅਧਿਕਾਰੀਆਂ ਅਤੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਸਟਾਫ਼ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਦਾ ਨਿੱਘਾ ਸਵਾਗਤ ਕੀਤਾ ਗਿਆ।

### ਏਡਜ ਐਚ. ਆਈ. ਵੀ. ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ

# ਤਰਸਿੱਕਾ ਵਿੱਚ ਕੈਂਪ ਲਾਇਆ

**ਚੌਕ ਮਹਿਤਾ, 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਰਜਨ ਅੰਮ੍ਰਿਤਸਰ ਡਾ ਸੁਮੀਤ ਸਿੰਘ ਦੇ ਦਿਸ਼ਾ ਨਿਰਦੇਸ਼ਾ 'ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮੋਨਾ ਚਥਰਥ ਜੀ ਤੇ ਜਿਲ੍ਹਾ ਪ੍ਰੋਗਰਾਮ ਮੈਨੇਜਰ ਏਡਜ਼ ਸਿਵਲ ਹਸਪਤਾਲ ਅੰਮ੍ਰਿਤਸਰ ਮਨਪ੍ਰੀਤ ਕੌਰ ਦੀ ਅਗਵਾਈ ਵਿਚ ਐਚ ਆਈ ਵੀ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਸਥਾਨ ਪੱਤੀ ਮਲੂਕ ਸਿੰਘ ਪਿੰਡ ਤਰਸਿੱਕਾ ਬਲਾਕ ਤਰਸਿੱਕਾ ਵਿਖੇ ਕੈਂਪ ਲਗਾਇਆ ਗਿਆ। ਇਸ ਦੌਰਾਨ 200 ਦੇ ਕਰੀਬ ਲੋਕਾ ਨੇ ਓਪੀਡੀ ਦਾ ਲਾਭ ਲਿਆ ਤੇ ਆਈ. ਸੀ .ਟੀ .ਸੀ. ਦੀ ਟੀਮ ਵੱਲੋਂ ਐੱਚ ਆਈ ਵੀ/ਏਡਜ਼ ਦੇ ਟੈਸਟ ਕੀਤੇ ਗਏ। ਇਸ ਮੌਕੇ ਮੈਡੀਕਲ ਟੀਮ ਵਲੋਂ ਲੋਕਾਂ ਨੂੰ ਕਿਹਾ ਕਿ ਅਸੁਰਖਿਅਤ ਸਬੰਧ, ਲਾਗ ਵਾਲੀਆ ਸੂਈਆ, ਬਿਨਾ ਟੈਸਟ ਕੀਤੇ ਖੂਨ ਚੜਾਉਣਾ ਤੇ ਹੋਰ ਕਈ ਕਾਰਨ ਐਚਆਈਵੀ/ਏਡਜ਼ ਦਾ ਕਾਰਨ ਬਣ ਸਕਦੇ ਹਨ। ਇਸ ਲਈ ਲੋਕਾ ਨੂੰ ਇਸ ਪ੍ਰਤੀ ਜਾਗਰੂਕ ਹੋਣ ਦੀ ਲੋੜ ਹੈ।ਐਚਆਈਵੀ/ ਏਡਜ਼ ਜਾਗਰੂਕਤਾ ਮੁਹਿੰਮ ਹਰ ਬਲਾਕ ਤੱਕ ਪਹੁੰਚ ਕੇ ਲੋਕਾ ਨੂੰ ਐਚਆਈਵੀ/ਏਡਜ਼ ਪ੍ਰਤੀ ਜਾਗਰੂਕ ਕਰੇਗੀ।ਉਨ੍ਹਾ ਦੱਸਿਆ ਐਚਆਈਵੀ/ਏਡਜ਼ ਨੂੰ ਕੰਟਰੋਲ ਕਰਨ ਲਈ ਲੋੜੀਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੌਰਾਨ ਨੁਕੜ ਨਾਟਕ ਟੀਮ ਨੇ ਐਚਆਈਵੀ-ਏਡਜ਼ ਤੇ ਬਚਾਅ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਨਾਟਕ ਖੇਡਿਆ। ਇਸ ਮੌਕੇ ਐਸ ਐਸਕੇ ਦੀ ਟੀਮ ਵੱਲੋਂ ਵੀ ਸਹਿਯੋਗ ਦਿੱਤਾ ਗਿਆ। ਇਸ ਦੌਰਾਨ ਬਲਾਕ ਐਕਸਟੈਨਸ਼ਨ ਐਜੂਕੇਟਰ ਗੁਰਮੁਖ ਸਿੰਘ , ਅਜਮੇਰ ਸਿੰਘ ਐਸ ਐਮ ਆਈ ,ਰਵਿੰਦਰ ਸਿੰਘ ਐਸ ਆਈ, ਯੁਗੇਸ ਕੁਮਾਰ ਸੀ ਐਚ ਊ ,ਲਿੰਕ ਵਰਕਰ ਸਕੀਮ ਤੇ ਰਾਜਨ ਚਾਵਲਾ,,ਏ ਐਨ ਐਮ ਕਵਲਜੀਤ ਕੌਰ, ਮਨਬੀਰ ਸਿੰਘ ਮ ਪ ਹ ਵ (ਮੇਲ) ਮੈਡਮ ਟੀਨਾ , ਸੁਖਜੀਤ ਕੌਰ ਐਸ ਐਸ ਕੇ ਟੀਮ , ਜਸਬੀਰ ਕੌਰ ਆਸਾ ਫਸੀਲੀਟੇਟਰ, ਸਵਿਤਾ ਰਾਣੀ, ਕੁਲਦੀਪ ਕੌਰ, ਨੇਹਾ ਆਸ਼ਾ , ਹਾਜ਼ਰ ਸਨ।




### ਕਵਿਤਾ/ਗੀਤ

## ਇਹੋ ਜਿਹੀ ਅਜ਼ਾਦੀ ਕਿਸ ਕੰਮ ਦੀ ?



1947 ਵਿੱਚ ਜੱਦੀ ਮੁਰਬਿਆਂ ਦੀ ਜਾਇਦਾਦਾਂ ਸਾਥੋਂ ਲੁੱਟ ਕੇ
ਖਾਲਸਾ ਰਾਜ ਦੀਆਂ ਦੌਲਤਾਂ ਸ਼ੋਹਰਤਾਂ ਨੂੰ ਸਾਥੋਂ ਖੋਹ ਕੇ

ਦੇਸ਼ ਪੰਜਾਬ ਨੂੰ ਵੱਖ-ਵੱਖ ਹਿੱਸਿਆਂ ਵਿੱਚ ਵੰਡ ਕੇ
ਸਾਡੇ ਦੇਸ਼ ਪੰਜਾਬ ਦੇ ਪਾਣੀਆਂ ਨੂੰ ਲੁੱਟ ਕੇ

ਸ਼੍ਰੀ ਗੁਰੂ ਗਰੰਥ ਸਾਹਿਬ ਦੀਆਂ ਬੇਅਦਬੀਆਂ ਕਰਵਾ ਕੇ
ਗੁਰੂਧਾਮਾਂ ਉੱਤੇ ਗੈਰ ਸਿੱਖਾਂ ਦਾ ਕਬਜਾ ਜਮਾ ਕੇ

1984 ਵਿੱਚ ਬਲਿਉ ਸਟਾਰ ਉਪਰੇਸ਼ਨ ਕਰਵਾ ਕੇ
ਘਲੂਘਾਰੇ ਵਿੱਚ ਸਿੱਖਾਂ ਨੂੰ ਸ਼ਹੀਦ ਕਰਵਾ ਕੇ

ਧੀਆਂ ਦੀ ਸ਼ਰੇਆਮ ਬੇਪੱਤੀਆਂ ਕਰਵਾ ਕੇ
ਮਾਵਾਂ ਦੇ ਪੁੱਤ ਖਾੜਕੂ ਕਹਿ ਕਤਲ ਕਰਵਾ ਕੇ

ਡਿਗਰੀਆਂ ਲੈ ਕੇ ਵੀ ਬੇਰੋਜ਼ਗਾਰੀ ਦੇ ਧੱਕੇ ਖਵਾ ਕੇ
ਸਰਕਾਰੀ ਨੌਕਰੀਆਂ ਲਈ ਧਰਨੇ ਲਗਵਾ ਕੇ

ਨਸ਼ਿਆਂ ਨਾਲ ਘਰਾਂ ਦੇ ਘਰ ਉਜਾੜ ਕੇ
ਬੰਦੀ ਸਿੰਘਾਂ ਨੂੰ ਜੇਲ੍ਹਾਂ ਵਿੱਚ ਕੈਦ ਕਰਵਾ ਕੇ

ਸਿੱਖ ਕੌਮ ਨੂੰ ਗੁਲਾਮ ਬਣਾ ਕੇ
ਸਿੱਖ ਕੌਮ ਦੀ ਨਸਲਕੁਸ਼ੀ ਕਰਵਾ ਕੇ

ਕਹਿੰਦੇ ਨੇ 15 ਅਗਸਤ ਨੂੰ ਅਜ਼ਾਦੀ ਮਨਾਉ
ਦੱਸੋ ਇਹੋ ਜਿਹੀ ਅਜ਼ਾਦੀ ਕਿਸ ਕੰਮ ਦੀ ?

ਅਜ਼ਾਦੀ ਤਾਂ ਉਨਾਂ ਨੂੰ ਮਿਲੀ
ਜਿੰਨ੍ਹਾਂ ਨੇ ਖੇਡੇ ਕਤਲੋਗਾਰਦ ਦੇ ਖੇਡ

ਜਿਹੜੇ ਸੱਤਾ 'ਤੇ ਕਾਬਜ ਹੋ ਗਏ
ਅਜ਼ਾਦੀ ਦੀ ਖੁਸ਼ੀ ਉਹ ਮਨਾਉਣ

ਸਾਥੋਂ ਮਜ਼ਲੂਮਾਂ ਦੀਆਂ ਲਾਸ਼ਾਂ ਤੇ ਖੜ
ਜਸ਼ਨ ਨਹੀਂ ਮਣਾ ਹੁੰਦੇ

ਕੀਰਣੇ 'ਤੇ ਵੈਣਾ ਦੀਆਂ ਚੀਖਾਂ ਸੁਣ
ਮਾਨ ਨਾਲ ਸਿਰ ਚੁੱਕ ਨਹੀਂ ਹੁੰਦੇ

ਜਦੋਂ ਆਪਣਾ ਖਾਲਸਾ ਰਾਜ ਹੋਵੇਗਾ
ਸਿੱਖਾਂ ਦਾ ਆਪਣਾ ਘਰ ਹੋਵੇਗਾ

ਉੱਥੇ ਹਰ ਕਿਸੇ ਦਾ ਸਤਿਕਾਰ ਹੋਵੇਗਾ
ਸਭ ਧਰਮਾਂ ਨੂੰ ਬਰਾਬਰ ਦਾ ਅਧਿਕਾਰ ਹੋਵੇਗਾ

ਫਿਰ ਅਜ਼ਾਦੀ ਅਸੀਂ ਵੀ ਮਨਾਵਾਂਗੇ
ਖਾਲਸਾ ਰਾਜ ਦੇ ਪਰਚਮ ਲਹਿਰਾਵਾਂਗੇ

ਅਜੇ ਨਾ ਕਹੋ ਸਾਨੂੰ ਅਜ਼ਾਦੀ ਮਨਾਉਣ ਲਈ
ਹਰ 15 ਅਗਸਤ 'ਤੇ ਜਖਮ ਅੱਲੇ ਹੋ ਜਾਂਦੇ ਨੇ

ਹਰ ਜ਼ਖਮ ਸਿਰਫ ਇਹ ਹੀ ਦੁਹਾਈ ਪਾਉਂਦਾ ਹੈ
ਦੱਸੋ ਇਹੋ ਜਿਹੀ ਅਜ਼ਾਦੀ ਕਿਸ ਕੰਮ ਦੀ ?

**-ਰਸ਼ਿਪੰਦਰ ਕੌਰ ਗਿੱਲ**
**ਸੰਸਥਾਪਕ, ਪ੍ਰਧਾਨ-ਪੀਘਾਂ ਸੋਚ ਦੀਆਂ ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ**
**+91-9888697078**

## ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ: ਅਮਿਤ ਗੁਪਤਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ 78ਵੇਂ ਆਜ਼ਾਦੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਮੁਬਾਰਕਾਂ ਦਿੰਦਿਆਂ ਅਮਿਤ ਗੁਪਤਾ ਐਸ,ਡੀ,ਐਮ ਧੂਰੀ ਨੇ ਬੇਨੜਾ ਕਾਲਜ ਵਿਖੇ ਝੰਡੇ ਦੀ ਰਸਮ ਨੂੰ ਪੂਰਾ ਕਰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸ, ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਸਮੇਤ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ ਸਮੇਂ 'ਤੇ ਆਰੰਭੇ ਸ਼ੰਘਰਸ਼ਾਂ ਅਤੇ ਕੁਰਬਾਨੀਆਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਇਸ ਮੌਕੇ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਸਤਿੰਦਰ ਸਿੰਘ ਚੱਠਾ,ਚੇਅਰਮੈਨ ਅਸ਼ੋਕ ਕੁਮਾਰ ਲੱਖਾ ਸੰਦੀਪ ਤਾਇਲ ਪੱਪੂ ਜੌਲੀ, ਪੁਸਪਾ ਤਾਇਲ ,ਸਰਪੰਚ ਗੁਰਪਿਆਰ ਧੂਰਾ, ਬਲਾਕ ਪ੍ਰਧਾਨ ਸੁਖਪਾਲ ਪਾਲਾ, ਨਾਹਰ ਸਿੰਘ ਮੀਮਸਾ, ਹੈਪੀ ਗੋਇਲ, ਨਰੇਸ ਸਿੰਗਲਾ, ਬਲਜੀਤ ਕੌਰ ਐਮ,ਸੀ, ਰਮਨਦੀਪ ਸਿੰਘ, ਸਿਕੰਦਰ ਸਿੰਘ ਘਨੌਰ,ਲਾਭ ਸਿੰਘ, ਮਣੀ ਐਮ,ਸੀ, ਸਾਧੂ ਐਮ, ਸੀ,ਅਮਰੀਕ ਸਿੰਘ ਸਿੱਧੂ, ਡਾਕਟਰ ਅਸ਼ੋਕ ਕੁਮਾਰ, ਜਸਵਿੰਦਰ ਸਿੰਘ ਸੰਧੂ, ਬਲਜੀਤ ਕੌਰ ਸਿੱਧੂ ਪੇਧਨੀ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁ: ਗੁਰੂ ਹਰਿਗੋਬਿੰਦ ਸਾਹਿਬ ਗੁਰੂਸਰ ਸੁਧਾਰ ਦਾ ਸੰਖੇਪ ਇਤਿਹਾਸ



**ਗੁਰੂ ਹਰਿਗੋਬਿੰਦ ਸਾਹਿਬ ਜੀ** ਜਗਤ ਜਲੰਦੇ ਨੂੰ ਤਾਰਦੇ ਹੋਏ ਆਪਣੇ ਸੂਰਬੀਰ ਯੋਧਿਆਂ ਸਮੇਤ 2200 ਘੋੜ-ਸਵਾਰ ਤਿਆਰ ਬਰ ਤਿਆਰ ਫੌਜਾਂ ਨਾਲ ਨਗਰ "ਗੁਰੂਸਰ ਸੁਧਾਰ" ਵਿਖੇ ਗੁਰੂ ਹਰਿਗੋਬਿੰਦ ਸਾਹਿਬ ਜੀ 13 ਸਾਵਣ ਸੰਮਤ ( 1688 ) ਨੂੰ ਪਹੁੰਚੇ ਸਨ ਜਿੱਥੇ ਮੀਰੀ ਪੀਰੀ ਦੇ ਮਾਲਕ ਦੇ ਦਰਸ਼ਨਾਂ ਲਈ ਸੰਗਤਾਂ ਕਾਬਲ, ਕੰਧਾਰ, ਲਾਹੌਰ ਅਤੇ ਦੇਸ਼ ਵਿਚੋਂ ਦੂਰ ਦਰਾਡੇ ਤੋਂ ਇਸ ਪਾਵਨ ਅਸਥਾਨ (ਗੁਰੂਸਰ ਸੁਧਾਰ) ਦੀ ਧਰਤੀ ਉੱਪਰ ਗੁਰੂ ਹਰਿਗੋਬਿੰਦ ਸਾਹਿਬ ਦੇ ਚਰਨਾਂ ਵਿਚ ਆਣ ਕੇ ਨਤਮਸਤਕ ਹੁੰਦੀਆਂ, ਮੀਰੀ-ਪੀਰੀ ਦੇ ਮਾਲਕ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪੋਤਰੇ, ਸਾਹਿਬ-ਏ-ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਛੱਡਣ ਤੋਂ ਬਾਅਦ ਚਮਕੌਰ ਸਾਹਿਬ, ਮਾਛੀਵਾੜਾ, ਆਲਮਗੀਰ ਮੋਹੀ ਅਤੇ ਗੁਰੂਸਰ ਸੁਧਾਰ ਆਪਣੇ ਪੂਜਨੀਕ ਦਾਦਾ ਜੀ, ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਇਸ ਪਾਵਨ ਅਸਥਾਨ ਅੱਗੋਂ ਦੀ ਨਤਮਸਤਕ ਹੋ ਕੇ ਰਾਏਕੋਟ ਨੂੰ ਗਏ ਸਨ !

ਗੁਰਦੁਆਰਾ ਸਾਹਿਬ ਦੀ ਹਦੂਦ ਅੰਦਰ ਬਹੁਤ ਹੀ ਸੁੰਦਰ ਸਰੋਵਰ ਸਥਿਤ ਹੈ, ਜਿੱਥੇ ਮੀਰੀ-ਪੀਰੀ ਦੇ ਦਾਤੇ ਬੰਦੀ ਛੋੜ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ, ਭਾਈ ਬਿਧੀ ਚੰਦ ਜੀ ਵਰਗੇ ਬ੍ਰਹਮ ਗਿਆਨੀ ਅਤੇ ਸਤਿਗੁਰੂ ਜੀ ਨਾਲ ਅਨੇਕਾਂ ਸੂਰਬੀਰ ਜੋਧੇ ਇਸ਼ਨਾਨ ਕਰਦੇ ਰਹੇ, ਉਹ ਪਾਵਨ ਪਾਣੀ ਵਾਲੀ ਢਾਬ" ਗੁਰੂ ਸਾਹਿਬ ਅਤੇ ਸਿੰਘ ਸੂਰਮਿਆਂ ਦੀ ਨਿਸ਼ਾਨੀ ਅੱਜ ਸਰੋਵਰ ਦੇ ਰੂਪ ਵਿਚ ਜਿਸ ਦੇ ਸੰਗਤਾਂ ਦਰਸ਼ਨ ਕਰਦੀਆਂ ਅਤੇ ਇਸ਼ਨਾਨ ਕਰ ਕੇ ਆਪਣੇ ਤਨ-ਮਨ ਦੇ ਰੋਗ ਦੂਰ ਕਰਦੀਆਂ ਹਨ ! ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋ ਇਸ ਇਲਾਕੇ ਨੂੰ ਅਨੇਕਾ ਵਰ ਦਿੱਤੇ ਪਾਵਨ ਪਵਿੱਤਰ ਚਰਨਾਂ ਦੇ ਜੋੜਾ ਜੀ ਸਾਹਿਬ ਦੀ ਬਖ਼ਿਸਸ਼ ਪ੍ਰੇਮ ਵਿਚ ਭਿੱਜੀ ਰੂਹ, ਭਾਈ ਪ੍ਰੇਮਾ ਜੀ ਨੂੰ ਬਖਸ਼ਿਸ਼ ਕੀਤਾ ਜੋ ਅੱਜ ਵੀ ਨਗਰ ਸੁਧਾਰ ਵਿੱਖੇ ਮਜੂਦ ਹੈ ! ਗੁਰੂ ਸਾਹਿਬ ਨੇ ਬਾਬਾ ਬਿੰਧੀ ਚੰਦ ਜੀ ਨੂੰ ਕਾਬੁਲ ਪੇਸ਼ਾਵਰ ਤੋਂ ਭਾਈ ਬਖਤ ਮੱਲ, ਭਾਈ ਤਾਰਾ ਚੰਦ, ਅਤੇ ਭਾਈ ਦਿਆਲ ਚੰਦ ਸਿੱਖ ਸੰਗਤਾਂ ਵੱਲੋਂ ਦਰਿਆ ਵਿੱਚ ਬੇੜੀ ਖਿੱਚਣ ਵਾਲੇ ਤੈਰਾਕੀ ਘੋੜਿਆਂ ਦੀ ਨਸਲ ਦੇ ਦੋ ਘੋੜੇ ਦਿਲਬਾਗ ਤੇ ਗੁਲਬਾਗ ਸਿੱਖ ਸੰਗਤ ਪਾਸੋ ਜਬਰ-ਦਸਤੀ ਖੋਹੇ ਘੋੜੇ ਲੈਣ ਲਈ ਥਾਪੜਾ ਦੇ ਕੇ (ਗੁਰੂਸਰ ਸੁਧਾਰ) ਤੋ ਲਹੌਰ ਭੇਜਿਆ ਗਿਆ ਗੁਰੂ ਸਾਹਿਬ ਦਾ ਥਾਪੜਾ ਲੈ ਕੇ ਬਾਬਾ ਬਿਧੀ ਚੰਦ ਜੀ ਗੁਰੂਸਰ ਸੁਧਾਰ ਦੀ ਧਰਤੀ ਤੋਂ ਲਾਹੌਰ ਲਈ ਇਨੀ ਚਾਓ ਤੇ ਕਾਹਲੀ ਨਾਲ ਨਿਕਲੇ ਕਿ ਗੁਰੂ ਸਾਹਿਬ ਨੇ ਖੁਸ਼ੀ ਅੰਦਰ ਆਣ ਕੇ ਬਚਨ ਕੀਤਾ ਕਿ ਸਾਡਾ ਪਿਆਰਾ ਸੂਰਮਾ ਭਾਈ ਬਿਧੀ ਚੰਦ ਲਾਹੌਰ ਤੋ ਗੁਰੂ ਘਰ ਦੇ ਘੋੜੇ ਲੈ ਕੇ ਆਉਣ ਲਈ ਉੱਡਣ ਖਟੋਲਾ ਹੋ ਗਿਆ ਅਤੇ ਸਮਾਂ ਆਉਣ ਤੇ ਗੁਰੂਸਰ ਸੁਧਾਰ ਦੀ ਧਰਤੀ ਤੋ ਉੱਡਣ ਖਟੋਲੇ ਭਾਵ (ਜਹਾਜ) ਉੱਡਿਆ ਕਰਨਗੇ, ਜੋ ਤੁਸੀਂ ਅੱਜ ਵੀ ਦੇਖ ਸਕਦੇ ਹੋ ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ ਇੰਡੀਅਨ ਏਅਰ ਫੋਰਸ ਹਲਵਾਰਾ ਪੂਰੇ ਭਾਰਤ ਖੰਡ ਅੰਦਰ ਆਪਣਾ ਨਾਮ ਬਣਾ ਚੁੱਕਿਆ ਇਸ ਏਅਰ ਫੋਰਸ ਸਟੇਸ਼ਨ ਤੋਂ ਅੱਜ ਵੀ ਜਹਾਜ ਲਾਹੌਰ ਵੱਲ ਨੂੰ ਮੂੰਹ ਕਰਕੇ ਉਡਾਨ ਭਰਦੇ ਹਨ। ਅਤੇ ਹੁਣ ਗੁਰੂ ਸਾਹਿਬ ਦੇ ਭਵਿੱਖਤ ਬਚਨਾ ਕਰਕੇ ਹੀ ਇਸ ਪਾਵਨ ਪਵਿੱਤਰ ਨਗਰ ਦੀ ਗੋਦ ਅੰਦਰ ਇੰਟਰਨੈਸ਼ਨਲ ਏਅਰਪੋਰਟ ਐਤੀਆਣਾ ਵਿਖੇ ਉਸਾਰੀ ਅਧੀਨ ਹੈ ਜੋ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਬਚਨ ਸੱਚ ਹੋਏ

ਜਿਹੜੇ ਗੁਰਸਿੱਖ ਸ਼ਰਧਾ ਧਾਰ ਕੇ ਇਸ ਅਸਥਾਨ ਤੇ ਆ ਕੇ ਸੇਵਾ ਕਰਨਗੇ ਗੁਰਬਾਣੀ ਪੜ੍ਹਨਗੇ ਉਹਨਾਂ ਦੀਆਂ ਮਨ ਦੀਆਂ ਮੁਰਾਦਾਂ ਪੂਰੀਆਂ ਹੋਣਗੀਆਂ,

ਇਹਨਾਂ ਅਸਥਾਨਾਂ ਤੇ ਪੁਰਾਤਨ ਸਮੇਂ ਵਿੱਚ ਜੋ ਗੁਰਸਿੱਖ ਪਰਿਵਾਰ ਘੋੜੇ, ਘੋੜੀਆਂ ਰੱਖਦੇ ਸਨ ਉਹ ਇਸ ਅਸਥਾਨ ਉੱਪਰ ਆ ਕੇ ਆਪਣੇ ਘੋੜਿਆਂ ਦੇ ਵਾਧੇ ਲਈ ਅਰਦਾਸਾਂ ਬੇਨਤੀਆਂ ਕਰਦੇ ਅਤੇ ਘੋੜਿਆਂ ਨੂੰ ਇਸ ਅਸਥਾਨ ਤੇ ਲਿਆ ਕੇ ਨਤਮਸਤਕ ਕਰਵਾਇਆ ਕਰਦੇ ਸਨ। ਗੁਰੂ ਸਾਹਿਬ ਦੀ ਕਿਰਪਾ ਨਾਲ ਉਹਨਾਂ ਦੇ ਪਰਿਵਾਰਾਂ ਵਿੱਚ ਘੋੜਿਆਂ ਦਾ ਵਾਧਾ ਹੁੰਦਾ ਸੀ।

ਗੁਰੂ ਸਾਹਿਬ ਨੇ ਆਪਣੇ ਸਿੱਖਾ ਨਾਲ ਇਹ ਬਚਨ ਵੀ ਕੀਤਾ ਕਿ ਸਦੀਵੀ ਕਾਲ ਸਾਡਾ ਨਿਵਾਸ ਸੁਧਾਰ ਦੀ ਧਰਤੀ ਤੇ ਹੋਵੇਗਾ। ਸਰਧਾ ਵਾਲਿਆ ਨੂੰ ਸਾਡੇ ਦਰਸ਼ਨ ਹੋਣਗੇ ਜੋ ਵੀ ਸਿੱਖ ਸਾਡੇ ਇੱਸ ਜੋੜੇ ਦੇ ਸਨਮੁੱਖ ਹੋ ਕੇ ਦਿਲੋਂ ਅਰਦਾਸ ਕਰੋ ਉਸਦੇ ਮਨ ਦੀ ਭਾਵਨਾ ਪੂਰੀ ਹੋਵੇਗੀ,

ਗੁਰੂ ਸਾਹਿਬ ਜੀ ਦੀ ਕ੍ਰਿਪਾ ਸਦਕਾ ਅੱਜ ਗੁਰੂਸਰ ਸੁਧਾਰ ਵਿਦਿਆ ਦੇ ਖੇਤਰ ਦਾ ਗੜ੍ਹ ਮੰਨਿਆ ਜਾਦਾ ਜਿੱਥੇ ਵਿਦਿਅਕ ਅਦਾਰੇ ਸਕੂਲ, ਬੀਐਡ ਕਾਲਜ, ਫਾਰਮੇਸੀ ਐਜੂਕੇਸਨ ਕਾਲਜ, ਮਿੰਨੀ ਯੂਨੀਵਰਸੀਟੀ ਜੋ ਗੁਰੂ ਹਰਿਗੋਬਿੰਦ ਸਾਹਿਬ ਦੇ ਨਾਂਅ (ਜੀ, ਐਚ, ਜੀ ਖਾਲਸਾ ) ਤੇ ਪੰਜਾਬ ਵਿੱਚ ਵਿਦਿਆ ਦਾ ਚਾਨਣ ਮੁਨਾਰਾ ਹਨ, ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਪਾਵਨ ਬਖਸ਼ਿਸ ਧਰਤੀ ਜਿੱਥੇ ਗੁਰੂ ਸਾਹਿਬ ਇਸ ਇਲਾਕੇ ਵਿੱਚ ਲੰਬਾ ਸਮਾਂ ਕਈ ਮਹੀਨੇ ਨਿਵਾਜੇ ਅਤੇ ਧਰਤੀ ਦੇ ਚੱਪੇ-ਚੱਪੇ ਤੇ ਆਪਣੇ ਚਰਨ ਪਾ ਕੇ ਧਰਤੀ ਨੂੰ ਪੂਜਣ ਜੋਗਾ ਕਰ ਦਿੱਤਾ !

**-ਸ: ਗੁਰਜੰਟ ਸਿੰਘ ਖਾਲਸਾ**
**ਅਵਾਜ਼ਿ ਕੌਮ TV England**

## 78ਵਾਂ ਅਜਾਦੀ ਦਿਹਾੜਾ ਸੈਂਟ ਸੋਲਜਰ ਇਲੀਟ ਸਕੂਲ ਵਿਖੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ

# ਦੇਸ਼ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਕੁਰਬਾਨੀ ਦਾ ਮੁੱਲ ਨਹੀਂ ਚੁਕਾਇਆ ਜਾ ਸਕਦ ਡਾ: ਮੰਗਲ ਸਿੰਘ ਕਿਸ਼ਨਪੁਰੀ



**ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ)**-ਕੁਰਬਾਨੀਆਂ ਨੂੰ ਸਲਾਮ ਕਰਦੇ ਹੋਏ ਅਤੇ ਸਖ਼ਤ ਮਿਹਨਤ ਨਾਲ ਪ੍ਰਾਪਤ ਕੀਤੀ ਅਜ਼ਾਦੀ ਦਾ ਜਸ਼ਨ ਮਨਾਉਣ ਲਈ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਦੇਸ਼ ਦਾ 78ਵਾਂ ਅਜਾਦੀ ਦਿਹਾੜਾ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਆਜ਼ਾਦੀ ਪ੍ਰਾਪਤੀ ਲਈ ਦੇਸ਼ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਭ ਤੋਂ ਪਹਿਲਾਂ ਸਕੂਲ ਦੇ ਐਮਡੀ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਵੱਲੋਂ ਦੇਸ਼ ਦਾ ਰਾਸ਼ਟਰੀ ਝੰਡਾ ਲਹਿਰਾਇਆ ਗਿਆ । ਉਪਰੰਤ ਕਿੰਡਰ ਗਾਰਟਨ ਸੈਕਸ਼ਨ ਦੇ ਛੋਟੇ ਛੋਟੇ ਬੱਚਿਆਂ ਨੇ ਦੇਸ਼ ਭਗਤੀ ਦੇ ਸੁਰੀਲੇ ਗੀਤ ਗਾਏ ਜਿਸ ਨਾਲ ਸਾਰਾ ਹੀ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ਸਾਰੇ ਹੀ ਬੱਚਿਆਂ ਨੇ ਤਿਰੰਗੇ ਝੰਡੇ ਦੇ ਰੰਗ ਕੇਸਰੀ ,ਚਿੱਟਾ ਅਤੇ ਹਰੇ ਰੰਗ ਦੇ ਕੱਪੜੇ ਪਹਿਨ ਕੇ ਦੇਸ਼ ਭਗਤੀ ਦੀ ਭਾਵਨਾ ਨੂੰ ਦਰਸਾਇਆ। ਇਸ ਉਪਰੰਤ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਸਕੂਲ ਦੇ ਪੰਜ ਹਾਊਸਾਂ ਦੇ ਕੋਰੇਇਓਗਰਾਫੀ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਕੋਰਿਉਂਗਰਾਫੀਆਂ ਦੇ ਥੀਮ ਵਿੱਚ ਦੇਸ਼ ਨੂੰ ਅੰਗਰੇਜ਼ਾਂ ਦੇ ਰਾਜ ਤੋਂ ਛੁਟਕਾਰਾ, ਅਤੇ ਨਾਲ ਨਾਲ ਅੱਜ ਦੀਆਂ ਮੌਜੂਦਾ ਬੁਰਾਈਆਂ ਜਿਵੇਂ ਰੁੱਖਾਂ ਦੀ ਕਟਾਈ, ਵਾਤਾਵਰਨ ਵਿਚ ਗਿਰਾਵਟ, ਪਾਣੀ ਦੀ ਬਰਬਾਦੀ, ਰਾਜਨੀਤੀ ਵਿੱਚ ਭ੍ਰਿਸ਼ਟਾਚਾਰ ਤੋਂ ਵੀ ਅਜਾਦੀ ਸ਼ਾਮਿਲ ਸੀ। ਅਤੇ ਨਾਲ ਹੀ ਦੇਸ਼ ਭਗਤੀ ਦੇ ਜਜ਼ਬੇ ਨੂੰ ਵੀ ਵਿਸ਼ੇ ਵਜੋਂ ਲਿਆ ਗਿਆ। ਇਹਨਾਂ ਮੁਕਾਬਲਿਆਂ ਵਿਚ ਜਜਮੈਂਟ ਦੀ ਭੂਮਿਕਾ ਪੰਡਿਤ ਕਿਸ਼ਨ ਦਵੇਸਰ ਜੀ (ਪ੍ਰਧਾਨ ਮੰਚ ਲੋਕ ਅੰਮ੍ਰਿਤਸਰ) ਪੱਤਰਕਾਰ ਸ੍ਰੀ ਦਿਨੇਸ਼ ਬਜਾਜ ਜੀ, ਮਾਸਟਰ ਧਰਮਿੰਦਰ ਸਿੰਘ ਜੀ (ਰਿਟਾਇਰਡ ਸਾਇੰਸ ਮਾਸਟਰ)ਜੀ ਨੇ ਬਾਖੂਬੀ ਨਿਭਾਈ। ਇਹਨਾਂ ਮੁਕਾਬਲਿਆਂ ਵਿੱਚ ਪੈਂਸੀ ਹਾਊਸ ਨੇ ਪਹਿਲਾ ਸਥਾਨ, ਡੇਜ਼ੀ ਹਾਊਸ ਦੂਜੇ ਅਤੇ ਲੋਟਸ ਹਾਊਸ ਤੀਜੇ ਸਥਾਨ 'ਤੇ ਰਿਹਾ। ਉਪਰੰਤ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਸੰਗਰਾਮ ਬਾਰੇ ਜਾਣੂ ਕਰਵਾਇਆ। ਅਤੇ ਕਿਹਾ ਕਿ ਸਾਨੂੰ ਦੇਸ਼ ਦੀ ਖਾਤਰ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਸ਼ਹੀਦੀ ਨੂੰ ਯਾਦ ਰੱਖਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਓ ਕਿ ਅੱਜ ਦੇ ਦਿਨ ਇਹ ਪ੍ਰਣ ਕਰੀਏ ਕਿ ਅਸੀਂ ਵੱਧ ਤੋਂ ਵੱਧ ਰੁੱਖ ਵੀ ਲਗਾਈਏ ਪਾਣੀ ਦੀ ਬਰਬਾਦੀ ਨੂੰ ਰੋਕੀਏ ਅਤੇ ਆਪਣੇ ਦੇਸ਼ ਦੇ ਅਤੇ ਪੰਜਾਬ ਦੇ ਵਾਤਾਵਰਨ ਨੂੰ ਗੰਦਲਾਂ ਹੋਣ ਤੋਂ ਬਚਾਈਏ।। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਨੇ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਆਜ਼ਾਦੀ ਦਾ ਹਰ ਹਾਲ ਵਿੱਚ ਆਨੰਦ ਲੈਣਾ ਚਾਹੀਦਾ ਹੈ। ਅਤੇ ਮੋਬਾਈਲ, ਪ੍ਰਦੂਸ਼ਣ, ਨਿਰਾਸ਼ਾਵਾਦ ਆਦਿ ਤੋਂ ਆਜ਼ਾਦੀ ਹੋਵੇ। ਓਹਨਾ ਨੇ ਵਿਦਿਆਰਥੀਆਂ ਨੂੰ ਆਪਣੀਆਂ ਪੁਰਾਣੀਆਂ ਪੀੜ੍ਹੀਆਂ ਦੁਆਰਾ ਬੀਜੇ ਫਲ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਪ੍ਰਿਅੰਕਾ ਸ਼ਰਮਾ ਕੋਆਰਡੀਨੇਟਰ, ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

## ਸੁਸਾਇਟੀਆਂ, ਸਰਕਾਰੀ ਸਕੂਲਾਂ ਅਤੇ ਪ੍ਰਾਈਵੇਟ ਦਫ਼ਤਰਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਡਾਕਟਰ ਮਹੁੰਮਦ ਅਖ਼ਤਰ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡਾਂ ਬਾਲੀਆਂ, ਕਿਲਾਂ ਹਕੀਮਾਂ, ਕਾਂਝਲਾ, ਲੱਡਾਂ, ਦੇ ਸਰਕਾਰੀ ਬੈਕਾਂ, ਡਾਕ ਘਰਾਂ, ਕੋਆਪ੍ਰੇਟਿਵ ਸੁਸਾਇਟੀਆਂ, ਸਰਕਾਰੀ ਸਕੂਲਾਂ ਅਤੇ ਪ੍ਰਾਈਵੇਟ ਦਫ਼ਤਰਾਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ । ਉਥੇ ਮੌਜੂਦ ਮੁਲਾਜ਼ਮਾਂ ਨੂੰ ਡੈਂਗੂ, ਮਲੇਰੀਆ, ਚਿਕਨਗੁਨੀਆ ਅਤੇ ਮੋਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਬੁਖਾਰ ਵਾਲੇ ਕੇਸਾ ਦੇ ਖ਼ੂਨ ਦੇ ਸੈਂਪਲ ਇਕੱਤਰ ਕਰਕੇ ਸੀ ਐਚ ਸੀ ਪੱਧਰ ਤੇ ਲੈਬਾਟਰੀ ਵਿੱਚ ਭੇਜੇ ਗਏ ਅਤੇ ਲੋਕਾਂ ਬਿਮਾਰੀਆਂ ਨਾਲ ਸਬੰਧਿਤ ਇਸਤਿਹਾਰ ਵੰਡੇ ਗਏ ਤੇ ਡੈਂਗੂ ਐਪ ਡਾਊਨਲੋਡ ਕਰਨ ਲਈ ਪ੍ਰੇਰਤ ਕੀਤਾ ਗਿਆ ਤੇ ਦੱਸਿਆ ਗਿਆ ਕੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਫਰਿੱਜਾਂ ਪਿੱਛੇ ਲੱਗੀ ਟਰੇਆਂ, ਗਮਲਿਆਂ, ਕੰਨਟੇਨਰਾ, ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਤਾਂ ਜੋ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ।ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖ਼ਾਰ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸ ਪੇਸ਼ੀਆਂ ਅਤੇ ਜੋੜਾਂ ਠ੍ਕ ਦਰਦ, ਜੀ ਕੱਚਾ ਹੋਣਾ ਅਤੇ ਉਲਟੀਆਂ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ।ਇਸ ਮੌਕੇ ਸਾਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦ ਟੇਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਟੀਮ ਮੈਂਬਰ ਅਮਰੀਕ ਸਿੰਘ ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

## ਪੰਜਾਬ ਨੂੰ ਹਰਾ/ਭਰਾ ਬਨਾਉਣ ਅਤੇ ਮਨੁੱਖਤਾ ਨੂੰ ਬਚਾਉਣ ਲਈ, ਆਓ ਵੱਧ ਚੜ੍ਹ ਕੇ ਬੂਟੇ ਲਾਈਏ : ਹਰਪੁਰਾ

ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ ) ਦਰੱਖਤਾਂ ਦੀ ਘਾਟ ਦੇ ਕਾਰਣ ਅੱਜ ਦਿਨੋ-ਦਿਨ ਪ੍ਰਦੂਸ਼ਣ ਵੱਧ ਰਿਹਾ ਹੈ, ਜਿਸ ਕਰਕੇ ਮਨੁੱਖਤਾ ਦੀ ਹੋਂਦ ਨੂੰ ਵੱਡਾ ਖਤਰਾ ਖੜਾ ਹੋ ਗਿਆ ਹੈ, ਉੱਥੇ ਪਸ਼ੂ ਤੇ ਪੰਛੀਆਂ ਦਾ ਜਨ-ਜੀਵਨ ਵੀ ਖਤਰੇ 'ਚ ਹੈ। ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਅਸੀਂ ਵੱਧ ਤੋਂ ਵੱਧ ਬੂਟੇ/ਪੌਦੇ ਲਾਈਏ, ਪੰਜਾਬ ਨੂੰ ਹਰਾ/ਭਰਾ ਬਨਾਈਏ ਅਤੇ ਮਨੁੱਖਤਾ ਤੇ ਜੀਵ-ਜੰਤੂਆਂ ਨੂੰ ਬਚਾਈਏ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂ, ਐਸ, ਏ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਫੁੱਲ ਅਤੇ ਫੁੱਲਦਾਰ ਬੂਟੇ ਲਾਉਣ ਦੀ ਜ਼ੋਰਦਾਰ ਅਪੀਲ ਕੀਤੀ ਕਰਦਿਆਂ ਕਿਹਾ

ਕਿ ਅੱਜ ਰੁੱਖਾਂ ਦੀ ਘਾਟ ਦੇ ਕਾਰਣ ਪ੍ਰਦੂਸ਼ਣ ਦੀ ਗੰਭੀਰ ਸਮੱਸਿਆ ਪੈਦਾ ਹੋ ਗਈ ਹੈ, ਜਿਸ ਕਰਕੇ ਮਨੁੱਖ ਅਨੇਕਾਂ ਬੀਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ, ਉਥੇ ਸਾਡੀ ਆਉਣ ਵਾਲੀ ਪੀੜੀ ਅਤੇ ਪਸ਼ੁ/ਪੰਛੀ ਵੀ ਕੁਪੋਸ਼ਨ ਦਾ ਸ਼ਿਕਾਰ ਹੋ ਰਹੇ ਹਨ, ਆਕਸੀਜ਼ਨ ਦੀ ਘਾਟ ਦੇ ਕਾਰਣ ਮੌਤਾਂ ਵੀ ਹੋ ਰਹੀਆਂ ਹਨ। ਸ, ਹਰਪੁਰਾ ਨੇ ' ਬੂਟੇ ਲਾਓ ਅਤੇ ਮਨੁੱਖਤਾ ਬਚਾਓ' ਦਾ ਨਾਅਰਾ ਦਿੰਦੇ ਹੋਏ ਪੰਜਾਬ ਦੇ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਬੂਟਿਆਂ ਦੀ ਦੇਖ/ਭਾਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਆਓ, ਆਪਾਂ ਸਾਰੇ ਰਲ ਮਿਲ ਕੇ ਫੁੱਲਾਂ ਅਤੇ ਫੱਲਾਂ ਵਾਲੇ ਬੂਟੇ/ਦਰੱਖਤ ਲਾਈਏ ਅਤੇ ਮਨੁੱਖਤਾ ਨੂੰ ਬਚਾਈ, ਉਨ੍ਹਾਂ ਦੀ ਸੰਭਾਲ ਕਰੀਏ ਅਤੇ ਹੋਰਨਾਂ ਨੂੰ ਵੀ ਬਣੇ ਲਾਉਣ ਲਈ ਪ੍ਰੇਰਿਤ ਕਰੀਏ।

## ਮਾਨ ਸਰਕਾਰ ਪੰਜਾਬ ਦੀ ਉਨਤੀ ਅਤੇ ਖੁਸ਼ਹਾਲੀ ਲਈ ਗੰਭੀਰ ਨਹੀਂ - ਅਮਰਜੀਤ ਸਿੰਘ ਬਾਦਸ਼ਾਹਪੁਰ



ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਸਰਕਾਰ ਨੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਮਾੜੀ ਸਥਿਤੀ ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਅਤੇ 3200 ਕਰੋੜ ਤੋਂ ਵੱਧ ਰੁਪਏ ਦੇ ਸੜਕੀ ਪ੍ਰੋਜੈਕਟ ਰੱਦ ਕਰ ਦਿੱਤੇ ਹਨ। ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨੇ ਮੁੱਖ ਮੰਤਰੀ ਨੂੰ ਇੱਕ ਚਿੱਠੀ ਰਾਹੀਂ ਆਖਿਆ ਹੈ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਬਹੁਤ ਮਾੜੀ ਹੈ ਇਸ ਨੂੰ ਸੁਧਾਰਿਆ ਜਾਵੇ ਨਹੀਂ ਤਾਂ 14288 ਕਰੋੜ ਰੁਪਏ ਦੇ ਹੋਰ ਪ੍ਰੋਜੈਕਟ ਵੀ ਰੱਦ ਕਰ ਦਿੱਤੇ ਜਾ ਸਕਦੇ ਹਨ। ਟਿੱਕਾ ਨੇ ਹੋਰ ਕਿਹਾ ਕਿ ਲੁਧਿਆਣਾ ਤੇ ਜਲੰਧਰ ਸਮੇਤ ਕਈ ਥਾਵਾਂ ਤੇ ਇਹਨਾਂ ਪ੍ਰੋਜੈਕਟਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਪ੍ਰੰਤੂ ਸੂਬਾ ਸਰਕਾਰ ਨੇ ਇਸ ਸੰਬੰਧੀ ਚੁੱਪ ਧਾਰੀ ਹੋਈ ਹੈ। ਉਹਨਾਂ ਕਿਹਾ ਕਿ ਭਵਿੱਖ ਵਿੱਚ ਪੰਜਾਬ ਦੇ ਵਿਕਾਸ ਲਈ ਸੂਬਾ ਸਰਕਾਰ ਦੀ ਚੁੱਪ ਬਹੁਤ ਘਾਤਕ ਸਿੱਧ ਹੋਵੇਗੀ, ਕਿਉਂ ਕਿ ਕੇਂਦਰ ਸਰਕਾਰ ਕਿਸੇ ਵੀ ਕਿਸਮ ਦਾ ਜੋਖਮ ਨਹੀਂ ਉਠਾਉਣਾ ਚਾਹੁੰਦੀ। ਉਹਨਾਂ ਕਿਹਾ ਕਿ ਇੰਜ ਲੱਗਦਾ ਹੈ ਕਿ ਪੰਜਾਬ ਸਰਕਾਰ ਸੂਬੇ ਦੀ ਉੱਨਤੀ ਅਤੇ ਖੁਸ਼ਹਾਲੀ ਲਈ ਗੰਭੀਰ ਨਹੀਂ ਹੈ। ਉਹਨਾਂ ਕਿਹਾ ਕਿ ਭਾਵੇਂ ਖਾਨਾ ਪੂਰਤੀ ਲਈ ਐਫਆਈਆਰ ਦਰਜ ਕਰ ਲਈ ਗਈ ਹੈ ਪ੍ਰੰਤੂ ਇਸ ਤੋਂ ਅੱਗੇ * ਕਿਸੇ ਤਰ੍ਹਾਂ ਦੀ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਕਥਿਤ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਦੀ ਤਰੱਕੀ ਲਈ ਕਾਫੀ ਮਹੱਤਵਪੂਰਨ ਹਨ ਪ੍ਰੰਤੂ ਸਰਕਾਰ ਇਹਨਾਂ ਪ੍ਰੋਜੈਕਟਾਂ ਵਾਸਤੇ ਜਮੀਨ ਐਕੁਆਇਰ ਕਰਨ ਵਿੱਚ ਗੰਭੀਰਤਾ ਨਹੀਂ ਦਿਖਾ ਰਹੀ।

ਅਧਿਆਪਕ ਯੂਨੀਅਨ ਹਰਿਆਣਾ ਵੱਲੋਂ ਗੁਰਦੁਆਰਾ ਦਾਦੂ ਸਾਹਿਬ ਪੁੱਜ ਕੇ ਜਥੇਦਾਰ ਦਾਦੂਵਾਲ ਜੀ ਦਾ ਕੀਤਾ ਧੰਨਵਾਦ ਅਤੇ

# ਨਵੇਂ ਅਧਿਆਪਕਾਂ ਦੀ ਭਰਤੀ ਲਈ ਦਿੱਤਾ ਮੰਗ ਪੱਤਰ



**ਸਿਰਸਾ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਮੁੱਖ ਅਸਥਾਨ ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਅੱਜ ਅਧਿਆਪਕ ਯੂਨੀਅਨ ਹਰਿਆਣਾ ਵਲੋਂ ਭਰਤੀ ਹੋਏ ਪੰਜਾਬੀ ਅਧਿਆਪਕਾਂ ਦੀ ਵਧਾਈ ਦਿੱਤੀ ਅਤੇ ਨਾਲ ਨਵੇਂ ਅਧਿਆਪਕ ਭਰਤੀ ਕਰਵਾਉਣ ਲਈ ਮੰਗ ਪੱਤਰ ਦਿੱਤਾ ਗਿਆ ਅਧਿਆਪਕ ਯੂਨੀਅਨ ਦੇ ਆਗੂਆਂ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕੇ ਪਿਛਲੇ ਸਮੇਂ ਜਥੇਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਬਲਜੀਤ ਸਿੰਘ ਦਾਦੂਵਾਲ ਜੀ ਦੇ ਅਣਥੱਕ ਯਤਨਾਂ ਸਦਕਾ ਹਰਿਆਣਾ ਸਰਕਾਰ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟੜ ਵੱਲੋਂ 104 ਪੰਜਾਬੀ ਟੀਚਰਾਂ ਦੀਆਂ ਪੋਸਟਾਂ ਕੱਢੀਆਂ ਗਈਆਂ ਸਨ ਜਿਸ ਦਾ ਹਰਿਆਣਾ ਸਰਕਾਰ ਨੇ ਪੇਪਰ ਲਿਆ ਤੇ ਸਲੈਕਟ ਹੋਏ 104 ਪੰਜਾਬੀ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ ਅਧਿਆਪਕ ਯੂਨੀਅਨ ਦੇ ਆਗੂਆਂ ਨੇ ਦੱਸਿਆ ਕੇ ਹਰਿਆਣਾ ਵਿੱਚ ਹੋਰ ਭਾਸ਼ਾਵਾਂ ਦੇ ਹਜ਼ਾਰਾਂ ਅਧਿਆਪਕ ਭਰਤੀ ਕੀਤੇ ਜਾ ਰਹੇ ਹਨ ਜਦ ਕੇ ਸਾਡੀ ਮਾਂ ਬੋਲੀ ਪੰਜਾਬੀ ਦੇ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ ਸਾਡੇ ਹਜ਼ਾਰਾਂ ਨੌਜਵਾਨ ਬੱਚੇ ਬੱਚੀਆਂ ਐਸੇ ਹਨ ਜੋ ਅਧਿਆਪਕ ਦੀ ਯੋਗਤਾ ਰੱਖਦੇ ਹਨ ਪਰ ਲੰਬੇ ਸਮੇਂ ਤੋਂ ਪੰਜਾਬੀ ਅਧਿਆਪਕਾਂ ਦੀ ਭਰਤੀ ਨਾ ਕੀਤੇ ਜਾਣ ਕਰਕੇ ਵੱਧਦੀ ਉਮਰ ਕਾਰਣ ਚਿੰਤਾ ਵਿੱਚ ਹਨ ਅਧਿਆਪਕਾਂ ਨੇ ਜਥੇਦਾਰ ਦਾਦੂਵਾਲ ਜੀ ਨੂੰ ਅਪੀਲ ਕੀਤੀ ਕੇ ਪਹਿਲਾਂ ਦੀ ਤਰਾਂ ਉਹ ਹੰਭਲਾ ਮਾਰ ਕੇ ਮੁੱਖ ਮੰਤਰੀ ਹਰਿਆਣਾ



ਨਾਲ ਗੱਲਬਾਤ ਕਰਕੇ 700 ਦੇ ਕਰੀਬ ਖਾਲੀ ਪਈਆਂ ਪੰਜਾਬੀ ਪੋਸਟਾਂ ਨੂੰ ਭਰਵਾਉਣ ਦਾ ਯਤਨ ਕਰਨ ਤਾਂ ਕੇ ਸਾਡੇ ਬੱਚੇ ਪੰਜਾਬੀ ਵੀ ਪੜ ਸਕਣ ਅਤੇ ਯੋਗਤਾ ਰੱਖਣ ਵਾਲੇ ਬੱਚੇ ਬੱਚੀਆਂ ਨੂੰ ਨੌਕਰੀ ਵੀ ਪ੍ਰਾਪਤ ਹੋਵੇ ਜਥੇਦਾਰ ਦਾਦੂਵਾਲ ਜੀ ਨੇ ਅਧਿਆਪਕਾਂ ਨੂੰ ਭਰੋਸਾ ਦਿਵਾਇਆ ਕੇ ਉਹ ਜਲਦੀ ਹੀ ਮੁੱਖ ਮੰਤਰੀ ਹਰਿਆਣਾ ਨਾਲ ਗੱਲਬਾਤ ਕਰਕੇ ਪੰਜਾਬੀ ਅਧਿਆਪਕਾਂ ਦੀ ਭਰਤੀ ਕਰਵਾਉਣ ਦਾ ਯਤਨ ਕਰਨਗੇ।

# ਸਤਿਆ ਐਲੀਮੈਟਰੀ ਸਕੂਲ ਚੰਨਣਕੇ ਵਿਖੇ ਲਹਿਰਾਇਆ ਤਿਰੰਗਾ




**ਚੋਂਕ ਮਹਿਤਾ,16 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਪੁਰਾਣੀ ਤੇ ਮੰਨੀ ਪ੍ਰਮੰਨੀ ਵਿਦਿਅਕ ਸੰਸਥਾ ਸਤਿਆ ਐਲੀਮੈਂਟਰੀ ਸਕੂਲ ਪਿੰਡ ਚੰਨਣਕੇ ਵਿਖੇ 78ਵੇਂ ਸੁਤੰਤਰਤਾ ਦਿਵਸ ਮੌਕੇ ਸਕੂਲ ਮੈਨੇਜ਼ਮੈਂਟ ਤੇ ਵਿਦਿਆਰਥੀਆਂ ਵੱਲੋਂ ਪੂਰੇ ਉਤਸ਼ਾਹ ਤੇ ਜੋਸ਼ੋ ਖਰੋਸ਼ ਨਾਲ ਤਿੰਰਗਾ ਲਹਿਰਾਇਆ ਗਿਆ।ਇਸ ਦੌਰਾਨ ਸਕੂਲ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਤ ਪ੍ਰੋਗਰਾਮ ਪੇਸ਼ ਕੀਤਾ ਗਿਆ ਤੇ ਗੀਤ-ਸੰਗੀਤ, ਕਵਿਤਾ, ਗਰੁੱਪ ਸੌਂਗ, ਡਾਂਸ, ਭਾਸ਼ਣ ਤੇ ਕੋਰੀਓਗ੍ਰਾਫੀ ਰਾਹੀਂ ਦੇਸ਼ ਪ੍ਰਤੀ ਆਪਣੇ ਪਿਆਰ ਤੇ ਜ਼ਜ਼ਬਾਤਾਂ ਨੂੰ ਪੇਸ਼ ਕੀਤਾ।ਇਸ ਮੌਕੇ ਸਕੂਲ਼ ਦੇ ਹੋਣਹਾਰ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਸਮਾਗਮ ਦੇ ਮੁੱਖ ਮਹਿਮਾਨ ਸਰਪੰਚ ਦਵਿੰਦਰ ਸਿੰਘ, ਸਰਪੰਚ ਪਰਗਟ ਸਿੰਘ, ਸੀ ਸੀ ਸ, ਸੁਖਵਿੰਦਰ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਨੇ ਵਿਦਿਆਰਥੀਆਂ ਨੂੰ ਆਜ਼ਾਦੀ ਦਿਵਸ ਦੀ ਮਹੱਤਤਾ ਦੱਸਦੇ ਹੋਏ ਆਪਣੇ ਦੇਸ਼ ਨਾਲ ਹਮੇਸ਼ਾਂ ਪਿਆਰ ਕਰਨ ਤੇ ਦੇਸ਼ ਪ੍ਰਤੀ ਵਫਾਦਾਰ ਰਹਿਣ ਲਈ ਪ੍ਰਰਿਤ ਕੀਤਾ।ਇਸ ਮੌਕੇ ਥਾਨਾ ਮਹਿਤਾ ਚੌਕ ਤੋਂ ਏ ਐਸ ਆਈ ਪਲਵਿੰਦਰ ਸਿੰਘ, ਇੰਸਪੈਕਟਰ ਲਖਬੀਰ ਸਿੰਘ,ਹੌਲਦਾਰ ਸੁਰਜੀਤ ਸਿੰਘ,ਹੌਲਦਾਰ ਗੁਰਦੇਵ ਸਿੰਘ,ਹੌਲਦਾਰ ਕੰਵਲਜੀਤ ਸਿੰਘ,ਮੈਬਰ ਮੰਗਲ ਸਿੰਘ ਆਮ ਆਦਮੀ ਪਾਰਟੀ ਦੇ ਮੀਡੀਆ ਇੰਨਚਾਰਜ ਬੂਟਾ ਸਿੰਘ ਜਲਾਲ, ਕੁਲਜੀਤ ਸਿੰਘ ਜਲਾਲ ਤੋਂ ਇਲਾਵਾ ਸਕੂਲ ਸਾਰਾ ਸਟਾਫ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ: ਅਮਿਤ ਗੁਪਤਾ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ 78ਵੇਂ ਆਜ਼ਾਦੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀਆਂ ਮੁਬਾਰਕਾਂ ਦਿੰਦਿਆਂ ਅਮਿਤ ਗੁਪਤਾ ਐਸ,ਡੀ,ਐਮ ਧੂਰੀ ਨੇ ਬੇਨੜਾ ਕਾਲਜ ਵਿਖੇ ਝੰਡੇ ਦੀ ਰਸਮ ਨੂੰ ਪੂਰਾ ਕਰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸ, ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਸਮੇਤ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ ਸਮੇਂ 'ਤੇ ਆਰੰਭੇ ਸ਼ੰਘਰਸ਼ਾਂ ਅਤੇ ਕੁਰਬਾਨੀਆਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਇਸ ਮੌਕੇ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਸਤਿੰਦਰ ਸਿੰਘ ਚੱਠਾ,ਚੇਅਰਮੈਨ ਅਸ਼ੋਕ ਕੁਮਾਰ ਲੱਖਾ ਸੰਦੀਪ ਤਾਇਲ ਪੱਪੂ ਜੌਲੀ, ਪੁਸਪਾ ਤਾਇਲ ,ਸਰਪੰਚ ਗੁਰਪਿਆਰ ਧੂਰਾ, ਬਲਾਕ ਪ੍ਰਧਾਨ ਸੁਖਪਾਲ ਪਾਲਾ, ਨਾਹਰ ਸਿੰਘ ਮੀਮਸਾ, ਹੈਪੀ ਗੋਇਲ, ਨਰੇਸ ਸਿੰਗਲਾ, ਬਲਜੀਤ ਕੌਰ ਐਮ,ਸੀ, ਰਮਨਦੀਪ ਸਿੰਘ, ਸਿਕੰਦਰ ਸਿੰਘ ਘਨੌਰ,ਲਾਭ ਸਿੰਘ, ਮਣੀ ਐਮ,ਸੀ, ਸਾਧੂ ਐਮ, ਸੀ,ਅਮਰੀਕ ਸਿੰਘ ਸਿੱਧੂ, ਡਾਕਟਰ ਅਸ਼ੋਕ ਕੁਮਾਰ, ਜਸਵਿੰਦਰ ਸਿੰਘ ਸੰਧੂ, ਬਲਜੀਤ ਕੌਰ ਸਿੱਧੂ ਪੇਧਨੀ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਜਸਵੰਤ ਸਿੰਘ ਉਦੋਕੇ ਨੂੰ ਸਦਮਾ ਵੱਡੇ ਭਰਾ ਦਾ ਹੋਇਆ ਦੇਹਾਂਤ

**ਚੌਕ ਮਹਿਤਾ, 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵੀ ਸ, ਜਸਵੰਤ ਸਿੰਘ ਉਦੋਕੇ ਨੂੰ ਉਸ ਵਕਤ ਭਾਰੀ ਸਦਮਾ ਲੱਗਾ ਜਦੋਂ ਕਿ ਉਨ੍ਹਾਂ ਦੇ ਵੱਡੇ ਭਰਾ ਸੂਬੇਦਾਰ ਸੁਰਿੰਦਰ ਸਿੰਘ ਉਦੋਕੇ ਹਾਰਟ ਅਟੈਕ ਕਾਰਣ ਮੌਤ ਹੋ ਗਈ। ਉਨ੍ਹਾਂ ਦੇ ਸਪੁੱਤਰ ਹਰਪ੍ਰੀਤ ਸਿੰਘ, ਅਮਰਪਰੀਤ ਸਿੰਘ ਨੇ ਦੱਸਿਆ ਕਿ ਸੂਬੇਦਾਰ ਸੁਰਿੰਦਰ ਸਿੰਘ ਜੀ ਪਹਿਲਾਂ ਦੇਸ ਰਾਖੀ ਲਈ ਫੌਜ ਵਿੱਚ ਸੇਵਾ ਨਿਭਾਈ,



ਆਵਾਜ਼ਿ ਕੌਮ AWAZE QAUM International Newspaper & WEB TV

ਫਿਰ ਖਡੂਰ ਸਾਹਿਬ ਕਾਲਜ ਵਿੱਚ ਹੈਡ ਕਲਰਕ ਦੀ ਸੇਵਾ ਕਰਦੇ ਰਹੇ ਸਨ। ਉਹ ਬਹੁਤ ਮਿੱਠ ਬੋਲ਼ੜੇ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ ਕਰਨ ਵਾਲੇ ਇਨਸਾਨ ਸਨ। ਇਲਾਕੇ ਵਿੱਚ ਵੀ ਸਮਾਜ ਭਲਾਈ ਦੇ ਕੰਮ ਅੱਗੇ ਹੋਕੇ ਕਰਦੇ ਸਨ। ਸੂਬੇਦਾਰ ਸੁਰਿੰਦਰ ਸਿੰਘ ਦੀ ਮੌਤ ਹੋਣ ਕਾਰਣ ਪਰਿਵਾਰ ਨੂੰ ਬਹੁਤ ਭਾਰੀ ਘਾਟਾ ਪਿਆ ਹੈ। ਉੱਥੇ ਇਲਾਕੇ ਨੂੰ ਬਹੁਤ ਘਾਟ ਮਹਿਸੂਸ ਹੋਈ ਹੈ। ਸੂਬੇਦਾਰ ਸੁਰਿੰਦਰ ਸਿੰਘ ਜੀ ਅੰਤਿਮ ਅਰਦਾਸ ਭੋਗ ਗੁਰਦੁਆਰਾ ਨਾਗੀਆਨ ਸਾਹਿਬ ਪਿੰਡ ਉਦੋਕੇ ਵਿਖੇ 21,8,2024 ਬੁੱਧਵਾਰ ਨੂੰ ਹੋਣਗੇ। ਪਰਿਵਾਰ ਨਾਲ ਦੁੱਖ ਸਾਝਾ ਕਰਨ ਲਈ ਧਾਰਮਿਕ, ਰਾਜਨੀਤਕ, ਸਮਾਜ ਸੇਵੀ, ਇਲਾਕੇ ਦੇ ਬਹੁਤ ਸਾਰੇ ਲੋਕ ਪਹੁੰਚੇ ਹਨ।

# 108 ਬ੍ਰਹਮ ਗਿਆਨੀ ਸਚਖੰਡਵਾਸੀ ਸੰਤ ਬਾਬਾ ਕਾਲਾ ਸਿੰਘ ਸੰਤ ਬਾਬਾ ਤੇਜਾ ਸਿੰਘ ਜੀ ਦੀ ਯਾਦ 'ਚ ਗੁਰਮਤਿ ਸਮਾਗਮ ਦੀ ਹੋਈ ਆਰੰਭਤਾ

## 18 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ 1 ਵਜ਼ੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ-ਬਾਬਾ ਸੁੱਖਾ ਸਿੰਘ

**ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ )**-ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ 108, ਬ੍ਰਹਮ ਗਿਆਨੀ ਸਚਖੰਡ ਵਾਸੀ ਸੰਤ ਬਾਬਾ ਗੁਰਬਖਸ਼ ਸਿੰਘ ਜੀ ਤੋਂ ਵਰਸੋਏ ਸੱਚਖੰਡ ਵਾਸੀ ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ ਯਾਦ ਵਿੱਚ ਸਲਾਨਾ ਗੁਰਮਤਿ ਸਮਾਗਮ ਦੀ ਆਰੰਭਤਾ ਹੋਈ ਜਿਸ ਵਿੱਚ ਅੱਜ ਸਵੇਰੇ 10 ਵਜ਼ੇ ਦੇ ਕਰੀਬ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ

ਆਵਾਜ਼ਿ ਕੌਮ AWAZE QAUM International Newspaper & WEB TV



ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਸ੍ਰੀ ਆਖੰਡ ਪਾਠ ਜੀ ਦੇ ਭੋਗ 18 ਅਗਸਤ ਦਿਨ ਐਤਵਾਰ ਨੂੰ ਸਵੇਰੇ 10 ਵਜ਼ੇ ਪਾਏ ਜਾਣਗੇ ਅਤੇ ਭੋਗ ਤੋਂ ਉਪਰੰਤ ਸੰਗਤਾਂ ਵੱਲੋਂ ਗੁਰੂ ਜਸ ਸਰਵਣ ਕੀਤਾ ਜਾਵੇਗਾ ਅਤੇ ਉਪਰੰਤ 11 ਵਜੇ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਤੋਂ ਭਾਈ ਬਲਰਾਜ ਸਿੰਘ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ 12 ਵਜੇ ਤੱਕ ਕੀਰਤਨ ਦਰਬਾਰ ਸਜਾਏ ਜਾਣਗੇ ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਸ਼੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੀ ਵੱਲੋਂ 12 ਤੋਂ 1 ਵਜ਼ੇ ਤੱਕ ਕਥਾ ਵੀਚਾਰਾਂ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਅਤੇ ਸਾਰੇ ਦੀਵਾਨ ਦੀ ਸਮਾਪਤੀ ਦੀ ਅਰਦਾਸ 1 ਵਜ਼ੇ ਕੀਤੀ ਜਾਵੇਗੀ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਹੈ ਕਿ ਸਮੇਂ ਸਿਰ ਸਮਾਗਮਾਂ ਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ।

### ਖਾਲਸਾ ਕਾਲਜ ਮਹਿਤਾ ਵਿਖੇ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ

# ਬਰਸੀ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ





**ਚੌਕ ਮਹਿਤਾ, 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜ ਮਹਿਤਾ ਵਿਖੇ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੱਚਖੰਡਵਾਸੀ ਸੰਤ ਬਾਬਾ ਕਰਤਾਰ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਦੀ ਬਰਸੀ ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ।ਜਿਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ.ਗੁਰਦੀਪ ਸਿੰਘ ਜਲਾਲ ਉਸਮਾ ਨੇ ਮਹਾਂ ਪੁਰਖਾਂ ਦੇ ਜੀਵਨ ਨੂੰ ਵਿਦਿਆਰਥੀਆਂ ਨਾਲ ਸਾਂਝਾ ਕਰਦਿਆਂ ਦੱਸਿਆ ਕਿ ਬਾਬਾ ਜੀ ਦਾ ਜਨਮ 21 ਅਕਤੂਬਰ 1932 ਈਸਵੀ ਨੂੰ ਤਰਨਤਾਰਨ ਜ਼ਿਲ੍ਹੇ ਵਿੱਚ ਹੋਇਆ ਅਤੇ 16 ਅਗਸਤ 1977 ਈਸਵੀ ਨੂੰ ਸੱਚਖੰਡ ਜਾ ਬਿਰਾਜੇ। ਹਰ ਸਾਲ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸੰਤਾਂ ਦੀ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਂਦੀ ਹੈ ।ਸੰਤ ਬਾਬਾ ਕਰਤਾਰ ਸਿੰਘ ਜੀ ਨੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਲਈ ਅਤੇ ਪਤਿਤਪੁਣੇ ਤੋਂ ਹਟਾ ਕੇ ਆਪਣੇ ਅਮੀਰ ਵਿਰਸੇ ਨਾਲ ਬੰਨੀ ਰੱਖਣ ਲਈ ਬਹੁਤ ਭਾਰੀ ਪ੍ਰਚਾਰ ਕੀਤਾ ।ਸਮੂਹ ਸੰਗਤਾਂ ਨੂੰ ਬਾਣੀ ਨਾਲ ਜੋੜਿਆ ਅਤੇ ਦਮਦਮੀ ਟਕਸਾਲ ਦੀ ਕਈ ਸਾਲ ਨਿਸ਼ਕਾਮ ਸੇਵਾ ਨਿਭਾਈ। ਉਹਨਾਂ ਦੀ ਭਗਤੀ ਅਤੇ ਸਿੱਖੀ ਸਿਦਕ ਸਮੁੱਚੀ ਸਿੱਖ ਕੌਮ ਨੂੰ ਬਾਣੀ ਨਾਲ ਜੁੜੇ ਰਹਿਣ ਦੀ,ਅੰਮ੍ਰਿਤ ਦੇ ਧਾਰਨੀ ਬਣਨ ਦੀ ਅਤੇ ਸਿੱਖ ਇਤਿਹਾਸ ਨੂੰ ਹਮੇਸ਼ਾ ਚੇਤੇ ਰੱਖਣ ਦੀ ਅਪੀਲ ਕਰਦੀ ਹੈ ।ਇਸ ਕਰਕੇ ਸਾਡਾ ਫਰਜ਼ ਹੈ ਕਿ ਅਸੀਂ ਸਾਰੇ ਮਹਾਂਪੁਰਖਾਂ ਦੇ ਪਾਏ ਪੂਰਨਿਆਂ ਤੇ ਚੱਲੀਏ ਅਤੇ ਗੁਰੂ ਸਾਹਿਬਾਨਾਂ ਦੇ ਹੁਕਮਨਾਮਿਆਂ ਅਨੁਸਾਰ ਆਪਣਾ ਜੀਵਨ ਬਤੀਤ ਕਰੀਏ। ਇਸ ਮੌਕੇ ਤੇ ਕਾਲਜ ਦੇ ਪ੍ਰਿੰ.ਸ.ਗੁਰਦੀਪ ਸਿੰਘ ਜਲਾਲ ਉਸਮਾ, ਮੈਡਮ ਕੁਲਦੀਪ ਕੌਰ,ਸ. ਸੁਖਦੇਵ ਸਿੰਘ, ਮੈਡਮ ਨੰਦਾ, ਰਾਜਬੀਰ ਕੌਰ ,ਮਨਜੀਤ ਕੌਰ, ਪੂਰਤੀ ਸ਼ਰਮਾ,ਗੁਰਵਿੰਦਰ ਕੌਰ,ਗੁਰਸ਼ਰਨਪ੍ਰੀਤ ਕੌਰ,ਰੁਪਿੰਦਰ ਕੌਰ,ਕੁਲਜੀਤ ਕੌਰ,ਸੁਪਰੀਤ ਕੌਰ, ਨਵਨੀਤ ਕੌਰ,ਕਾਬਲ ਸਿੰਘ ਆਦਿ ਵੀ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਸਲਾਨਾ ਪ੍ਰੋਗਰਾਮ ਕਰਵਾਇਆ

# ਮਿਹਨਤੀ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਕੀਤਾ ਗਿਆ ਸਨਮਾਨਿਤ







ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ ਦੀ ਦੇਖ ਰੇਖ ਹੇਠ ਅਜ਼ਾਦੀ ਦਿਵਸ ਨੂੰ ਮੁੱਖ ਰੱਖਦਿਆਂ ਸਲਾਨਾ ਪ੍ਰੋਗਰਾਮ ਕਰਵਾਇਆ, ਸਕੂਲ ਦੇ ਬੱਚਿਆਂ ਦੇ ਮਾਪਿਆਂ ਦੇ ਨਾਲ ਨਾਲ ਕਲੱਬਾਂ, ਅਤੇ ਪਤਵੰਤੇ ਸੱਜਣਾਂ ਨੇ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ,ਹੈੱਡ ਟੀਚਰ ਮੈਡਮ ਸੀਮਾ ਰਾਣੀ ਅਤੇ ਸਮੂਹ ਸਕੂਲ ਸਟਾਫ਼ ਅਤੇ ਸਕੂਲ ਦੇ ਬੱਚਿਆਂ ਨੇ ਆਏ ਹੋਈਆਂ ਸਤਿਕਾਰਯੋਗ ਸ਼ਖ਼ਸੀਅਤਾਂ ਨੂੰ ਜੀ ਆਇਆਂ ਆਖਿਆ, ਦੋ ਮਿੰਟ ਦਾ ਮੌਨ ਰੱਖ ਕੇ ਸਮੂਹ ਸ਼ਹੀਦਾਂ ਨੂੰ ਯਾਦ ਕੀਤਾ ਗਿਆ ਤੇ ਬਾਅਦ ਵਿੱਚ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਤਾੜੀਆਂ ਦੀ ਗੂੰਜ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਹੋਈ, ਸਕੂਲ ਦੇ ਵੱਖ ਵੱਖ ਬੱਚਿਆਂ ਨੇ ਦੇਸ਼ ਭਗਤੀ ਦੇ ਗੀਤਾਂ, ਨਾਟਕ, ਕੋਰਿਉਗ੍ਰਾਫੀਆਂ, ਅਤੇ ਭਾਸ਼ਨ ਦੇ ਕੇ ਵਾਹ ਵਾਹ ਖੱਟੀ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਸਾਰਿਆਂ ਨੂੰ 78ਵੇਂ ਅਜ਼ਾਦੀ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਕਿਹਾ ਕਿਹਾ ਕਿ ਅਜ਼ਾਦੀ ਇੰਨੀ ਸੌਖੀ ਨਹੀਂ ਮਿਲੀ, ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਮਹਾਨ ਸੂਰਬੀਰ ਯੋਧਿਆਂ ਨੇ ਦੇਸ਼ ਖਾਤਿਰ ਸੰਘਰਸ਼ ਕਰਦੇ ਹੋਏ ਤਸੀਹੇ ਝੱਲੇ ਤੇ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ, ਸਾਨੂੰ ਦੇਸ਼ ਦੀ ਆਜ਼ਾਦੀ ਲਈ ਆਪਣਾ ਬਲੀਦਾਨ ਦੇਣ ਵਾਲੇ ਸਮੂਹ ਸ਼ਹੀਦਾਂ ਨੂੰ ਯਾਦ ਰੱਖਣਾ ਚਾਹੀਦਾ ਹੈ। ਜਿੰਨ੍ਹਾਂ ਸਦਕਾ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਤੇ ਸਾਨੂੰ ਸਭ ਨੂੰ ਰਲ ਮਿਲ ਕੇ ਅਜ਼ਾਦੀ ਦਿਵਸ ਮਨਾਉਣਾ ਚਾਹੀਦਾ ਹੈ। ਇਸ ਮੌਕੇ ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ ਨੇ ਆਪਣੇ ਬਜ਼ੁਰਗਾਂ ਦੁਆਰਾ ਦੇਸ਼ ਖਾਤਿਰ ਸੰਘਰਸ਼ ਵਿੱਚ ਪਾਏ ਹੋਏ ਯੋਗਦਾਨ ਬਾਰੇ ਵਿਸਥਾਰ ਪੂਰਵਕ ਸਕੂਲ ਸਟਾਫ਼, ਬੱਚਿਆਂ, ਅਤੇ ਹਾਜ਼ਰ ਸਖਸ਼ੀਅਤਾਂ ਨੂੰ ਚਾਨਣਾ ਪਾਇਆ, ਇਸ ਮੌਕੇ ਮੈਡਮ ਮੋਨਿਕਾ ਜੈਨ ਨੂੰ ਵਿੱਦਿਆ ਦੇ ਖੇਤਰ ਵਿੱਚ 15 ਸਾਲ ਲਗਾਤਾਰ ਸੇਵਾਵਾਂ ਨਿਭਾਉਂਦੇ ਹੋਣ ਕਰਕੇ ਤਾੜੀਆਂ ਦੀ ਗੂੰਜ ਵਿੱਚ ਉਨ੍ਹਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਅੰਤ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ, ਐੱਸ.ਬੀ.ਆਈ ਦੇ ਬ੍ਰਾਂਚ ਮੈਨੇਜਰ ਸੰਜੇ ਕੁਮਾਰ, ਕਬੱਡੀ ਕੋਚ ਜਗਰੂਪ ਸਿੰਘ ਰੂਪਾ, ਬੀ.ਜੇ.ਪੀ ਦੇ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਅਜੇ ਜੋਸ਼ੀ ਆਦਿ ਨੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ ਵੱਲੋਂ ਬੱਚਿਆਂ ਲਈ 50 ਕਾਪੀਆਂ ਪੈੱਨ ਵੀ ਸਟਾਫ਼ ਨੂੰ ਸੌਂਪੇ ਗਏ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬੀ ਜੇ ਪੀ ਦੇ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਸੱਤਿਆ ਐਲੀਮੈਂਟਰੀ ਸਕੂਲ ਹਠੂਰ ਦਾ ਸਮੂਹ ਮਿਹਨਤੀ ਸਟਾਫ਼ ਵਧਾਈ ਦਾ ਪਾਤਰ ਹੈ। ਜੋ ਬੱਚਿਆਂ ਨੂੰ ਚੰਗੀ ਵਿੱਦਿਆ ਦੇਣ ਦੇ ਨਾਲ ਨਾਲ ਬੱਚਿਆਂ ਨੂੰ ਸਭਿਆਚਾਰਕ ਗਤੀਵਿਧੀਆਂ, ਅਤੇ ਖੇਡਾਂ ਨਾਲ ਜੁੜਨ ਲਈ ਵੀ ਪ੍ਰੇਰਿਤ ਕਰਦਾ ਹੈ।ਇਸ ਸਕੂਲ ਦੀ ਖ਼ਾਸੀਅਤ ਹੈ ਕਿ ਬੱਚਿਆਂ ਤੋਂ ਕਿਸੇ ਵੀ ਕਿਸਮ ਦੀ ਫ਼ੀਸ ਨਹੀਂ ਲਈ ਜਾਂਦੀ ਸਗੋਂ ਬੱਚਿਆਂ ਨੂੰ ਅਨੇਕਾਂ ਸਹੂਲਤਾਂ ਸਕੂਲ ਵੱਲੋਂ ਦਿੱਤੀਆਂ ਜਾਂਦੀਆਂ ਹਨ। ਤੇ ਸਮੇਂ ਸਮੇਂ ਨਾਲ ਵੱਖ ਵੱਖ ਕੰਪੀਟੀਸ਼ਨ ਵੀ ਸਕੂਲ ਵੱਲੋਂ ਕਰਵਾਏ ਜਾਂਦੇ ਹਨ। ਸਮੁੱਚਾ ਸਕੂਲ ਸਟਾਫ਼ ਹੀ ਸ਼ਲਾਘਾਯੋਗ ਉਪਰਾਲਿਆਂ ਲਈ ਵਧਾਈ ਦਾ ਪਾਤਰ ਹੈ। ਇਸ ਮੌਕੇ ਸਟੇਟ ਬੈਂਕ ਆਫ਼ ਇੰਡੀਆ ਦੇ ਬ੍ਰਾਂਚ ਮੈਨੇਜਰ ਸੰਜੇ ਕੁਮਾਰ, ਬੀ ਜੇ ਪੀ ਦੇ ਮੰਡਲ ਹਠੂਰ ਤੋਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ, ਕਬੱਡੀ ਕੋਚ ਜਗਰੂਪ ਸਿੰਘ ਰੂਪਾ ਹਠੂਰ, ਗੁਰਪ੍ਰੀਤ ਸਿੰਘ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਹਠੂਰ ਦੇ ਮੈਂਬਰ ਸਹਿਬਾਨ, ਅਜੇ ਜੋਸ਼ੀ, ਅਮਨਦੀਪ ਸਿੰਘ, ਗੁਰਚਰਨ ਸਿੰਘ ਰਾਮਗੜ੍ਹੀਆ, ਪਰਮਿੰਦਰ ਸਿੰਘ, ਸਮੇਤ ਸਕੂਲ ਸਟਾਫ਼ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੋਨਿਕਾ ਜੈਨ, ਕਰਮਜੀਤ ਕੌਰ, ਮਨਪ੍ਰੀਤ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਧਰਮਿੰਦਰ ਸਿੰਘ, ਜਸਪ੍ਰੀਤ ਕੌਰ, ਗੁਰਜੀਤ ਕੌਰ, ਗੁਰਪ੍ਰੀਤ ਕੌਰ, ਪ੍ਰਭਪ੍ਰੀਤ ਕੌਰ, ਸਮੇਤ ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬੀ ਡੀ ਪੀ ਉ ਤਰਸਿੱਕਾ ਵਜੋਂ ਪਰਗਟ ਸਿੰਘ ਨੇ ਸੰਭਾਲਿਆ ਅਹੁਦਾ : ਗੁਰਜਿੰਦਰ ਸਿੰਘ ਕੁਹਾਟਵਿੰਡ



ਚੌਕ ਮਹਿਤਾ 16 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) ਬਾਲਾਕ ਵਿਕਾਸ ਪੰਚਾਇਤ ਅਫ਼ਸਰ ਦਫਤਰ ਤਰਸਿੱਕਾ ਵਿਖੇ ਪਿਛਲੇ ਦਿਨੀ ਬੀ ਡੀ ਪੀ ਉ ਦਾ ਅਹੁਦਾ ਸੰਭਾਲ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਗਿਆ ਹੈ। ਇਲਾਕੇ ਦੇ ਆਮ ਆਦਮੀ ਪਾਰਟੀ ਸੀਨੀਅਰ ਲੀਡਰ ਡਾ, ਗੁਰਵਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਚੌਕ ਮਹਿਤਾ, ਚੇਅਰਮੈਨ ਛਨਾਖ ਸਿੰਘ ਜੰਡਿਆਲਾ ਗੁਰੂ,ਬਾਲਾਕ ਪਰਧਾਨ ਸ, ਗੁਰਜਿੰਦਰ ਸਿੰਘ ਕੁਹਾਟਵਿੰਡ, ਨੇ ਕਿਹਾ ਕਿ ਇਲਾਕੇ ਦੀ ਖੁਸਕਿਸਮਤੀ ਹੈ ਕਿ ਬਹੁਤ ਇਮਾਦਾਰ ਅਜਿਹੇ ਅਫ਼ਸਰ ਦੀ ਨਿਵਯੁਤੀ ਹੋਈ ਹੈ ।ਜਿੰਨਾ ਵੱਲੋਂ ਹਮੇਸ਼ਾ ਹੀ ਪੰਚਾਇਤਾਂ ਦਾ ਕੰਮ ਸਹੀ ਤਰੀਕੇ ਕਰਨ ਲਈ ਸਿਰ ਤੌਰ ਯਤਨ ਕੀਤੇ ਜਾਂਦੇ ਹਨ। ਅਸੀਂ ਵੀ ਨਿਵਯੁਤ ਬੀ ਡੀ ਪੀ ਉ ਨੂੰ ਪਿੰਡਾਂ ਦੇ ਵਿਕਾਸ ਸਬੰਧੀ ਪੂਰਨ ਸਹਿਯੋਗ ਦੇਵਾਂਗੇ ਇਸ ਮੌਕੇ ਬਲਾਕ ਪ੍ਰਧਾਨ ਜਰਮਨ ਸਿੰਘ ਉਦੋਂ ਨੰਗਲ, ਬਲਾਕ ਪ੍ਰਧਾਨ ਭੁਪਿੰਦਰ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ ਬਲਾਕ ਪ੍ਰਧਾਨ ਬਲਰਾਜ ਸਿੰਘ, ਗੁਰਜਸਤਨ ਸਿੰਘ ਪੱਡਾ, ਲਵਪਰੀਤ ਸਿੰਘ ਟਾਗਰਾ ਹੋਰ ਵੀ ਸੀਨੀਅਰ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿਹਤ ਕਾਮਿਆਂ ਦੀ ਸੁਰੱਖਿਆ ਲਈ ਸਰਕਾਰ ਬਣਾਵੇ ਸਖ਼ਤ ਕਾਨੂੰਨ:ਪੰਡਿਤ ਰਾਕੇਸ਼ ਸ਼ਰਮਾ



**ਚੌਕ ਮਹਿਤਾ16ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਹਸਪਤਾਲ ਵਿਖੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ ਅਤੇ ਯੂਨਾਈਟਿਡ ਨਰਸਿੰਗ ਐਸੋਸੀਏਸ਼ਨ ਪੰਜਾਬ ਦੀ ਅੰਮ੍ਰਿਤਸਰ ਜ਼ਿਲ੍ਹੇ ਦੀ ਪ੍ਰਧਾਨ ਸ੍ਰੀਮਤੀ ਕਮਲਜੀਤ ਕੌਰ ਰੰਧਾਵਾ (ਸਟਾਫ਼ ਨਰਸ), ਪ੍ਰਭਜੋਤ ਕੌਰ ਜਰਨਲ ਸਕੱਤਰ, ਸਿਮਰਨਜੀਤ ਕੌਰ, ਕਿਰਨਜੀਤ ਕੌਰ, ਸਿਮਰਜੀਤ ਕੌਰ, ਵਰਿੰਦਰ ਕੌਰ, ਰਵਿੰਦਰ ਕੌਰ, ਦਲਜੀਤ ਕੌਰ, ਜਗਜੀਤ ਕੌਰ, ਸੰਦੀਪ ਕੌਰ, ਜੋਤੀ, ਸੁਨੀਤਾ, ਗੁਰਿੰਦਰ ਕੌਰ ਓ ਐਸ ਡੀ, ਜਸਬੀਰ ਕੌਰ ਅਤੇ ਮਮਤਾ ਤੇ ਕਵਲਜੀਤ ਕੌਰ ਨੇ ਸਰਕਾਰ ਨੂੰ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ, ਸਿਹਤ ਵਿਭਾਗ ਅਧੀਨ ਕੰਮ ਕਰਦੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਦੀ ਸੁਰੱਖਿਆ ਲਈ ਸਖ਼ਤ ਕਾਨੂੰਨ ਬਣਾਇਆ ਜਾਵੇ ਅਤੇ ਉਸ ਕਾਨੂੰਨ ਨੂੰ ਇੰਪਲਾਈਮੈਂਟ ਵੀ ਕੀਤਾ ਜਾਵੇ। ਸਿਹਤ ਕਾਮਿਆਂ ਦੀ ਸੁਰੱਖਿਆ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ ਸਮੁੱਚੇ ਪੰਜਾਬ ਦੇ ਸਮੂਹ ਯੂਨਾਈਟਿਡ ਨਰਸਿੰਗ ਐਸੋਸੀਏਸ਼ਨ ਪੰਜਾਬ ਵੱਲੋਂ ਕਲਕੱਤਾ ਵਿੱਚ ਦੁਸ਼ਕਰਮ ਪਿੱਛੋਂ ਕਤਲ ਕੀਤੀ ਗਈ ਮੈਡੀਕਲ ਸਟੂਡੈਂਟ(ਡਾਕਟਰ) ਅਤੇ ਉਤਰਾਖੰਡ ਵਿੱਚ ਦੁਸ਼ਕਰਮ ਪਿੱਛੋਂ ਕਤਲ ਕੀਤੀ ਗਈ ਨਿੱਜੀ ਹਸਪਤਾਲ ਦੀ ਸਟਾਫ਼ ਨਰਸ ਨੂੰ ਇਨਸਾਫ਼ ਦਿਵਾਉਣ ਲਈ ਅਤੇ ਉਨ੍ਹਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਨ ਲਈ ਸਿਵਲ ਹਸਪਤਾਲ ਵਿਖੇ 2 ਘੰਟੇ ਲਈ ਗੇਟ ਰੈਲੀ ਕੀਤੀ ਗਈ। ਇਸ ਦੌਰਾਨ ਸਿਰਫ ਐਮਰਜੈਂਸੀ ਸੇਵਾਵਾਂ ਹੀ ਬਹਾਲ ਰਹੀਆ ।ਅੰਮ੍ਰਿਤਸਰ ਜ਼ਿਲ੍ਹੇ ਅਧੀਨ ਪੈਂਦੇ ਸਮੂਹ SDH, PHC, CHC ਅਤੇ ਹੋਰ ਸਬ ਸੈਂਟਰਾਂ ਵੱਲੋਂ ਵੀ ਆਪੋ ਆਪਣੇ ਸਟੇਸ਼ਨ ਤੇ ਇਸੇ ਤਰਾਂ ਵਿਰੋਧ ਦਰਜ਼ ਕਰਵਾਇਆ ਗਿਆ। ਸਿਵਲ ਹਸਪਤਾਲ ਅੰਮ੍ਰਿਤਸਰ ਚ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿਚ ਪ੍ਰਧਾਨ ਕਮਲਜੀਤ ਕੌਰ , ਜਨਰਲ ਸੈਕਰੇਟਰੀ ਪ੍ਰਭਜੋਤ ਕੌਰ, ਸਿਮਰਨਜੀਤ ਕੌਰ , ਕਿਰਨਜੀਤ ਕੌਰ, ਵਰਿੰਦਰ ਰੰਧਾਵਾ, ਰਵਿੰਦਰ ਕੌਰ , ਦਲਜੀਤ ਕੌਰ , ਜਗਜੀਤ ਕੌਰ, ਸੰਦੀਪ ਕੌਰ, ਜਯੋਤੀ , ਸੁਨੀਤਾ, ਗੁਰਿੰਦਰ ਕੌਰ ਓ ਐਸ ਡੀ, ਜਸਬੀਰ ਕੌਰ, ਮਮਤਾ, ਸੁਖਵਿੰਦਰ ਕੌਰ, ਕਵਲਜੀਤ ਕੌਰ ਸਟਾਫ ਨਰਸਾਂ ਪੁਰਜ਼ੋਰ ਸ਼ਕਤੀ ਨਾਲ ਸ਼ਾਮਿਲ ਸਨ ਇਸ ਮੌਕੇ ਪੀ ਸੀ ਐਮ ਐਸ ਵੱਲੋਂ ਡਾਕਟਰ ਰਵੀ ਤੇਜ਼ ਪਾਲ, ਡਾਕਟਰ ਗੁਰਿੰਦਰ ਸਿੰਘ ਆਰਥੋ, ਡਾਕਟਰ ਪ੍ਰਭਜੋਤ ਕੌਰ ਗਾਇਨੀਕਾਲੋਜਿਸਟ, ਡਾਕਟਰ ਮਦਨ ਮੋਹਨ, ਡਾਕਟਰ ਨਵਦੀਪ ਸਿੰਘ ਸੋਹੀ, ਡਾਕਟਰ ਵਿਜੇ ਕੁਮਾਰ ਸੈਣੀ, ਡਾਕਟਰ ਜਸਕਰਨ ਕੌਰ ਬੱਚਿਆਂ ਦੇ ਮਾਹਿਰ ਆਦਿ ਨੇ ਵੀ ਐਸ ਐਮ ਓ ਡਾਕਟਰ ਪ੍ਰੀਤ ਵੀਨ ਕੌਰ ਨੂੰ ਮੰਗ ਪੱਤਰ ਸੌਂਪਿਆ ਗਿਆ

ਆਵਾਜ਼ਿ ਕੌਮ AWAZE QAUM International Newspaper & WEB TV



## ਨਹਿਰੂ-ਪਟੇਲ ਵਾਅਦੇ ਕਰਕੇ ਮੁੱਕਰ ਗਏ

# 1947 ਤੋਂ ਬਾਅਦ ਫ਼ਿਰਕੂ ਹਿੰਦੂਤਵੀਆਂ ਨੇ ਸਿੱਖਾਂ ਦੇ ਖ਼ੂਨ ਨਾਲ਼ ਹੋਲੀ ਖੇਡੀ

**• ਮੁਸਲਿਮ ਆਗੂ ਜਿਨਾਹ ਦੀ ਗੱਲ ਵੀ ਸੱਚ ਨਿਕਲੀ • ਧੋਖਿਆਂ, ਜ਼ੁਲਮਾਂ, ਘੱਲੂਘਾਰਿਆਂ ਤੇ ਨਸਲਕੁਸ਼ੀ ਦੀ ਦਾਸਤਾਨ • ਓਦੋਂ ਅਸੀਂ ਵੀ ਅਜ਼ਾਦੀ ਦੇ ਜਸ਼ਨ ਮਨਾਵਾਂਗੇ**

15 ਅਗਸਤ 1947 ਨੂੰ ਭਾਰਤ ਦੇਸ਼ ਤਾਂ ਆਜ਼ਾਦ ਹੋ ਗਿਆ ਪਰ ਸਿੱਖ ਕੌਮ ਦੇ ਗਲ਼ੋਂ ਗ਼ੁਲਾਮੀ ਦੀ ਫਾਹੀ ਨਾ ਨਿਕਲ ਸਕੀ ਕਿਉਂਕਿ ਸਾਡੇ ਸਿੱਖ ਆਗੂ ਬਿਪਰਵਾਦ ਵੱਲੋਂ ਵਿਛਾਏ ਜਾਲ 'ਚ ਬੁਰੀ ਤਰ੍ਹਾਂ ਫਸ ਚੁੱਕੇ ਸਨ। ਦੇਸ਼ ਦੀ ਅਜ਼ਾਦੀ ਤੋਂ ਪਹਿਲਾਂ ਨਹਿਰੂ, ਗਾਂਧੀ ਤੇ ਪਟੇਲ ਜਿਹੇ ਗੰਗੂ ਬ੍ਰਾਹਮਣ ਦੇ ਵਾਰਸਾਂ ਨੇ ਸਿੱਖਾਂ ਨਾਲ ਕਈ ਤਰ੍ਹਾਂ ਦੇ ਵਾਅਦੇ ਕੀਤੇ ਪਰ ਬਾਅਦ 'ਚ ਰਾਜ ਸੱਤਾ ਹੱਥ 'ਚ ਆਉਂਦੇ ਸਾਰ ਹੀ ਹਿੰਦੂਵਾਦੀਆਂ ਨੇ ਆਪਣਾ ਅਸਲ ਕਰੂਪ ਚਿਹਰਾ ਵਿਖਾ ਦਿੱਤਾ।

ਮੁਸਲਿਮ ਆਗੂ ਜਿਨਾਹ ਦੀ ਭਵਿੱਖਬਾਣੀ ਵੀ ਸੱਚੀ ਹੋ ਨਿਬੜੀ, ਉਸ ਨੇ ਸਿੱਖ ਆਗੂਆਂ ਨੂੰ ਹਲੂਣਾ ਦਿੰਦੇ ਹੋਏ ਕਿਹਾ ਸੀ ਕਿ ਤੁਸੀਂ ਹਿੰਦੂ ਨੂੰ ਗੁਲਾਮ ਰੂਪ 'ਚ ਵੇਖਿਆ ਹੈ, ਜਦੋਂ ਇਸ ਨੂੰ ਆਜ਼ਾਦ ਹੋਇਆ ਵੇਖੋਗੇ ਤਾਂ ਇਹ ਗਿਰਗਿਟ ਵਾਂਗ ਰੰਗ ਬਦਲ ਜਾਵੇਗਾ ਤੇ ਗ਼ੈਰ ਹਿੰਦੂ-ਕੌਮਾਂ ਨੂੰ ਨੇਸਤੋ-ਨਾਬੂਦ ਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੇਗਾ।

ਪਰ ਮਾਸਟਰ ਤਾਰਾ ਸਿੰਘ ਤੇ ਬਲਦੇਵ ਸਿੰਘ ਨੇ ਮੁਸਲਿਮ ਆਗੂ ਜਿਨਾਹ ਦੀ ਇੱਕ ਨਾ ਮੰਨੀ। 16 ਮਾਰਚ 1931 ਨੂੰ ਅਖੌਤੀ ਮਹਾਤਮਾ ਗਾਂਧੀ ਨੇ ਦਿੱਲੀ ਦੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਭਰਵੇਂ ਇਕੱਠ 'ਚ ਕਿਹਾ ਸੀ ਕਿ "ਸਿੱਖ ਬਹਾਦਰ ਲੋਕ ਹਨ ਤੇ ਜੇ ਕਦੇ ਬਿਪਤਾ ਦਾ ਸਮਾਂ ਬਣ ਵੀ ਜਾਏ, ਕਾਂਗਰਸ ਉਹਨਾਂ ਨੂੰ ਹੱਕ ਨਾ ਦੇਵੇ ਤਾਂ ਸਿੱਖ ਆਪਣੇ ਹੱਕਾਂ ਦੀ ਰਾਖੀ ਸ਼ਸਤਰ ਦੁਆਰਾ ਵੀ ਕਰ ਸਕਦੇ ਹਨ।"

ਦਸੰਬਰ 1929 'ਚ ਕਾਂਗਰਸ ਪਾਰਟੀ ਨੇ ਲਾਹੌਰ ਸੈਸ਼ਨ ਵਿੱਚ ਫੈਸਲਾ ਲਿਆ ਕਿ ਕਾਂਗਰਸ ਪਾਰਟੀ ਕੋਈ ਵੀ ਇਹੋ ਜਿਹਾ ਕਾਨੂੰਨ ਨਹੀ ਬਣਾਏਗੀ ਜੋ ਸਿੱਖਾਂ ਨੂੰ ਮਨਜ਼ੂਰ ਨਾ ਹੋਵੇ ਤੇ ਸਿੱਖ, ਮੁਸਲਿਮ ਤੇ ਹੋਰ ਘੱਟ-ਗਿਣਤੀਆਂ ਉਸ ਦਾ ਵਿਰੋਧ ਕਰਨ।

6 ਜੁਲਾਈ 1945 ਨੂੰ ਨਹਿਰੂ ਨੇ ਕਲਕੱਤੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ "ਉੱਤਰੀ ਭਾਰਤ ਵਿੱਚ ਸਿੱਖਾਂ ਲਈ ਇੱਕ ਅਜਿਹਾ ਖਿੱਤਾ ਐਲਾਨ ਕੀਤਾ ਜਾਵੇਗਾ ਜਿਸ ਵਿੱਚ ਉਹ ਆਪਣੀ ਆਜ਼ਾਦੀ ਦਾ ਨਿੱਘ ਮਾਣ ਸਕਣਗੇ।"

10 ਅਗਸਤ 1946 ਨੂੰ ਕਾਂਗਰਸ ਨੇ ਬਕਾਇਦਾ ਇਹ ਮਤਾ ਪਾ ਕੇ ਸਿੱਖਾਂ ਨੂੰ ਭਰੋਸਾ ਦਿਵਾਇਆ ਕਿ ਕਾਂਗਰਸ ਉਹਨਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਸਹਾਇਤਾ ਕਰੇਗੀ।

ਆਵਾਜ਼ਿ ਕੌਮ AWAZE QAUM
International Newspaper & WEB TV

ਅੰਗਰੇਜ਼ ਤਾਂ ਸਿੱਖਾਂ ਨੂੰ ਵੱਖਰਾ ਮੁਲਕ ਦੇਣਾ ਚਾਹੁੰਦੇ ਸਨ ਪਰ ਚਾਣਕੀਆ ਦੇ ਵਾਰਸ ਚਲਾਕ ਬ੍ਰਾਹਮਣਾਂ ਨੇ ਸਿੱਖਾਂ ਨੂੰ ਸਾਂਝੇ ਤੌਰ 'ਤੇ ਭਾਰਤ 'ਚ ਰਹਿਣ ਲਈ ਤਿਆਰ ਕਰ ਲਿਆ, ਦੂਜੇ ਪਾਸੇ ਮੁਸਲਮਾਨਾਂ ਨੇ ਵੱਖਰੇ ਪਾਕਿਸਤਾਨ ਦੀ ਮੰਗ ਜਾਰੀ ਰੱਖੀ ਤੇ ਸਫ਼ਲਤਾ ਪ੍ਰਾਪਤ ਕੀਤੀ। ਲੇਕਿਨ ਸਿੱਖ ਆਗੂਆਂ ਨੇ ਆਪਣੇ ਨਿੱਜੀ ਸਵਾਰਥਾਂ ਲਈ ਤੇ ਬਿਪਰਵਾਦ ਤੇ ਭਰੋਸਾ ਕਰਕੇ ਗੰਗੂਆਂ ਨਾਲ ਆਪਣੀ ਕਿਸਮਤ ਜੋੜ ਕੇ ਬਹੁਤ ਵੱਡੀ ਗਲਤੀ ਕੀਤੀ, ਜਿਸ ਦਾ ਖਮਿਆਜਾ ਅੱਜ-ਤੱਕ ਪੂਰੀ ਕੌਮ ਨੂੰ ਭੁਗਤਣਾ ਪੈ ਰਿਹਾ ਹੈ।

ਅਜ਼ਾਦੀ ਤੋਂ ਬਾਅਦ ਹਿੰਦੂਆਂ ਨੇ ਸਿੱਖਾਂ ਨਾਲ ਨਫ਼ਰਤ ਭਰਿਆ ਵਤੀਰਾ ਕਰਨਾ ਸ਼ੁਰੂ ਕਰ ਦਿੱਤਾ, ਹਿੰਦੂ ਸਾਮਰਾਜ ਨੇ ਸਿੱਖਾਂ ਨਾਲ ਬਹੁਤ ਧੱਕੇ, ਜ਼ੁਲਮ ਤੇ ਵਿਤਕਰੇ ਕੀਤੇ, ਸਾਨੂੰ ਜ਼ਰਾਇਮ ਪੇਸ਼ਾ ਕੌਮ ਐਲਾਨਿਆ, ਸਿੱਖਾਂ ਨੂੰ ਦੱਬਣ, ਕੁਚਲਣ ਤੇ ਕਮਜ਼ੋਰ ਕਰਨ ਦੀ ਕੋਸ਼ਿਸ਼ ਕੀਤੀ ਗਈ, ਸਿੱਖ ਹੋਂਦ-ਹਸਤੀ ਨੂੰ ਹਿੰਦੂ ਸਾਮਰਾਜ ਦੇ ਖਾਰੇ ਤੇ ਵਿਸ਼ਾਲ ਸਮੁੰਦਰ 'ਚ ਡੋਬਣ ਦੀਆਂ ਕਈ ਘਟੀਆ ਚਾਲਾਂ ਖੇਡੀਆਂ ਗਈਆਂ।

ਸਿੱਖਾਂ ਨੂੰ ਧਰਮ ਨਾਲੋਂ ਤੋੜਨ ਲਈ ਦੇਹਧਾਰੀ ਗੁਰੂ-ਡੰਮ੍ਹ ਦਾ ਜਾਲ ਵਿਛਾਇਆ ਗਿਆ ਤੇ ਸਿੱਖ ਗੁਰੂ ਸਾਹਿਬਾਨਾਂ ਨੂੰ ਹਿੰਦੂ ਦਰਸਾਇਆ ਗਿਆ। ਜਦੋਂ ਗੁਰੂ ਕੇ ਲਾਲਾਂ ਨੇ ਆਪਣੇ ਵਿਰੁੱਧ ਹੋ ਰਹੇ ਇਸ ਅਨਿਆਂ ਵਿਰੁੱਧ ਆਵਾਜ਼ ਉਠਾਈ ਤੇ ਆਪਣੇ ਬਣਦੇ ਹੱਕ ਪ੍ਰਾਪਤ ਕਰਨ ਦੀ ਲਹਿਰ ਨੂੰ ਪ੍ਰਚੰਡ ਕੀਤਾ ਤਾਂ ਪਹਿਲਾਂ ਤੋਂ ਹੀ ਸਿੱਖਾਂ ਦੀ ਨਸਲਕੁਸ਼ੀ ਕਰਨ ਲਈ ਤਿਆਰ ਹਿੰਦੂਤਵ ਨੇ ਸਿੱਖਾਂ ਉੱਤੇ ਧਾਵਾ ਬੋਲ ਦਿੱਤਾ।

ਜੂਨ 1984 'ਚ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਸਿੱਖ ਸੁਤੰਤਰਤਾ ਦੇ ਪ੍ਰਤੀਕ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਅਨੇਕਾਂ ਗੁਰਧਾਮਾਂ 'ਤੇ ਭਾਰਤ ਸਰਕਾਰ ਨੇ ਟੈਂਕਾਂ-ਤੋਪਾਂ ਨਾਲ਼ ਕਹਿਰੀ ਫ਼ੌਜੀ ਹਮਲਾ ਕਰ ਦਿੱਤਾ। ਜਿਸ ਨੂੰ ਸਿੱਖ ਕੌਮ ਤੀਜੇ ਘੱਲੂਘਾਰੇ ਵਜੋਂ ਇਤਿਹਾਸ 'ਚ ਯਾਦ ਕਰਦੀ ਹੈ। ਗੁਰੂ-ਘਰ 'ਤੇ ਚੜ੍ਹ ਕੇ ਆਏ ਵੈਰੀਆਂ ਦਾ ਮੁਕਾਬਲਾ ਵੀਹਵੀਂ ਸਦੀ ਦੇ ਮਹਾਨ ਸਿੱਖ ਤੇ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਸ੍ਰੀ ਮਾਨ ਸੰਤ ਬਾਬਾ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ, ਭਾਈ ਅਮਰੀਕ ਸਿੰਘ ਤੇ ਜਨਰਲ ਸ਼ਬੇਗ ਸਿੰਘ ਦੀ ਅਗਵਾਈ 'ਚ ਮੁੱਠੀ ਭਰ ਜੁਝਾਰੂ ਸਿੰਘਾਂ ਨੇ ਪੂਰੀ ਨਿਡਰਤਾ ਤੇ ਬਹਾਦਰੀ ਨਾਲ ਕੀਤਾ ਤੇ ਗੰਗੂਕਿਆਂ ਦੇ ਵਾਰਸਾਂ ਨੂੰ ਲੋਹੇ ਦੇ ਚਣੇ ਚਬਾਏ।

ਗੁਰੂ ਕੇ ਲਾਲ ਆਖ਼ਰੀ ਸੁਆਸ ਤੱਕ ਫ਼ੌਜ ਦਾ ਮੁਕਾਬਲਾ ਕਰਦੇ ਰਹੇ ਤੇ ਸ਼ਹਾਦਤਾਂ ਦਾ ਜਾਮ ਪੀ ਗਏ। ਸਰਕਾਰ ਨੇ ਪੰਜਾਬ ਨੂੰ ਫ਼ੌਜ ਦੇ ਹਵਾਲੇ ਕੀਤਾ ਹੋਇਆ ਸੀ, ਚੱਪੇ-ਚੱਪੇ 'ਤੇ ਪੁਲੀਸ ਅਤੇ ਫ਼ੌਜ ਦੀਆਂ ਅਨੇਕਾਂ ਕੰਪਨੀਆਂ ਸਿੱਖਾਂ 'ਤੇ ਮੰਡਰਾ ਰਹੀਆਂ ਸਨ ਤੇ ਅੰਮ੍ਰਿਤਸਰ 'ਚ ਹਜ਼ਾਰਾਂ ਬੇਗ਼ੁਨਾਹਾਂ ਸੰਗਤਾਂ ਨੂੰ ਫ਼ੌਜ ਨੇ ਮੌਤ ਦੇ ਘਾਟ ਉਤਾਰ ਦਿੱਤਾ। ਜਿਸ ਦਰਬਾਰ ਸਾਹਿਬ ਦੀਆਂ ਪ੍ਰਕਰਮਾਂ 'ਚ ਬੈਠ ਕੇ ਹਜ਼ਾਰਾਂ ਸੰਗਤਾਂ ਇਲਾਹੀ ਗੁਰਬਾਣੀ ਦੇ ਕੀਰਤਨ ਦੀਆਂ ਧੁਨਾਂ ਸੁਣ ਕੇ ਆਤਮਿਕ ਅਨੰਦ ਪ੍ਰਾਪਤ ਕਰਦੀਆਂ ਸਨ ਓਸੇ ਪ੍ਰਕਰਮਾਂ 'ਚ ਬੈਠ ਕੇ ਹਿੰਦੂ ਫ਼ੌਜੀਆਂ ਨੇ ਬੀੜੀਆਂ-ਸਿਗਰਟਾਂ ਤੇ ਸ਼ਰਾਬਾਂ ਪੀਤੀਆਂ ਤੇ ਸਿੱਖਾਂ ਦੀਆਂ ਪੱਗਾਂ



ਨਾਲ ਉਹਨਾਂ ਦੇ ਹੱਥ ਬੰਨ੍ਹ ਕੇ ਧੁੱਪ 'ਚ ਲਿਟਾਇਆ ਤੇ ਅਕਹਿ ਤੇ ਅਸਹਿ ਤਸੀਹੇ ਦੇ ਕੇ ਨੇੜਿਓਂ ਸਿਰ 'ਚ ਗੋਲ਼ੀਆਂ ਮਾਰੀਆਂ। ਇਥੋਂ ਤਕ ਕਿ ਫ਼ੌਜ ਨੇ ਦੁੱਧ ਪੀਂਦੇ ਬੱਚੇ ਤੱਕ ਵੀ ਨਾ ਬਖਸ਼ੇ ਤੇ ਉਹਨਾਂ ਨੂੰ ਪਾਣੀ ਦੀ ਬੂੰਦ ਤਕ ਨਾ ਦਿੱਤੀ ਤੇ ਮਾਵਾਂ ਨੇ ਆਪਣਾ ਪਸੀਨਾ ਪੂੰਝ ਕੇ ਕੱਪੜੇ ਨਾਲ਼ ਨਿਚੋੜ ਕੇ ਬੱਚਿਆਂ ਦੇ ਬੁੱਲ ਗਿੱਲੇ ਕੀਤੇ ਤੇ ਫ਼ੌਜੀਆਂ ਨੇ ਮਾਂਵਾਂ ਦੀਆਂ ਗੋਦੀਆਂ 'ਚੋਂ ਬੱਚੇ ਚੁੱਕ ਕੇ ਕੰਧਾਂ ਨਾਲ਼ ਪਟਕਾ-ਪਟਕਾ ਮਾਰੇ।

ਜਿਸ ਪਵਿੱਤਰ ਅੰਮ੍ਰਿਤ ਸਰੋਵਰ 'ਚ ਇਸ਼ਨਾਨ ਕਰਕੇ ਸੰਗਤਾਂ ਆਪਣੇ ਮਨ-ਤਨ ਦੇ ਰੋਗ ਦੂਰ ਕਰਦੀਆਂ ਸਨ, ਉਹ ਸਰੋਵਰ ਖ਼ੂਨ ਨਾਲ਼ ਲਾਲ ਹੋ ਚੁੱਕਾ ਸੀ ਤੇ ਭਾਰਤੀ ਫ਼ੌਜੀਆਂ ਨੇ ਇਮਾਰਤਾਂ 'ਤੇ ਚੜ੍ਹ ਕੇ ਤਿਰੰਗੇ ਲਹਿਰਾਏ। ਗੁਰੂ ਕੀ ਨਗਰੀ 'ਚ ਅੰਤਾਂ ਦਾ ਕਹਿਰ ਕਰਕੇ ਵੀ ਅਜੇ ਹਿੰਦੂ ਹਾਕਮਾਂ ਦੀ ਪਿਆਸ ਬੁਝੀ ਨਹੀਂ ਸੀ।

ਥੋੜੇ ਸਮੇਂ ਬਾਅਦ ਹੀ ਨਵੰਬਰ 1984 'ਚ ਦਿੱਲੀ, ਕਾਨਪੁਰ ਤੇ ਹੋਰ ਦਸਾਂ ਸ਼ਹਿਰਾਂ 'ਚ ਸਿੱਖਾਂ ਦਾ ਰੱਜ ਕੇ ਕਤਲੇਆਮ ਕੀਤਾ ਗਿਆ। ਸਿੱਖ ਕੌਮ 'ਤੇ ਬਹੁਤ ਭਿਆਨਕ ਸਮਾਂ ਚੱਲ ਰਿਹਾ ਸੀ ਤੇ ਹਿੰਦੂਤਵੀਏ ਖ਼ੁਸ਼ੀਆਂ ਮਨਾ ਕੇ ਸਿੱਖਾਂ ਦੀ ਬਰਬਾਦੀ 'ਤੇ ਭੰਗੜੇ ਪਾ ਰਹੇ ਸਨ।

ਫਿਰ ਜਦੋਂ ਗੁਰੂ ਸਾਹਿਬਾਨਾਂ ਵੱਲੋਂ ਬਖਸ਼ੇ ਸਿਧਾਂਤ ਅਨੁਸਾਰ ਸਿੱਖ ਯੋਧੇ ਸ਼ਸਤਰਧਾਰੀ ਹੋ ਕੇ ਦਿੱਲੀ ਦਰਬਾਰ ਵਿਰੁੱਧ ਜੰਗ ਲੜਨ ਲਈ ਮੈਦਾਨ 'ਚ ਨਿੱਤਰੇ ਤਾਂ ਗਾਂਧੀਵਾਦੀ ਸੋਚ ਵਾਲਿਆਂ ਨੇ ਸਿੱਖਾਂ ਨੂੰ ਅੱਤਵਾਦੀ, ਵੱਖਵਾਦੀ, ਦੇਸ਼ਧ੍ਰੋਹੀ, ਕਾਤਲ ਆਦਿਕ ਕਹਿ ਕੇ ਅੰਤਰ-ਰਾਸ਼ਟਰੀ ਪੱਧਰ 'ਤੇ ਭੰਡਣਾ-ਬਦਨਾਮ ਕਰਨਾ ਸ਼ੁਰੂ ਕਰ ਦਿੱਤਾ। ਖ਼ਾਲਸੇ ਨੇ ਚੁਣ-ਚੁਣ ਕੇ ਵੈਰੀਆਂ ਦਾ ਸੋਧੇ ਲਾਏ ਤੇ ਦਿੱਲੀ ਦਰਬਾਰ ਦੇ ਕਿੰਗਰੇ ਹਿਲਾ ਕੇ ਰੱਖ ਦਿੱਤੇ।

ਅਕ੍ਰਿਤਘਣ ਹਿੰਦੂ ਸਰਕਾਰ ਨੇ ਸਿੱਖਾਂ ਦੇ ਸਿਰਾਂ ਦਾ ਪੱਚੀ-ਪੱਚੀ ਲੱਖ ਰੁਪਏ ਮੁੱਲ ਰੱਖਿਆ ਜਿਵੇਂ 18ਵੀਂ ਸਦੀ 'ਚ ਮੁਗਲ ਹਕੂਮਤ ਸਿੱਖਾਂ ਦਾ ਸਿਰ ਵੱਢ ਕੇ ਲਿ ਆਉਣ ਵਾਲ਼ੇ ਨੂੰ ਮੋਹਰਾਂ ਦੇ ਕੇ ਨਿਵਾਜਦੀ ਹੁੰਦੀ ਸੀ। ਓਹੀ ਇਤਿਹਾਸ ਦੁਹਰਾਇਆ, ਬਾਬਰਕਿਆਂ ਦੇ ਵਾਰਸ ਅੱਜ ਬਾਬਿਆਂ ਦੇ ਵਾਰਸ ਸਿੱਖਾਂ 'ਤੇ ਜ਼ੁਲਮ ਢਾਹ ਰਹੇ ਸਨ। ਹਿੰਦ ਸਰਕਾਰ ਨੇ ਸਿੱਖਾਂ ਦਾ ਖੁਰਾ ਖੋਜ ਮਿਟਾਉਣ ਲਈ ਅਪਰੇਸ਼ਨ ਵੁੱਡਰੋਜ਼ ਤਹਿਤ ਅਤੇ ਆਲਮ ਸੈਨਾ, ਗਿੱਲ ਸੈਨਾ, ਸੁਮੇਧ ਸੈਨਾ, ਘੋਟਣਾ ਸੈਨਾ, ਵਿਰਕ ਸੈਨਾ ਆਦਿ ਬਣਾ ਕੇ ਸਿੱਖਾਂ ਦੀ ਨਸਲਕੁਸ਼ੀ ਜਾਰੀ ਰੱਖੀ ਤੇ ਹਜ਼ਾਰਾਂ ਬੇਗ਼ੁਨਾਹਾਂ ਨਿਰਦੋਸ਼ੇ ਸਿੰਘਾਂ-ਸਿੰਘਣੀਆਂ ਨੂੰ ਘਰਾਂ, ਖੇਤਾਂ ਤੇ ਦੁਕਾਨਾਂ 'ਚੋਂ ਚੁੱਕ ਕੇ ਲਾਪਤਾ ਕਰ ਦਿੱਤਾ, ਜਿੰਨ੍ਹਾਂ ਚੋਂ ਅੱਜ-ਤਕ ਕਈਆਂ ਦੀ ਉੱਘ-ਸੁੱਘ ਤੱਕ ਨਾ ਮਿਲ਼ੀ ਤੇ ਹਜ਼ਾਰਾਂ ਲਵਾਰਿਸ ਲਾਸ਼ਾਂ ਕਹਿ ਕੇ ਸ਼ਮਸ਼ਾਨ ਘਾਟ 'ਚ ਸਾੜ ਦਿੱਤੀਆਂ ਗਈਆਂ।



ਸਰਕਾਰ ਸਿੱਖਾਂ ਦੇ ਮਸਲੇ ਹੱਲ ਨਹੀਂ ਸੀ ਕਰਨਾ ਚਾਹੁੰਦੀ, ਲੇਕਿਨ ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਢਿੰਡੋਰਾ ਪਿੱਟ ਕੇ ਸਿੱਖ ਨੌਜਵਾਨੀ ਨੂੰ ਝੂਠੇ ਪੁਲੀਸ ਮੁਕਾਬਲਿਆਂ 'ਚ ਮਾਰ ਸੁੱਟਣਾ ਸਰਕਾਰ ਲਈ ਖੇਡ ਬਣ ਚੁੱਕਾ ਸੀ। ਇਹਨੀਂ ਦਿਨੀਂ ਪੁਲੀਸ ਨੇ ਕਈ ਮਾਂਵਾਂ ਦੇ ਗੱਭਰੂ ਪੁੱਤ ਮਾਰ ਮੁਕਾਏ ਤੇ ਕਈ ਜ਼ਾਲਮ ਹਕੂਮਤ ਨਾਲ ਟੱਕਰ ਲੈਂਦਿਆਂ ਖੁਦ ਸ਼ਹੀਦੀਆਂ ਪਾ ਗਏ।

ਸਿੱਖ ਕੌਮ ਇਸ ਤਿਰੰਗੇ ਝੰਡੇ ਨਾਲ ਨਫ਼ਰਤ ਕਰਦੀ ਹੈ ਕਿਉਂਕਿ ਇਸ ਤਿਰੰਗੇ ਵਿੱਚੋਂ ਬੇਕਸੂਰ ਸਿੱਖਾਂ ਦੀਆਂ ਚੀਕਾਂ ਸੁਣਾਈ ਦਿੰਦੀਆਂ ਹਨ, ਇਸ ਵਿੱਚੋਂ ਢੱਠਾ ਹੋਇਆ ਸ੍ਰੀ ਅਕਾਲ ਤਖਤ ਸਾਹਿਬ ਵਿਖਾਈ ਦਿੰਦਾ ਹੈ, ਹਿੰਦੁਸਤਾਨੀ ਸਰਕਾਰਾਂ ਵੱਲੋਂ ਪੰਜਾਬ ਨਾਲ਼ ਪੈਰ-ਪੈਰ 'ਤੇ ਕੀਤੇ ਧੋਖੇ ਵਿਖਾਈ ਦਿੰਦੇ ਹਨ, ਸਾਡੇ ਤੋਂ ਵੱਖ ਹੋਏ ਗੁਰਧਾਮ ਅਤੇ ਉਜਾੜੇ ਗਏ ਸਿੱਖ ਪਰਿਵਾਰ ਵਿਖਾਈ ਦਿੰਦੇ ਹਨ। ਇਹ ਝੰਡਾ ਸਿੱਖ ਕੌਮ ਦਾ ਕਾਤਲ ਹੈ। ਇਸ ਲਈ 15 ਅਗਸਤ ਸਿੱਖਾਂ ਲਈ ਅਜ਼ਾਦੀ ਦਿਨ ਨਹੀਂ, ਬਲਕਿ ਬਰਬਾਦੀ ਦਿਨ ਤੇ ਵਿਸ਼ਵਾਸਘਾਤ ਦਿਹਾੜਾ ਹੈ।

ਅਸੀਂ ਅਰਦਾਸ ਕਰਦੇ ਹਾਂ ਕਿ ਜਲਦ ਹੀ ਸੰਯੁਕਤ ਰਾਸ਼ਟਰ 'ਚ ਖ਼ਾਲਸਾਈ ਨਿਸ਼ਾਨ ਸਾਹਿਬ ਝੁੱਲੇ ਤੇ ਪ੍ਰਭੂਸੱਤਾ ਸੰਪੰਨ ਆਜ਼ਾਦ ਸਿੱਖ ਰਾਜ (ਖ਼ਾਲਿਸਤਾਨ) ਦੀ ਸਥਾਪਨਾ ਹੋਵੇ। ਫਿਰ ਜਦੋਂ ਖ਼ਾਲਸੇ ਦੇ ਬੋਲ-ਬਾਲੇ ਹੋਣਗੇ ਤਾਂ ਓਦੋਂ ਅਸੀਂ ਵੀ ਅਜ਼ਾਦੀ ਦੇ ਜਸ਼ਨ ਮਨਾਵਾਂਗੇ।

**- ਰਣਜੀਤ ਸਿੰਘ ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
**ਮੋ: 88722-93883.**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਸੰਸਥਾ ਪਠਲਾਵਾ ਵੱਲੋਂ ਆਜ਼ਾਦੀ ਦਿਵਸ ਮਨਾਇਆ ਗਿਆ

**ਬੰਗਾ, 16 ਅਗਸਤ (ਹਰਪ੍ਰੀਤ ਸਿੰਘ ਪਠਲਾਵਾ)** -ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਸਿਰਮੌਰ ਸੰਸਥਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਸੰਸਥਾ ਦੇ ਪਠਲਾਵਾ ਸਥਿਤ ਦਫਤਰ ਦੇ ਖੁੱਲੇ ਵਿਹੜੇ ਵਿੱਚ ਆਜ਼ਾਦੀ ਦੀ 77 ਵੀ ਵਰੇਗੰਢ ਮਨਾਉਣ ਹਿਤ ਸੰਖੇਪ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ: ਤਰਲੋਚਨ ਸਿੰਘ ਵਾਰੀਆ, ਸਰਪ੍ਰਸਤ ਸ: ਬਲਵੰਤ ਸਿੰਘ ਜਗੈਤ, ਸਰਪੰਚ ਸ: ਹਰਪਾਲ ਸਿੰਘ , ਸਾਬਕਾ ਸਰਪੰਚ ਅਵਤਾਰ ਸਿੰਘ ਪਠਲਾਵਾ ਅਤੇ ਸ: ਸੁਮਨਪ੍ਰੀਤ ਸਿੰਘ ਪਠਲਾਵਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਯੂਥ ਵਿੰਗ ਵਲੋਂ ਸਾਂਝੇ ਤੌਰ ਤੇ

ਆਵਾਜ਼ਿ ਕੌਮ AWAZE QAUM
International Newspaper & WEB TV

ਕੀਤੀ। ਇਸ ਸਮਾਗਮ ਦੇ ਸ਼ੁਰੂ ਵਿਚ ਦੇਸ਼ ਦਾ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਸੰਸਥਾ ਦੇ ਇਸਤਰੀ ਵਿੰਗ ਦੇ ਪ੍ਰਧਾਨ ਡਾ: ਵਰਿੰਦਰ ਕੌਰ ਵਾਰੀਆ ਅਤੇ ਸੀਨੀਅਰ ਉਪ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਵਾਰੀਆ ਵਲੋਂ ਸਾਂਝੇ ਤੌਰ ਤੇ ਨਿਭਾਈ ਗਈ।

ਇਸ ਤੋਂ ਬਾਅਦ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਮਹਾਨ ਯੋਧਿਆਂ ਨੂੰ ਯਾਦ ਕਰਦਿਆਂ ਵੱਖ ਵੱਖ ਬੁਲਾਰਿਆਂ, ਅਵਤਾਰ ਸਿੰਘ ਪਠਲਾਵਾ, ਸਰਪੰਚ ਸ: ਹਰਪਾਲ ਸਿੰਘ, ਮਾਂ ਤਰਲੋਚਨ ਸਿੰਘ ਪਠਲਾਵਾ, ਮਾਂ ਰਮੇਸ਼ ਕੁਮਾਰ ਪਠਲਾਵਾ, ਸੰਦੀਪ ਕੁਮਾਰ ਗੌੜ ਪੋਸੀ, ਸ ਕੁਲਦੀਪ ਸਿੰਘ ਪੀਜ਼ਾ ਹੌਟ ਨੇ ਆਪਣੇ ਭਾਸ਼ਨਾ ਵਿੱਚ ਕਿਹਾ ਕਿ ਅਸੀਂ ਆਪਣੇ ਉਹਨਾਂ ਮਹਾਨ ਸ਼ਹੀਦਾਂ, ਦੇਸ਼ ਭਗਤਾਂ, ਸੂਰਵੀਰ ਯੋਧਿਆਂ ਦੀਆਂ ਕੁਰਬਾਨੀਆਂ ਦੀ ਬਦੌਲਤ ਅੱਜ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਪੰਜਾਬ ਨੂੰ ਇਸ ਗਲ ਦਾ ਵੀ ਫ਼ਖ਼ਰ ਹੈ ਕਿ ਦੇਸ਼ ਦੀ ਜੰਗੇ ਆਜ਼ਾਦੀ ਦੇ ਇਸ ਘੋਲ ਵਿਚ ਅੱਸੀ ਪ੍ਰਤੀਸ਼ਤ ਕੁਰਬਾਨੀਆਂ ਪੰਜਾਬ ਦੇ ਸਿਰਲੱਥ ਯੋਧਿਆਂ ਨੇ ਦਿਤੀਆਂ ਹਨ। ਪਰ ਅਫਸੋਸ ਕਿ ਜਿਨਾਂ ਉਮੀਦਾਂ ਨੂੰ ਮੁੱਖ ਰੱਖਦਿਆਂ ਸ਼ਹੀਦਾਂ ਨੇ ਫਾਂਸੀ ਦੇ ਰੱਸਿਆਂ ਨੂੰ ਚੁੰਮਿਆ ਸੀ। ਉਹਨਾਂ ਸ਼ਹੀਦਾਂ ਦੀਆਂ ਉਮੀਦਾਂ ਨੂੰ ਅੱਜ ਤੱਕ ਬੂਰ ਨਹੀ ਪਿਆ।

ਬੁਲਾਰਿਆਂ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਮੁਲਕ ਦੀ ਆਜ਼ਾਦੀ ਦੇ 77 ਦੇ ਸਾਲ ਬਾਅਦ ਵੀ ਲੋਕ ਆਪਣੇ ਵਤਨ ਵਿਚ ਬੇਗਾਨਿਆਂ ਵਾਂਗ ਰਹਿਣ ਲਈ ਮਜਬੂਰ ਹਨ। ਮੌਕੇ ਦੀਆਂ ਹਾਕਮ ਸਰਕਾਰਾਂ ਦੀਆਂ ਗਲਤ ਨੀਤੀਆਂ ਦੀ ਬਦੌਲਤ ਅਮੀਰੀ ਅਤੇ ਗਰੀਬੀ ਦਾ ਪਾੜਾ ਦਿਨ ਪ੍ਰਤੀ ਦਿਨ ਵਧਦਾ ਹੀ ਜਾ ਰਿਹਾ ਹੈ।

ਇਸ ਅਵਸਰ ਤੇ ਲਵਲੀ ਪਬਲਿਕ ਸਕੂਲ ਪਠਲਾਵਾ ਅਤੇ ਪ੍ਰਾਇਮਰੀ









ਸਕੂਲ ਐਮਾਂ ਜੱਟਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੀਆਂ ਕੋਰੀਓਗਰਾਫੀਆ ਪੇਸ਼ ਕਰਕੇ ਇਕ ਵੱਖਰਾ ਹੀ ਰੰਗ ਭਰਿਆ ਗਿਆ।

ਗਾਇਕ ਪੰਮਾ ਮੰਨਣਹਾਨਾ ਨੇ ਕਿਸਾਨ ਮਜ਼ਦੂਰ ਏਕਤਾ ਦਾ ਗੀਤ ਪੇਸ਼ ਕਰਕੇ ਤਾਲੀਆਂ ਦਾ ਮਾਣ ਪ੍ਰਾਪਤ ਕੀਤਾ।

ਇਸ ਮੌਕੇ ਤੇ ਸੰਸਥਾ ਵੱਲੋ ਸ਼ਾਹ ਮੁਹੰਮਦ ਪ੍ਰਿੰਸੀਪਲ ਲਵਲੀ ਪਬਲਿਕ ਸਕੂਲ ਪਠਲਾਵਾ ਨੂੰ ਉਹਨਾਂ ਵਲੋਂ ਵਿਦਿਆ ਦੇ ਖੇਤਰ ਵਿਚ ਨਿਭਾਈਆ ਜਾ ਰਹੀਆਂ ਸੇਵਾਵਾਂ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਸਮਾਗਮ ਵਿਚ ਪ੍ਰੋਗਰਾਮ ਪੇਸ਼ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵੀ ਸੰਸਥਾ ਦੇ ਯਾਦ ਚਿੰਨ੍ਹ ਭੇਟ ਕੀਤੇ ਗਏ। ਇਸ ਤੋਂ ਇਲਾਵਾ ਸੰਸਥਾ ਦੇ ਇਸਤਰੀ ਵਿੰਗ ਦੀਆਂ ਮੈਂਬਰ ਮਹਿਲਾਵਾਂ ਨੂੰ ਸੰਸਥਾ ਦੇ ਮੁਹਾਜ ਤੋਂ ਨਿਭਾਈਆ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਵੀ ਸਨਮਾਨਿਤ ਕੀਤਾ ਗਿਆ।ਬਜ਼ੁਰਗ ਸਮਾਜ ਸੇਵੀ ਸ ਗੁਰਬਖਸ਼ ਸਿੰਘ ਖਾਲਸਾ ਦਾ ਵੀ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਹੋਰਾਂ ਦੀ ਨਿਰਦੇਸ਼ਨਾ ਹੇਠ ਤਿਆਰ ਪੰਜਾਬ ਦੇ ਪਾਣੀਆਂ,ਮਿੱਟੀ ਅਤੇ ਚੌਗਿਰਦੇ ਸਬੰਧੀ ਜਾਗਰੂਕ ਕਰਦਾ ਪੈਂਫਲਿਟ ਸਮੂਹ ਸੰਗਤਾਂ ਵਿੱਚ ਵੰਡਿਆਂ ਗਿਆ।

ਇਸ ਮੌਕੇ ਤੇ ਤਿੰਨ ਸੌ ਹਾਈਬ੍ਰਿਡ ਫਲਦਾਰ ਅਤੇ ਸਜਾਵਟੀ ਛਾਂਦਾਰ ਬੂਟੇ ਵੀ ਵੰਡੇ ਗਏ। ਸਮਾਗਮ ਦੇ ਆਖਿਰ ਵਿਚ ਸਾਰੀਆਂ ਸੰਗਤਾਂ ਨੂੰ ਰਿਫਰੈਸ਼ਮੈਂਟ ਵਰਤਾਈ ਗਈ ਤੇ ਲੱਡੂ ਵੀ ਵੰਡੇ ਗਏ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾਂ ਡਾ: ਪਰਮਿੰਦਰ ਸਿੰਘ ਵਾਰੀਆ ਮੁੱਖੀ ਸਿਹਤ ਸੇਵਾਵਾਂ ਸੰਸਥਾ, ਕੈਪਟਨ ਜੋਗਾ ਸਿੰਘ, ਕੈਪਟਨ ਹਰਵੇਲ ਸਿੰਘ, ਸ ਬਲਵੀਰ ਸਿੰਘ ਐਕਸ ਆਰਮੀ, ਸੁਰਿੰਦਰ ਮੋਹਣ ਸਾਬਕਾ ਫੌਜੀ, ਸੰਤੋਖ ਸਿੰਘ ਸਾਬਕਾ ਪ੍ਰਧਾਨ, ਕੁਲਵਿੰਦਰ ਸਿੰਘ ਲਾਲੀ, ਸੰਦੀਪ ਸਿੰਘ ਖੰਨਾ ਨੰਬਰਦਾਰ ਅਤੇ ਪ੍ਰਧਾਨ ਸਪੋਰਟਸ ਕਲੱਬ ਪਠਲਾਵਾ, ਸ: ਆਤਮਾਂ ਸਿੰਘ ਸੂਰਾਪੁਰ, ਮਾਂ: ਸੁਰਿੰਦਰ ਸਿੰਘ ਕਰਮ, ਪ੍ਰੈੱਸ ਰਿਪੋਰਟਰ ਜੀ ਚੰਨੀ ਪਠਲਾਵਾ, ਹਰਜੀਤ ਸਿੰਘ ਜੀਤਾ,ਪਰਵਿੰਦਰ ਸਿੰਘ ਰਾਣਾ, ਸਤੀਸ਼ ਕੁਮਾਰ ਐਮਾਂ ਜੱਟਾਂ, ਤਰਸੇਮ ਸਿੰਘ ਤੰਬੜ ਸਾਬਕਾ ਸਰਪੰਚ, ਮਾਸਟਰ ਜਗਤ ਸਿੰਘ ਬੈਂਸ ਸਾਬਕਾ ਸਰਪੰਚ ਪਠਲਾਵਾ , ਦਿਲਬਾਗ ਸਿੰਘ ਬਾਗਾ, ਦਿਲਾਵਰ ਸਿੰਘ ਬੈਂਸ ਪੰਚ, ਸਰਬਜੀਤ ਸਿੰਘ ਸਾਬੀ ਪੰਚ, ਸੁੱਖ, ਗੁਰਦੇਵ ਰਾਮ, ਠੇਕੇਦਾਰ ਸਤਨਾਮ ਸਿੰਘ ਸੁੱਜੋਂ ਇਸਤਰੀ ਵਿੰਗ ਤੋਂ ਮੈਡਮ ਲਖਵਿੰਦਰ ਕੌਰ, ਮੈਡਮ ਸਾਰਿਕਾ ਸੋਨੀ ਸੁਜੋਂ, ਮੈਡਮ ਰਮਨਜੀਤ ਕੌਰ, ਮੈਡਮ ਬਲਵਿੰਦਰ ਕੌਰ, ਮੈਡਮ ਰਵਿੰਦਰ ਕੌਰ, ਮੈਡਮ ਕਮਲਜੀਤ ਕੌਰ ਐਮਾਂ ਜੱਟਾਂ, ਪ੍ਰਮਜੀਤ ਕੌਰ, ਅਤੇ ਨਰੇਗਾ ਵਿਚ ਕੰਮ ਕਰਨ ਵਾਲੀਆਂ ਮਹਿਲਾਵਾਂ ਵੀ ਹਾਜ਼ਿਰ ਸਨ।

ਮੰਚ ਸੰਚਾਲਕ ਦੀ ਭੂਮਿਕਾ ਲੈਕਚਰਾਰ ਤਰਸੇਮ ਪਠਲਾਵਾ ਵਲੋਂ ਬਾਖੂਬੀ ਨਾਲ ਨਿਭਾਈ ਗਈ।

ਆਵਾਜ਼ਿ ਕੌਮ AWAZE QAUM

## ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ

# ਜੋਸ਼ੋ-ਖ਼ਰੋਸ਼ ਨਾਲ ਮਨਾਇਆ 78ਵਾਂ ਆਜ਼ਾਦੀ ਦਿਹਾੜਾ





**ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)-** ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਭਾਰਤ ਦਾ 78ਵਾਂ ਆਜ਼ਾਦੀ ਦਿਹਾੜਾ ਪ੍ਰੋ.(ਡਾ.)ਐਸ.ਕੇ.ਬਾਵਾ, ਉਪ ਕੁਲਪਤੀ ਦੀ ਦੇਖ-ਰੇਖ ਹੇਠ ਬੜੇ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਪ੍ਰੋ.(ਡਾ.) ਪੀਯੂਸ਼ ਵਰਮਾ, ਰਜਿਸਟਰਾਰ ਨੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ

ਆਵਾਜ਼ਿ ਕੌਮ AWAZE QAUM
International Newspaper & WEB TV

ਜੀ.ਕੇ.ਯੂ. ਰੇਡੀਓ 90.4 ਦੇ ਮਾਧਿਅਮ ਰਾਹੀਂ ਆਪਣੇ ਵਧਾਈ ਸੰਦੇਸ਼ ਵਿੱਚ ਡਾ. ਬਾਵਾ ਨੇ ਸ਼ਹੀਦਾਂ ਦੀ ਕੁਰਬਾਨੀ ਨੂੰ ਨਮਨ ਕਰਦੇ ਹੋਏ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਉਨ੍ਹਾਂ ਸਾਰਿਆਂ ਨੂੰ ਦੇਸ਼ ਭਗਤਾਂ ਵੱਲੋਂ ਵਿਖਾਏ ਗਏ ਰਸਤੇ ਤੇ ਚਲਣ ਅਤੇ ਰਾਸ਼ਟਰ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਤੇ ਸਾਰਿਆਂ ਨੂੰ ਆਪਣੇ-ਆਪਣੇ ਖੇਤਰ ਵਿੱਚ ਮਹਾਰਤ ਹਾਸਿਲ ਕਰਕੇ ਭਾਰਤ ਨੂੰ ਦੁਨੀਆਂ ਦਾ ਸਿਰਮੌਰ ਦੇਸ਼ ਬਣਾਉਣ ਦੀ ਅਪੀਲ ਕੀਤੀ। ਝੰਡਾ ਲਹਿਰਾਉਣ ਉਪਰੰਤ ਮੁੱਖ ਮਹਿਮਾਨ ਡਾ. ਵਰਮਾ ਨੇ ਦੇਸ਼ ਭਗਤਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਇਹ ਆਜ਼ਾਦੀ ਸਾਨੂੰ ਬਹੁਤ ਮੁਸ਼ਿਕਲਾਂ ਅਤੇ ਤਿਆਗ ਤੋਂ ਬਾਅਦ ਹਾਸਿਲ ਹੋਈ ਹੈ, ਇਸ ਲਈ ਇਸ ਨੂੰ ਸੰਭਾਲ ਕੇ ਰੱਖਣਾ ਤੇ ਉਨ੍ਹਾਂ ਦੇ ਸੁਪਨਿਆਂ ਅਨੁਸਾਰ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਲਈ ਆਪਣਾ ਪੂਰਾ ਯੋਗਦਾਨ ਦੇਣਾ ਸਾਡਾ ਸਾਰੇ ਭਾਰਤ ਵਾਸੀਆਂ ਦਾ ਕਰਤੱਵ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਭਵਿੱਖ ਨੌਜਵਾਨ ਪੀੜ੍ਹੀ ਦੇ ਹੱਥਾਂ ਵਿੱਚ ਹੈ, ਸੋ ਇਨ੍ਹਾਂ ਨੂੰ ਵਿੱਦਿਆ ਤੇ ਖੋਜ ਖੇਤਰ ਵਿੱਚ ਨਵੀਆਂ ਕਾਢਾਂ ਅਤੇ ਨਵੀਂ ਤਕਨੀਕ ਰਾਹੀਂ ਰਾਸ਼ਟਰ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵਿੱਦਿਆ, ਖੇਡਾਂ, ਕੰਪਿਊਟਰ ਆਦਿ ਖੇਤਰਾਂ ਵਿੱਚ ਹੋਰ ਜ਼ਿਆਦਾ ਕੰਮ ਕਰਨ ਦੀ ਅਪੀਲ ਕੀਤੀ। ਇਸ ਸ਼ਾਨਦਾਰ ਸਮਾਰੋਹ ਮੌਕੇ ਐਨ.ਸੀ.ਸੀ. ਕੈਡਿਟਾਂ ਵੱਲੋਂ ਕਦਮ ਤਾਲ ਵਿੱਚ ਕੀਤਾ ਗਿਆ ਮਾਰਚ ਪਾਸਟ ਅਤੇ ਵੱਖ-ਵੱਖ ਪ੍ਰਦੇਸ਼ਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਸੱਭਿਆਚਾਰਕ ਪ੍ਰੋਗਰਾਮ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਰਿਹਾ। ਡਾ. ਬਲਵਿੰਦਰ ਸ਼ਰਮਾ, ਡਾਇਰੈਕਟਰ ਸਪੋਰਟਸ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਗਿਆ ਪ੍ਰਬੰਧ ਕਾਬਿਲ-ਏ-ਤਾਰੀਫ਼ ਰਿਹਾ। ਆਪਣੇ ਧੰਨਵਾਦੀ ਭਾਸ਼ਣ ਵਿੱਚ ਸ. ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਨੇ ਸਾਰਿਆਂ ਨੂੰ ਆਜ਼ਾਦੀ ਦਿਹਾੜੇ ਅਤੇ ਨਵੇਂ ਸੈਸ਼ਨ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਹਰ ਭਾਰਤੀ ਵੱਲੋਂ ਇਮਾਨਦਾਰੀ ਤੇ ਬਿਨਾਂ ਕਿਸੇ ਭੇਦਭਾਵ ਤੋਂ ਨਿਭਾਈ ਗਈ ਆਪਣੀ ਨਿਸ਼ਿਚਤ ਜ਼ਿੰਮੇਵਾਰੀ ਵੀ ਸੱਚੀ ਦੇਸ਼ ਭਗਤੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਦੇਸ਼ ਦੀ ਖੁਸ਼ਹਾਲੀ ਲਈ ਆਪਣਾ ਸਭ ਕੁਝ ਵਾਰਨ ਵਾਸਤੇ ਤਿਆਰ ਰਹਿਣ ਦੀ ਪ੍ਰੇਰਣਾ ਦਿੱਤੀ। ਮਨਪ੍ਰੀਤ ਬਰਾੜ ਅਤੇ ਮਿਸਾਲ ਵੱਲੋਂ ਸ਼ਾਇਰਾਨਾ ਤੇ ਨਿਵੇਕਲੇ ਅੰਦਾਜ਼ ਵਿੱਚ ਕੀਤਾ ਗਿਆ ਮੰਚ ਸੰਚਾਲਨ ਸ਼ਲਾਘਾਯੋਗ ਸੀ।

# ਅਕਾਲ ਯੂਨੀਵਰਸਿਟੀ ਨੇ 78ਵਾਂ ਸੁਤੰਤਰਤਾ ਦਿਵਸ ਮਨਾਇਆ








**ਤਲਵੰਡੀ ਸਾਬੋ, 16 ਅਗਸਤ (ਗੁਰਜੰਟ ਸਿੰਘ ਨਥੇਹਾ)-** ਅਕਾਲ ਯੂਨੀਵਰਸਿਟੀ ਨੇ ਆਪਣੇ ਵਿਹੜੇ ਵਿਚ 78ਵਾਂ ਸੁਤੰਤਰਤਾ ਦਿਵਸ ਮਨਾਇਆ। ਪ੍ਰੋਗਰਾਮ ਦੇ ਆਰੰਭ ਵਿਚ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਨੇ ਸਮੂਹ ਹਾਜ਼ਰੀਨ ਦਾ ਸਵਾਗਤ ਕੀਤਾ। ਫੇਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਗੁਰਮੇਲ ਸਿੰਘ ਨੇ ਤਿਰੰਗਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਵਿਦਿਆਰਥੀਆਂ ਦੁਆਰਾ ਰਾਸ਼ਟਰੀ ਗਾਣ ਅਤੇ ਸ਼ਬਦ ਗਾਇਣ ਕੀਤਾ ਗਿਆ। ਉਪਰੰਤ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸੁਤੰਤਰਤਾ ਦਿਵਸ ਦੇ ਮਹੱਤਵ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਉਹਨਾਂ ਜਿੱਥੇ ਆਜ਼ਾਦੀ ਤੋਂ ਬਾਅਦ ਭਾਰਤ ਦੀ ਰਾਜਨੀਤਕ, ਆਰਥਿਕ, ਸਮਾਜਿਕ, ਧਾਰਮਿਕ ਆਦਿ ਖੇਤਰਾਂ ਦੀ ਸਮੇਂ-ਸਮੇਂ ਸਿਰ ਬਦਲਦੀ ਰਹੀ ਸਥਿਤੀ ਬਾਰੇ ਰੋਸ਼ਨੀ ਪਾਈ, ਉੱਥੇ ਉਹਨਾਂ ਨੇ ਭਾਰਤ ਦੇ ਵਿਕਾਸ ਸੰਬੰਧੀ ਭਵਿੱਖ ਵਿਚ ਪੇਸ਼ ਆ ਸਕਦੀਆਂ ਸਮੱਸਿਆਵਾਂ ਬਾਰੇ ਆਪਣੇ ਅਨੁਮਾਨ ਅਤੇ ਸੁਝਾਅ ਵੀ ਸਾਂਝੇ ਕੀਤੇ। ਉਹਨਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਹਰ ਬੰਦਾ ਆਪਣੇ ਕੰਮ ਜਾਂ ਡਿਊਟੀ ਨੂੰ ਮਿਹਨਤ ਅਤੇ ਲਗਨ ਨਾਲ ਨਿਭਾ ਕੇ ਦੇਸ਼ ਸੇਵਾ ਵਿਚ ਯੋਗਦਾਨ ਪਾ ਸਕਦਾ ਹੈ। ਸਮਾਗਮ ਦੇ ਅੰਤ ਵਿਚ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ, ਮੇਜਰ ਜਨਰਲ (ਡਾ.) ਜੀ.ਐਸ. ਲਾਂਬਾ ਨੇ ਸਭ ਦੇ ਧੰਨਵਾਦ ਦੀ ਰਸਮ ਕੀਤੀ। ਫੇਰ ਮਿਠਾਈ ਵੰਡੀ ਗਈ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM
International Newspaper & WEB TV

# ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਅਜਾਦੀ ਦਿਵਸ ਨੂੰ ਮੁੱਖ ਰੱਖਦਿਆਂ ਸਲਾਨਾ ਪ੍ਰੋਗਰਾਮ ਕਰਵਾਇਆ

## ਦੇਸ਼ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਸਮੂਹ ਸ਼ਹੀਦਾਂ ਨੂੰ ਯਾਦ ਰੱਖਣਾ ਚਾਹੀਦਾ ਹੈ-ਪ੍ਰਿੰਸੀਪਲ ਮੱਖਣ ਸਿੰਘ






ਬਰਨਾਲਾ - (ਵਰਿਆਮ ਹਠੂਰ) ਵਿੱਦਿਆ ਦੇ ਖੇਤਰ ਵਿੱਚ ਲਗਾਤਾਰ ਆਪਣਾ ਨਾਮ ਰੌਸ਼ਨ ਕਰਨ ਵਾਲੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਵਿਖੇ ਅਜਾਦੀ ਦਿਵਸ ਨੂੰ ਮੁੱਖ ਰੱਖਦਿਆਂ ਸਲਾਨਾ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ, ਪਹਿਲਾਂ ਦੋ ਮਿੰਟ ਦਾ ਮੌਨ ਰੱਖ ਕੇ ਸਮੂਹ ਸਕੂਲ ਸਟਾਫ਼ ਅਤੇ ਬੱਚਿਆਂ ਨੇ ਦੇਸ਼ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸੂਰਬੀਰ ਯੋਧਿਆਂ ਨੂੰ ਯਾਦ ਕੀਤਾ ਗਿਆ, ਤਿਰੰਗਾ ਲਹਿਰਾਉਣ ਦੀ ਰਸਮ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਨਿਭਾਈ ਅਤੇ ਨਾਲ ਨਾਲ ਸਕੂਲ ਸਟਾਫ਼ ਅਤੇ ਬੱਚਿਆਂ ਨੇ ਤਿਰੰਗੇ ਨੂੰ ਸਲਾਮੀ ਦਿੱਤੀ, ਤਾੜੀਆਂ ਦੀ ਗੂੰਜ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਹੋਈ, ਸਕੂਲ ਦੀਆਂ ਵੱਖ ਵੱਖ ਕਲਾਸਾਂ ਦੇ ਬੱਚਿਆਂ ਨੇ ਗੁਰੁੱਪ ਬਣਾ ਕੇ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰੀਆਂ ਕੋਰਿਓਗ੍ਰਾਫੀਆਂ, ਨਾਟਕ, ਕਵਿਤਾਵਾਂ ਆਦਿ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਇਸ ਤੋਂ ਇਲਾਵਾ ਬੱਚਿਆਂ ਨੇ ਭਾਸ਼ਣ ਦਿੱਤੇ ਤੇ ਤਿਆਰ ਕੀਤੇ ਵੱਖ ਵੱਖ ਤਰ੍ਹਾਂ ਚਾਰਟ ਬਣਾ ਕੇ ਸਕੂਲ ਸਟਾਫ਼ ਅੱਗੇ ਪੇਸ਼ ਕਰਕੇ ਸਕੂਲ ਸਟਾਫ਼ ਦਾ ਦਿਲ ਮੋਹ ਲਿਆ, ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਮਹਾਨ ਸੂਰਬੀਰ ਯੋਧਿਆਂ ਨੇ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰ ਦਿੱਤੀਆਂ, ਤੇ ਇਹਨਾਂ ਸੰਘਰਸ਼ਾਂ ਦੇ ਬਾਵਜੂਦ ਸਾਡਾ ਭਾਰਤ ਦੇਸ਼ 15 ਅਗਸਤ 1947 ਨੂੰ ਅਜ਼ਾਦ ਹੋਇਆ। ਇਹ ਦੇਸ਼ ਦੀ ਆਜ਼ਾਦੀ ਵਿੱਚ ਸਾਡੇ ਦੇਸ਼ ਦੇ ਸੂਰਬੀਰ ਯੋਧਿਆਂ ਦਾ ਬਹੁਤ ਵੱਡਾ ਯੋਗਦਾਨ ਹੈ। ਜਿਨ੍ਹਾਂ ਦੇ ਕਾਰਨ ਅਸੀ ਅੱਜ ਇਹ ਆਜ਼ਾਦੀ ਦਾ ਜੀਵਨ ਜੀ ਰਹੇ ਹਾਂ, ਸਾਨੂੰ ਸਾਡੇ ਦੇਸ਼ ਦੇ ਪਹਿਰੇਦਾਰਾਂ ਦੀ ਕਦਰ ਕਰਨੀ ਚਾਹੀਦੀ ਹੈ, ਸਭ ਨੂੰ ਦੇਸ਼ ਭਗਤੀ ਦੀ ਭਾਵਨਾ ਦਿਲ ਚ ਰੱਖਣੀ ਚਾਹੀਦੀ ਹੈ ਸਾਡੇ ਮਨਾਂ ਵਿੱਚ ਦੇਸ਼ ਪ੍ਰਤੀ ਪਿਆਰ ਦਾ ਜਜ਼ਬਾ ਭਰਿਆ ਹੋਣਾ ਚਾਹੀਦਾ ਹੈ। ਸਾਨੂੰ ਮਹਾਨ ਸ਼ਹੀਦਾ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਸਮੁੱਚੇ ਸਟਾਫ਼ ਵਿੱਚ ਕੁਲਜੀਤ ਸਿੰਘ ,ਗੁਰਪ੍ਰੀਤ ਕੌਰ, ਰਮਨਜੀਤ ਕੌਰ, ਸੁਖਮੀਤ ਕੌਰ, ਪ੍ਰਦੀਪ ਕੌਰ, ਪਵਨਜੀਤ ਕੌਰ, ਹਰਪ੍ਰੀਤ ਕੌਰ, ਰਮਨਦੀਪ ਕੌਰ, ਜਸਪ੍ਰੀਤ ਕੌਰ, ਮਨਦੀਪ ਕੌਰ , ਅਮਨਜੋਤ ਕੌਰ, ਅਮਨਦੀਪ ਕੌਰ, ਕਮਲਜੀਤ ਕੌਰ, ਲਛਮਣੀ, ਪ੍ਰਭਜੋਤ ਕੌਰ, ਸੁਖਜੀਤ ਕੌਰ, ਜਸਵੀਰ ਕੌਰ, ਪ੍ਰਵੀਨ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

ਆਵਾਜ਼ਿ ਕੌਮ AWAZE QAUM
International Newspaper & WEB TV

# ਰੱਖੜੀ ਵਾਲੇ ਦਿਨ ਜ਼ਿਲ੍ਹੇ ਦੇ ਸੇਵਾ ਕੇਂਦਰ ਸਵੇਰੇ 11 ਵਜ੍ਹੇ ਖੁੱਲਣਗੇ ਡਿਪਟੀ ਕਮਿਸ਼ਨਰ



ਜੰਡਿਆਲਾ ਗੁਰੂ, 16 ਅਗਸਤ ( ਕੁਲਵੰਤ ਸਿੰਘ ਵਿਰਦੀ) ਪੰਜਾਬ ਸਰਕਾਰ ਲੋਕਾਂ ਨੂੰ ਨਿਰਵਿਘਨ ਸੇਵਾਵਾਂ ਦੇਣ ਲਈ ਵਚਨਬੱਧ ਹੈ। ਇਸੇ ਤਹਿਤ ਪ੍ਰਸ਼ਾਸਨਿਕ ਸੁਧਾਰ ਅਤੇ ਲੋਕ ਸ਼ਿਕਾਇਤਾਂ ਵਿਭਾਗ, ਪੰਜਾਬ ਵੱਲੋਂ ਰੱਖੜੀ ਵਾਲੇ ਦਿਨ ਵੀ ਸਾਰੇ ਸੇਵਾ ਕੇਂਦਰ ਕਾਰਜਸ਼ੀਲ ਰਹਿਣਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀਘਨਸ਼ਾਮ ਥੋਰੀ ਨੇ ਸਾਂਝੀ ਕੀਤੀ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਰੱਖੜੀ ਵਾਲੇ ਦਿਨ 19 ਅਗਸਤ 2024 ਦਿਨ ਸੋਮਵਾਰ ਨੂੰ ਸਵੇਰੇ 11:00 ਵਜ੍ਹੇ ਤੋਂ ਸ਼ਾਮ 05:00 ਵਜੇ ਤੱਕ ਖੁੱਲ੍ਹੇ ਰਹਿਣਗੇ ।ਉਨ੍ਹਾਂ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਡੋਰ ਸਟੈੱਪ ਸਰਵਿਸ ਰਾਹੀਂ 1076 'ਤੇ ਕਾਲ ਕਰਕੇ ਘਰ ਬੈਠੇ ਹੀ ਸੇਵਾ ਕੇਂਦਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ 43 ਪ੍ਰਕਾਰ ਦੀਆਂ ਪ੍ਰਸ਼ਾਸਨਿਕ ਸੇਵਾਵਾਂ ਲਾਭ ਲੈਣ ਅਤੇ ਆਪਣੇ ਕੀਮਤੀ ਸਮੇਂ ਦੀ ਬਚਤ ਕਰਨ।

ਆਵਾਜ਼ਿ ਕੌਮ AWAZE QAUM
International Newspaper & WEB TV

### 78ਵੇਂ ਅਜ਼ਾਦੀ ਦਿਹਾੜੇ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਗੁਰਦਾਸਪੁਰ ਵਿਖੇ ਕੌਮੀ ਝੰਡਾ ਲਹਿਰਾਇਆ

# ਪੰਜਾਬ ਪੁਲਿਸ, ਪੰਜਾਬ ਹੋਮਗਾਰਡ ਅਤੇ ਐੱਨ.ਸੀ.ਸੀ. ਕੈਡਟਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਦਾ ਮੁਜ਼ਾਹਰਾ

**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 16 ਅਗਸਤ (ਕੁਲਜੀਤ ਸਿੰਘ ਖੋਖਰ)**- ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ ਵਿਖੇ ਅੱਜ 78ਵਾਂ ਅਜ਼ਾਦੀ ਦਿਹਾੜਾ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਸੂਬੇ ਦੇ ਖ਼ੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਇਸ ਜ਼ਿਲ੍ਹਾ ਪੱਧਰੀ ਅਜ਼ਾਦੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ ਹੋਰਨਾਂ ਸ਼ਖ਼ਸੀਅਤਾਂ ਸਮੇਤ ਸ਼ਹੀਦ ਨਵਦੀਪ ਸਿੰਘ ਦੇ ਬੁੱਤ ਅਤੇ ਸਟੇਡੀਅਮ ਵਿੱਚ ਬਣੀ ਸ਼ਹੀਦੀ ਗੈਲਰੀ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਗੁਰਦਾਸਪੁਰ ਵਾਸੀਆਂ ਨੂੰ ਅਜ਼ਾਦੀ ਦਿਹਾੜੇ ਦੀ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਵੱਖ-ਵੱਖ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ, ਸਰਦਾਰ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲ਼ੇਪਾਣੀ ਅਤੇ ਹੋਰ ਆਜ਼ਾਦੀ ਘੁਲਾਟੀਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਸੰਘਰਸ਼ਾਂ ਕਾਰਨ ਹੀ ਅੱਜ ਅਸੀਂ ਆਜ਼ਾਦ ਮੁਲਕ ਦੇ ਵਾਸੀ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਘਰਸ਼ ਦੌਰਾਨ ਪੰਜਾਬੀਆਂ ਨੇ ਸਭ ਤੋਂ ਜ਼ਿਆਦਾ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਵੱਲੋਂ ਦਿੱਤੇ ਅਥਾਹ ਪਿਆਰ ਸਦਕਾ ਮੁੱਖ ਮੰਤਰੀ ਬਣੇ ਸ. ਭਗਵੰਤ ਸਿੰਘ ਮਾਨ ਨੇ ਜਿੱਥੇ ਆਪਣੇ ਅਹੁਦੇ ਦੀ ਸਹੁੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਚੁੱਕੀ, ਉੱਥੇ ਨਾਲ ਹੀ ਫ਼ੈਸਲਾ ਕੀਤਾ ਕਿ ਸਰਕਾਰੀ ਦਫ਼ਤਰਾਂ ਵਿੱਚ ਸ਼ਹੀਦ ਭਗਤ ਸਿੰਘ ਅਤੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੀਆਂ ਤਸਵੀਰਾਂ ਲਾਈਆਂ ਜਾਣ। ਉਨ੍ਹਾਂ ਕਿਹਾ ਕਿ ਮੁਹਾਲੀ ਕੌਮਾਂਤਰੀ ਏਅਰ ਪੋਰਟ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ ਉੱਤੇ ਰੱਖਿਆ ਗਿਆ ਹੈ, ਜਿੱਥੇ ਸਰਕਾਰ ਸ਼ਹੀਦ-ਏ-ਆਜ਼ਮ ਦਾ ਬੁੱਤ ਲਗਾਉਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡਾ ਮਾਣ ਹਨ ਅਤੇ ਪੰਜਾਬ ਸਰਕਾਰ ਨੇ ਆਜ਼ਾਦੀ ਸੰਗਰਾਮੀਆਂ ਪ੍ਰਤੀ ਆਪਣੇ ਸਤਿਕਾਰ ਦੇ ਸਨਮੁੱਖ ਸੂਬੇ ਦੇ ਮੌਜੂਦਾ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਸਾਂ ਨੂੰ ਮਿਲਦੀ ਪੈਨਸ਼ਨ ਨੂੰ 9400 ਤੋਂ ਵਧਾ ਕੇ 11,000 ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦਾ ਵਾਅਦਾ ਪੂਰਾ ਕਰਦਿਆਂ ਪਿਛਲੇ ਕਰੀਬ 28 ਮਹੀਨਿਆਂ ਦੌਰਾਨ 44 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਇਹ ਸਿਲਸਿਲਾ ਜਾਰੀ ਹੈ। ਉਨ੍ਹਾਂ ਕਿਹਾ ਕਿ ਰੋਜ਼ਗਾਰ ਉਤਪਤੀ ਵਿਭਾਗ ਵੱਲੋਂ ਪਿਛਲੇ 28 ਮਹੀਨਿਆਂ ਦੌਰਾਨ ਸੂਬੇ ਵਿੱਚ 4208 ਪਲੇਸਮੈਂਟ ਕੈਂਪ ਲਗਾਏ ਗਏ, ਜਿਨ੍ਹਾਂ ਵਿੱਚ 2 ਲੱਖ 38 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੂੰ ਪ੍ਰਾਈਵੇਟ ਖੇਤਰ ਵਿੱਚ ਪਲੇਸਮੈਂਟ ਦੇ ਮੌਕੇ ਪ੍ਰਦਾਨ ਕੀਤੇ ਗਏ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਮਾਰਚ 2022 ਤੋਂ ਲੈ ਕੇ ਹੁਣ ਤੱਕ 78 ਹਜ਼ਾਰ 263 ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ, ਜਿਸ ਨਾਲ ਰੋਜ਼ਗਾਰ ਦੇ 2 ਲੱਖ 51 ਹਜ਼ਾਰ ਤੋਂ ਵੱਧ ਸਿੱਧੇ ਅਤੇ 1 ਲੱਖ 23 ਹਜ਼ਾਰ ਤੋਂ ਵੱਧ ਅਸਿੱਧੇ ਮੌਕੇ ਪੈਦਾ ਹੋਣਗੇ। ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੀ ਵਚਨਬੱਧ ਹੈ। ਕੌਮੀ ਤੇ ਕੌਮਾਂਤਰੀ ਪੱਧਰ 'ਤੇ ਮੱਲ੍ਹਾਂ ਮਾਰਨ ਵਾਲੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਅਤੇ ਇਨਾਮਾਂ ਨਾਲ ਨਿਵਾਜਿਆ ਜਾ ਰਿਹਾ ਹੈ। 11 ਨਾਮੀ ਖਿਡਾਰੀਆਂ ਨੂੰ ਪੀ.ਸੀ.ਐੱਸ. ਅਤੇ ਡੀ.ਐੱਸ.ਪੀ. ਦੀ ਨੌਕਰੀ ਦਿੱਤੀ ਗਈ ਹੈ। ਇਸੇ ਤਰ੍ਹਾਂ ਪਿਛਲੇ ਦੋ ਸਾਲਾਂ ਵਿੱਚ 24 ਹਜ਼ਾਰ 164 ਖਿਡਾਰੀਆਂ ਨੂੰ 75 ਕਰੋੜ ਰੁਪਏ ਦੀ ਨਗਦ ਇਨਾਮ ਰਾਸ਼ੀ ਵੰਡੀ ਗਈ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਉਲੰਪਿਕ ਖੇਡਾਂ ਵਿੱਚ ਕਾਂਸੀ ਦਾ ਤਮਗ.' ਜਿੱਤ ਕੇ ਆਈ ਭਾਰਤੀ ਹਾਕੀ ਟੀਮ ਦੇ ਪੰਜਾਬੀ ਖਿਡਾਰੀਆਂ ਨੂੰ ਮੁੱਖ ਮੰਤਰੀ ਨੇ ਇਕ-ਇਕ ਕਰੋੜ ਰੁਪਏ ਦੇ ਇਨਾਮ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆਂਦੀਆਂ ਹਨ। ਸੂਬੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਦੇ ਵਾਅਦੇ ਨੂੰ ਪੂਰਾ ਕਰਦਿਆਂ 842 ਆਮ ਆਦਮੀ ਕਲੀਨਿਕ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ। ਇਨ੍ਹਾਂ ਕਲੀਨਿਕਾਂ 'ਚ 80 ਤਰ੍ਹਾਂ ਦੀਆਂ ਦਵਾਈਆਂ ਅਤੇ 38 ਲੈਬ ਟੈੱਸਟ ਦੀਆਂ ਸੇਵਾਵਾਂ ਮੁਫ਼ਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਕਲੀਨਿਕਾਂ ਵਿੱਚ ਹੁਣ ਤੱਕ ਕਰੀਬ 1 ਕਰੋੜ 70 ਲੱਖ ਲੋਕ ਇਲਾਜ ਦੀ ਸਹੂਲਤ ਲੈ ਚੁੱਕੇ ਹਨ। ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਬੱਚਿਆਂ ਨੂੰ ਕੌਮਾਂਤਰੀ ਪੱਧਰ ਦੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸੇ ਲੜੀ ਤਹਿਤ ਮਾਨ ਸਰਕਾਰ ਨੇ ਸੂਬੇ ਵਿੱਚ 118 ਸਕੂਲ ਆਫ਼ ਐਮੀਨੈਂਸ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਸਦਕਾ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਵਾਸੀਆਂ ਨੂੰ ਉਨ੍ਹਾਂ ਦੇ ਦਰਾਂ ਉੱਤੇ 43 ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਲਈ 'ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ' ਸਕੀਮ ਸ਼ੁਰੂ ਕੀਤੀ ਗਈ ਹੈ। ਹੁਣ ਨਾਗਰਿਕ ਕਿਸੇ ਵੀ ਸਰਕਾਰੀ ਦਫ਼ਤਰ ਦੇ ਚੱਕਰ ਲਗਾਉਣ ਦੀ ਬਜਾਏ ਆਪਣੇ ਘਰ ਬੈਠੇ ਹੀ 1076 ਉੱਤੇ ਕਾਲ ਕਰਕੇ ਆਪਣੀ ਸਹੂਲਤ ਅਨੁਸਾਰ ਸੇਵਾ ਹਾਸਲ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨਹਿਰੀ ਟੇਲਾਂ ਉੱਤੇ ਪੈਂਦੇ ਖੇਤਾਂ ਨੂੰ ਦਹਾਕਿਆਂ ਬਾਅਦ ਸਿੰਜਾਈ ਲਈ ਨਹਿਰੀ ਪਾਣੀ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੀਆਂ ਵੱਖ-ਵੱਖ ਸੜਕਾਂ ਤੋਂ 18 ਟੋਲ-ਪਲਾਜ਼ੇ ਬੰਦ ਕੀਤੇ ਗਏ, ਜਿਸ ਨਾਲ ਆਮ ਜਨਤਾ ਨੂੰ ਰੋਜ਼ਾਨਾ ਲਗਭਗ 61.67 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਮੁਫ਼ਤ ਸਫ਼ਰ ਸਹੂਲਤ ਨੂੰ ਜਾਰੀ ਰੱਖਦਿਆਂ ਮਾਰਚ 2022 ਤੋਂ 15 ਜੁਲਾਈ, 2024 ਤੱਕ ਸੂਬੇ ਦੀਆਂ ਔਰਤਾਂ ਨੇ ਕੁੱਲ 32 ਕਰੋੜ 46 ਲੱਖ ਵਾਰ ਮੁਫ਼ਤ ਸਫ਼ਰ ਕੀਤਾ, ਜਿਸ ਉੱਤੇ ਸਰਕਾਰ ਨੇ 1548 ਕਰੋੜ ਰੁਪਏ ਤੋਂ ਵੱਧ ਰਾਸ਼ੀ ਖ਼ਰਚ ਕੀਤੀ ਹੈ। ਇਸ ਨਾਲ ਹੀ ਮਾਨ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀਆਂ ਤੇ ਉਨ੍ਹਾਂ ਦੇ ਯੋਗ ਵਾਰਸਾਂ ਨੂੰ ਵੀ ਮੁਫ਼ਤ ਸਫ਼ਰ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਵੀ ਚਲਾਈ ਜਾ ਰਹੀ ਹੈ। ਖ਼ੁਰਾਕ ਤੇ ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੀਜ਼ਨ ਦੌਰਾਨ ਰਾਜ ਦੀਆਂ ਮੰਡੀਆਂ ਵਿੱਚ 132.05 ਲੱਖ ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ ਸਮੂਹ ਖ਼ਰੀਦ ਏਜੰਸੀਆਂ ਸਮੇਤ ਐਫ.ਸੀ.ਆਈ ਵੱਲੋਂ 124.56 ਲੱਖ ਮੀਟਰਕ ਟਨ ਕਣਕ ਦੀ ਖ਼ਰੀਦ ਕੇਂਦਰੀ ਭੰਡਾਰ ਲਈ ਕੀਤੀ ਗਈ ਅਤੇ ਪ੍ਰਾਈਵੇਟ ਵਪਾਰੀਆਂ ਦੁਆਰਾ ਕੇਵਲ 7.49 ਲੱਖ ਮੀਟਰਕ ਟਨ ਕਣਕ ਦੀ ਖ਼ਰੀਦ ਕੀਤੀ ਗਈ। ਇਸ ਤਰ੍ਹਾਂ ਰਾਜ ਵੱਲੋਂ ਕੇਂਦਰੀ ਪੂਲ ਵਿੱਚ ਕਰੀਬ 50%ਕਣਕ ਦਾ ਯੋਗਦਾਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ 8 ਲੱਖ ਦੇ ਕਰੀਬ ਕਿਸਾਨਾਂ ਦੇ ਖਾਤੇ ਵਿੱਚ ਸਿੱਧੇ ਤੌਰ ਉੱਤੇ 28334.15 ਕਰੋੜ ਐਮ.ਐੱਸ.ਪੀ ਦੀ ਰਾਸ਼ੀ ਬੈਂਕ ਖਾਤਿਆਂ ਵਿੱਚ ਟਰਾਂਸਫ਼ਰ ਕੀਤੀ ਗਈ ਹੈ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਗਈ। ਉਨ੍ਹਾਂ ਕਿਹਾ ਕਿ ਜੰਗਲਾਤ ਹੇਠਲਾ ਰਕਬਾ ਵਧਾਉਣ ਲਈ ਪੰਜਾਬ ਸਰਕਾਰ ਨੇ ਪੰਚਾਇਤੀ ਜ਼ਮੀਨਾਂ, ਜਲ ਘਰਾਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ, ਟਿਊਬਵੈੱਲਾਂ, ਫ਼ੈਕਟਰੀਆਂ, ਪਾਰਕਾਂ, ਸ਼ਹਿਰਾਂ ਅਤੇ ਪਿੰਡਾਂ ਦੀ ਹਰ ਉਸ ਜਗ੍ਹਾ ਉੱਤੇ ਦਰੱਖਤ ਲਗਾਉਣ ਦੀ ਯੋਜਨਾ ਉਲੀਕੀ ਹੈ। ਇਸ ਦੇ ਸਿੱਟੇ ਵਜੋਂ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਹਰ ਹਲਕੇ ਵਿੱਚ ਵਿਧਾਇਕਾਂ ਦੇ ਸਹਿਯੋਗ ਨਾਲ ਵਿਭਾਗ ਵੱਲੋਂ 50000 ਰੁੱਖ ਲਗਾਏ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜ਼ਿਲ੍ਹਾ ਗੁਰਦਾਸਪੁਰ ਦੇ ਸਰਬਪੱਖੀ ਵਿਕਾਸ ਲਈ ਪੂਰਨ ਤੌਰ ਉੱਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਦੀਨਾਨਗਰ ਵਿਖੇ ਹੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 51.74 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਰੇਲਵੇ ਓਵਰ ਬ੍ਰਿਜ ਦਾ ਉਦਘਾਟਨ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਰਾਜ ਸਰਕਾਰ ਵੱਲੋਂ ਜ਼ਿਲ੍ਹਾ ਸਦਰ ਮੁਕਾਮ ਗੁਰਦਾਸਪੁਰ ਵਿਖੇ 14.92 ਕਰੋੜ ਰੁਪਏ ਦੀ ਲਾਗਤ ਨਾਲ 6 ਏਕੜ ਵਿੱਚ ਆਧੁਨਿਕ ਸਹੂਲਤਾਂ ਨਾਲ ਲੈਸ ਬੱਸ ਸਟੈਂਡ ਦੀ ਉਸਾਰੀ ਕੀਤੀ ਗਈ ਹੈ। ਇਸ ਬੱਸ ਸਟੈਂਡ ਦਾ ਨਾਮ 'ਬਾਬਾ ਬੰਦਾ ਸਿੰਘ ਬਹਾਦਰ ਇੰਟਰ ਸਟੇਟ ਬੱਸ ਟਰਮੀਨਲ' ਰੱਖਿਆ ਗਿਆ ਹੈ। ਇਹ ਨਵਾਂ ਬੱਸ ਅੱਡਾ ਸ਼ੁਰੂ ਹੋਣ ਨਾਲ ਲੋਕਾਂ ਨੂੰ ਬਹੁਤ ਵੱਡੀ ਸਹੂਲਤ ਮਿਲੀ ਹੈ ਇਸੇ ਤਰ੍ਹਾਂ ਹੀ ਗੁਰਦਾਸਪੁਰ ਸ਼ਹਿਰ ਵਿੱਚ ਟਰੈਫ਼ਿਕ ਦੀ ਸਮੱਸਿਆ ਨੂੰ ਹੱਲ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ 21 ਕਰੋੜ ਰੁਪਏ ਦੀ ਲਾਗਤ ਨਾਲ ਤਿੱਬੜੀ ਰੋਡ 'ਤੇ ਅੰਡਰ ਰੇਲਵੇ ਬਰਿੱਜ ਤਿਆਰ ਕਰਕੇ ਲੋਕ ਅਰਪਣ ਕੀਤਾ ਗਿਆ ਹੈ। ਇਸ ਅੰਡਰ ਬਰਿੱਜ ਦੇ ਸ਼ੁਰੂ ਹੋਣ ਨਾਲ ਲੋਕਾਂ ਨੂੰ ਰੇਲਵੇ ਫਾਟਕ 'ਤੇ ਲੱਗਦੇ ਜਾਮ ਤੋਂ ਨਿਜਾਤ ਮਿਲੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਮੁੜ ਸੂਬੇ ਨੂੰ 'ਰੰਗਲਾ ਪੰਜਾਬ, ਹੱਸਦਾ ਖੇਡਦਾ ਤੇ ਖ਼ੁਸ਼ਹਾਲ ਅਤੇ ਵਿਕਸਿਤ ਪੰਜਾਬ' ਬਣਾਉਣ ਲਈ ਤਤਪਰ ਹੈ ਅਤੇ ਇਸ ਦਿਸ਼ਾ ਵਿੱਚ ਲਗਾਤਾਰ ਉਪਰਾਲੇ ਹੋ ਰਹੇ ਹਨ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਸਟੇਡੀਅਮ ਵਿਖੇ ਪਰੇਡ ਟੁਕੜੀਆਂ ਦਾ ਨਿਰੀਖਣ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ ਵੀ ਉਨ੍ਹਾਂ ਦੇ ਨਾਲ ਸਨ। ਡੀ.ਐੱਸ.ਪੀ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੇ ਜਵਾਨਾਂ, ਮਹਿਲਾ ਪਲਾਟੂਨ, ਪੰਜਾਬ ਹੋਮਗਾਰਡਜ਼, ਐਨ.ਸੀ.ਸੀ ਦੀਆਂ ਟੁਕੜੀਆਂ ਅਤੇ ਪੰਜਾਬ ਪੁਲਿਸ ਬੈਂਡ ਟੀਮ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਕੈਬਨਿਟ ਮੰਤਰੀ ਸ੍ਰੀ ਕਟਾਰੂਚੱਕ ਵੱਲੋਂ ਸਮਾਗਮ ਦੌਰਾਨ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਵੀਰ ਨਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਿਕ ਮੈਂਬਰਾਂ ਦਾ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫ਼ੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਲੋੜਵੰਦ ਵਿਅਕਤੀਆਂ ਨੂੰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਤਰਫ਼ੋਂ ਮੁਹੱਈਆ ਕਰਵਾਏ ਗਏ ਟਰਾਈ ਸਾਈਕਲ ਤੇ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਅਜ਼ਾਦੀ ਸਮਾਗਮ ਦੌਰਾਨ ਬਾਰਸ਼ ਆਉਣ ਕਾਰਨ ਭਾਵੇਂ ਸਭਿਆਚਾਰਕ ਪ੍ਰੋਗਰਾਮ ਤਾਂ ਨਹੀਂ ਹੋ ਸਕਿਆ ਪਰ ਪ੍ਰੋਗਰਾਮ ਪੇਸ਼ ਕਰਨ ਤਿਆਰ ਵਿਦਿਆਰਥੀਆਂ ਦੇ ਉਤਸ਼ਾਹ ਤੇ ਜੋਸ਼ ਵਿੱਚ ਕੋਈ ਕਮੀ ਨਹੀਂ ਆਈ। ਵਿਦਿਆਰਥੀ ਰੰਗ-ਬਰੰਗੀਆਂ ਪੋਸ਼ਾਕਾਂ ਵਿੱਚ ਸਜੇ ਹੋਏ ਸਨ। ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਅਜ਼ਾਦੀ ਦਿਹਾੜੇ ਦੀ ਖ਼ੁਸ਼ੀ ਵਿੱਚ ਮਿਤੀ 16 ਅਗਸਤ ਨੂੰ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਜ਼ਿਲ੍ਹੇ ਵਿੱਚ ਸ਼ਲਾਘਾਯੋਗ ਕਾਰਜ ਕਰਨ ਵਾਲੇ ਅਧਿਕਾਰੀਆਂ, ਕਰਮਚਾਰੀਆਂ, ਸਮਾਜ ਸੇਵਕਾਂ, ਅਧਿਆਪਕਾਂ, ਡਾਕਟਰਾਂ, ਖਿਡਾਰੀਆਂ ਸਮੇਤ ਹੋਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫ਼ੋਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਵੱਲੋਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਅਤੇ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਉਰਮਿਲਾ ਦੇਵੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਾਲ, ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ, ਪੰਜਾਬ ਪੁਲਿਸ ਦੇ ਆਈ.ਜੀ. ਐੱਸ.ਓ.ਜੀ. ਸ੍ਰੀ ਗੌਤਮ ਚੀਮਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ, ਸ੍ਰੀ ਸ਼ਮਸ਼ੇਰ ਸਿੰਘ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ, ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਸ੍ਰੀ ਰਜੀਵ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਸ. ਡਾ. ਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ, ਐੱਸ.ਪੀ. ਗੁਰਵਿੰਦਰ ਸਿੰਘ ਰੰਧਾਵਾ ਤੋਂ ਇਲਾਵਾ ਹੋਰ ਵੀ ਅਧਿਕਾਰੀ ਤੇ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

**☛ ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਦਾ ਕੀਤਾ ਸਨਮਾਨ ☛**
**ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ 16 ਅਗਸਤ ਨੂੰ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਦਾ ਐਲਾਨ**



# 1971 ਦੀ ਭਾਰਤ-ਪਾਕਿਸਤਾਨ ਜੰਗ ਦਾ ਜੇਤੂ ਟੈਂਕ ਬੱਬਰੀ ਚੌਂਕ ਗੁਰਦਾਸਪੁਰ ਵਿਖੇ ਕੀਤਾ ਸਥਾਪਤ



**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 16 ਅਗਸਤ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਜ਼ਾਦੀ ਦਿਵਸ ਦੀ ਪੂਰਵ ਸੰਧਿਆ ਮੌਕੇ ਅੱਜ ਬੱਬਰੀ ਬਾਈਪਾਸ, ਗੁਰਦਾਸਪੁਰ ਵਿਖੇ 'ਜਿੱਤ ਦੀ ਨਿਸ਼ਾਨੀ' ਵਜੋਂ ਭਾਰਤੀ ਫ਼ੌਜ ਦੇ 1971 ਦੀ ਜੰਗ ਦੇ ਜੇਤੂ ਟੈਂਕ ਨੂੰ ਸਥਾਪਿਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਅਤੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਰੀਬਨ ਕੱਟ ਕੇ ਇਸ ਜੇਤੂ ਟੈਂਕ ਦੀ ਸਮਾਰਕ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਸ੍ਰੀ ਅਸ਼ਵਨੀ ਅਰੋੜਾ, ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਸ. ਹਰਜੋਤ ਸਿੰਘ, ਜ਼ਿਲ੍ਹਾ ਹੈਰੀਟੇਜ ਸੁਸਾਇਟੀ ਦੇ ਸਕੱਤਰ ਪ੍ਰੋ. ਰਾਜ ਕੁਮਾਰ ਸ਼ਰਮਾ, ਸੁੱਚਾ ਸਿੰਘ ਮੁਲਤਾਨੀ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਜੇਤੂ ਟੈਂਕ ਦੀ ਸਥਾਪਤੀ ਕਰਨ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਇਸ ਇਤਿਹਾਸਕ ਟੀ-55 ਟੈਂਕ ਦਾ ਨਿਰਮਾਣ ਦੂਸਰੇ ਵਿਸ਼ਵ ਯੁੱਧ ਤੋਂ ਬਾਅਦ ਰੂਸ ਦੁਆਰਾ ਕੀਤਾ ਗਿਆ ਸੀ। ਇਸ ਲੜਾਕੂ ਟੈਂਕ ਨੂੰ 1966 ਵਿੱਚ ਭਾਰਤ ਦੀਆਂ ਆਰਮਡ ਯੂਨਿਟਾਂ ਵਿੱਚ ਸ਼ਾਮਲ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਦਿਨ-ਰਾਤ ਲੜਨ ਦੀ ਤਾਕਤ ਰੱਖਣ ਵਾਲੇ ਇਸ ਟੈਂਕ ਨੇ 1971 ਦੇ ਭਾਰਤ-ਪਾਕਿਸਤਾਨ ਯੁੱਧ ਦੇ ਦੌਰਾਨ ਨੈਨੋਕੋਟ, ਬਸੰਤਰ ਅਤੇ ਗ.ਗੀਬਪੁਰ ਦੀਆਂ ਲੜਾਈਆਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਪਾਕਿਸਤਾਨੀ ਸੈਨਾ ਨੂੰ ਹਾਰ ਦਿੱਤੀ। ਆਪਣੀਆਂ ਖ਼ੂਬੀਆਂ ਕਾਰਨ ਟੀ-55 ਟੈਂਕ ਭਾਰਤੀ ਸੈਨਾ ਵਿੱਚ ਸਾਲ 2011 ਤੱਕ ਸੇਵਾ ਵਿੱਚ ਰਿਹਾ। ਉਨ੍ਹਾਂ ਦੱਸਿਆ ਕਿ ਸੈਂਟਰਲ ਆਰਮਡ ਫੋਰਸਿਜ਼ ਵਹੀਕਲ ਡੀਪੂ, ਪੂਨੇ ਵੱਲੋਂ ਇਸ ਟੈਂਕ ਨੂੰ 'ਵਾਰ ਟਰਾਫ਼ੀ' ਦੇ ਰੂਪ ਵਿੱਚ ਜਿੱਤ ਦੀ ਨਿਸ਼ਾਨੀ ਵਜੋਂ ਸਨਮਾਨ ਸਹਿਤ ਗੁਰਦਾਸਪੁਰ ਨੂੰ ਭੇਂਟ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਜ਼ਿਲ੍ਹਾ ਹੈਰੀਟੇਜ ਸੁਸਾਇਟੀ, ਗੁਰਦਾਸਪੁਰ ਵੱਲੋਂ ਇਸ ਸਮਾਰਕ ਦੀ ਦੇਖ-ਰੇਖ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿੱਤ ਦੀ ਨਿਸ਼ਾਨੀ ਦਾ ਪ੍ਰਤੀਕ ਇਹ ਟੈਂਕ ਨੌਜਵਾਨਾਂ ਨੂੰ ਜਿੱਥੇ ਆਪਣੇ ਦੇਸ਼ ਦੇ ਬਹਾਦਰ ਸੈਨਿਕਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਾਵੇਗਾ ਓਥੇ ਨੌਜਵਾਨ ਇਸ ਜਿੱਤ ਦੀ ਨਿਸ਼ਾਨੀ ਤੋਂ ਪ੍ਰੇਰਨਾ ਵੀ ਲੈਣਗੇ। ਉਨ੍ਹਾਂ ਕਿਹਾ ਕਿ ਅਜ਼ਾਦੀ ਦਿਹਾੜੇ ਦੀ ਪੂਰਵ ਸੰਧਿਆ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਦੇਸ਼ ਦੇ ਸ਼ਹੀਦਾਂ ਨੂੰ ਕੋਟੀ-ਕੋਟੀ ਪ੍ਰਨਾਮ ਕਰਦਾ ਹੈ। ਇਸ ਮੌਕੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਰਤੀ ਫ਼ੌਜ ਦਾ ਇਹ ਜੇਤੂ ਟੈਂਕ ਗੁਰਦਾਸਪੁਰ ਦੇ ਅਹਿਮ ਚੌਂਕ ਵਿੱਚ ਸਥਾਪਤ ਹੋਣ ਨਾਲ ਜਿੱਥੇ ਸ਼ਹਿਰ ਦੀ ਸ਼ਾਨ ਵਧੀ ਹੈ ਓਥੇ ਇਹ ਸਾਡੀ ਨੌਜਵਾਨੀ ਲਈ ਪ੍ਰੇਰਨਾ ਸਰੋਤ ਵੀ ਬਣੇਗਾ। ਉਨ੍ਹਾਂ ਕਿਹਾ ਕਿ ਸਾਡੇ ਬਹਾਦਰ ਸੈਨਿਕਾਂ ਨੇ ਕਿਵੇਂ ਦੁਸ਼ਮਣਾਂ ਉੱਪਰ ਫ਼ਤਿਹ ਹਾਸਲ ਕੀਤੀ ਹੈ ਇਹ ਟੈਂਕ ਇਸ ਦੀ ਗਵਾਹੀ ਭਰਦਾ ਰਹੇਗਾ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਨੂੰ ਇਸ ਕਾਰਜ ਲਈ ਮੁਬਾਰਕਬਾਦ ਦਿੱਤੀ।

# ਪਿੰਡ ਮਲਕ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਬਾਲ ਸੰਸਦ ਦੀਆਂ ਪਈਆਂ ਵੋਟਾਂ

## ਬੱਚਿਆਂ ਨੂੰ ਚੋਣ ਪ੍ਰਕਿਰਿਆ ਬਾਰੇ ਵਿਸਥਾਰ ਪੂਰਵਕ ਜਾਣੂੰ ਕਰਵਾਇਆ



ਜਗਰਾਉਂ/ਲੁਧਿਆਣਾ -(ਵਰਿਆਮ ਹਠੂਰ) ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਮਲਕ ਦੇ ਵਿਦਿਆਰਥੀਆਂ ਨੇ ਅੱਜ ਬਾਲ ਸੰਸਦ ਵੋਟਿੰਗ ਵਿੱਚ ਹਿੱਸਾ ਲਿਆ ਤੇ ਚੋਣ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਿਲ ਕੀਤੀ। ਜਿਸ ਵਿੱਚ ਬਹੁਤ ਖੂਬਸੂਰਤ ਢੰਗ ਨਾਲ ਇੱਕ ਮਾਡਰਨ ਪੋਲਿੰਗ ਬੂਥ ਤਿਆਰ ਕੀਤਾ ਗਿਆ, ਵਿਦਿਆਰਥੀਆਂ ਨੇ ਪੋਲਿੰਗ ਪਾਰਟੀ ਦੀ ਡਿਊਟੀ ਬਹੁਤ ਸੋਹਣੇ ਤਰੀਕੇ ਨਾਲ ਨਿਭਾਈ। ਜਿਸ ਵਿੱਚ ਪੋਲਿੰਗ ਪਾਰਟੀ ਵਿੱਚ ਉਹ ਪ੍ਰਜਾਈਡਿੰਗ ਅਫ਼ਸਰ, ਪੋਲਿੰਗ ਅਫ਼ਸਰ, ਬੀ ਐਲ ਓ ਸਾਹਿਬਾਨ, ਪੋਲਿੰਗ ਏਜੰਟ ਆਦਿ ਦੀਆਂ ਡਿਊਟੀਆਂ ਸਕੂਲ ਦੇ ਵਿਦਿਆਰਥੀਆਂ ਦੀਆਂ ਲਗਾਈਆਂ ਗਈਆਂ ਤੇ ਉਹਨਾਂ ਨੇ ਇਸ ਕੰਮ ਨੂੰ ਆਨੰਦ ਮਾਣਦੇ ਹੋਏ ਕੀਤਾ। ਵੋਟ ਪਾਉਣ ਆਏ ਵੋਟਰਾਂ ਦੇ ਛੋਟੇ ਬੱਚਿਆਂ ਦੇ ਬੈਠਣ ਲਈ ਬੱਚਿਆਂ ਵਿੱਚੋਂ ਹੀ ਆਂਗਣਵਾੜੀ ਵਰਕਰ ਦੀ ਡਿਊਟੀ ਲਗਾਈ ਗਈ ਅਤੇ ਕ੍ਰਿਚ ਸੈਂਟਰ ਬਣਾਇਆ ਗਿਆ। ਅਨੁਸ਼ਾਸਨ ਬਣਾਉਣ ਲਈ ਸੁਰੱਖਿਆ ਫੋਰਸ ਵਜੋਂ ਵੀ ਬੱਚਿਆਂ ਦੀ ਡਿਊਟੀ ਵੀ ਲਗਾਈ ਗਈ, ਇਹਨਾਂ ਵਿਦਿਆਰਥੀਆਂ ਵੱਲੋਂ ਨਿਭਾਈ ਗਈ ਡਿਊਟੀ ਨਾਲ ਸ਼ਾਂਤੀਪੂਰਵਕ ਤਰੀਕੇ ਨਾਲ ਵੋਟਿੰਗ ਦਾ ਕੰਮ ਨੇਪਰੇ ਚੜ੍ਹਿਆ, ਬਾਲ ਸੰਸਦ ਦੀ ਚੋਣ ਪ੍ਰਕਿਰਿਆ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ: ਸੁਖਦੇਵ ਸਿੰਘ ਹਠੂਰੀਆਂ, ਸੈਂਟਰ ਹੈਡ ਟੀਚਰ ਸ.ਹਰਵਿੰਦਰ ਸਿੰਘ, ਖੇਡ ਅਫਸਰ ਸ.ਕਰਮਜੀਤ ਸਿੰਘ ਅਤੇ ਸਕੂਲ ਦੇ ਚੇਅਰਮੈਨ ਸ਼੍ਰੀ ਮਤੀ ਮਨਦੀਪ ਕੌਰ ਨੇ ਸ਼ਿਰਕਤ ਕੀਤੀ, ਬਾਲ ਸੰਸਦ ਦੌਰਾਨ ਵੋਟਾਂ ਬਣਵਾਉਣ ਇਸਦੇ ਪ੍ਰਬੰਧ ਅਤੇ ਵੋਟਾਂ ਨੂੰ ਸਚਾਰੂ ਢੰਗ ਨਾਲ ਮੁਕੰਮਲ ਕਰਵਾਉਣ ਲਈ ਸੈਂਟਰ ਹੈੱਡ ਟੀਚਰ ਸ. ਪ੍ਰਿਤਪਾਲ ਸਿੰਘ ਨੇ ਮੁੱਖ ਚੋਣ ਅਫਸਰ ਵਜੋਂ ਡਿਊਟੀ ਨਿਭਾਈ। ਬਾਲ ਸੰਸਦ ਚੋਣ ਪ੍ਰਕਿਰਿਆ ਦੇ ਇੰਚਾਰਜ ਮੈਡਮ ਸ੍ਰੀਮਤੀ ਸ਼ੁਭਜੀਤ ਕੌਰ ਅਤੇ ਮੈਡਮ ਸ਼੍ਰੀਮਤੀ ਮੋਨਿਕਾ ਗੁਪਤਾ ਨੇ ਬੱਚਿਆਂ ਨੂੰ ਕਈ ਦਿਨਾਂ ਤੋਂ ਟ੍ਰੇਨਿੰਗਾਂ ਦੇਣੀਆਂ ਸ਼ੁਰੂ ਕੀਤੀਆਂ ਹੋਈਆਂ ਸਨ। ਜਿਸ ਕਾਰਨ ਇਸ ਪ੍ਰੋਗਰਾਮ ਨੂੰ ਬੱਚਿਆਂ ਨੇ ਬਾਖ਼ੂਬੀ ਨੇਪਰੇ ਚਾੜ੍ਹਿਆ ਇਸ ਪ੍ਰੋਗਰਾਮ ਨੂੰ ਮੀਡੀਆ ਵੱਲੋਂ ਕਵਰ ਕਰਨ ਲਈ ਚੈਨਲ ਮਲਕ ਸਟਾਰ ਕਾਸਟ ਵੱਲੋਂ ਮੁੱਖ ਭੂਮਿਕਾ ਨਿਭਾਈ ਗਈ ਜਿਸਦਾ ਰੋਲ ਵੀ ਪੰਜਵੀਂ ਜਮਾਤ ਦੇ ਬੱਚੇ ਨੇ ਨਿਭਾਇਆ ਪੋਲਿੰਗ ਸਟਾਫ਼ ਲਈ ਚਾਹ-ਪਾਣੀ ਅਤੇ ਖਾਣੇ ਦਾ ਵੀ ਢੁਕਵਾਂ ਪ੍ਰਬੰਧ ਕੀਤਾ ਗਿਆ। ਸ.ਪ੍ਰਿਤਪਾਲ ਸਿੰਘ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੋ ਬਾਲ ਸੰਸਦ ਦੀਆਂ ਵੋਟਾਂ ਪਈਆਂ ਹਨ ਉਹਨਾਂ ਦੀ ਗਿਣਤੀ 17 ਅਗਸਤ ਨੂੰ ਹੋਵੇਗੀ ਅਤੇ ਇਸਦਾ ਵੋਟਾਂ ਦਾ ਰਿਜਲਟ 20 ਅਗਸਤ ਨੂੰ ਜਨਤਕ ਕੀਤਾ ਜਾਵੇਗਾ, ਸਰਕਾਰੀ ਪ੍ਰਾਇਮਰੀ ਸਕੂਲ ਮਲਕ ਦੇ ਸਮੂਹ ਸਟਾਫ ਮੈਂਬਰ ਮੈਡਮ ਸ਼੍ਰੀਮਤੀ ਸੁਮਨ ਕੁਮਾਰੀ, ਸ. ਸਤਨਾਮ ਸਿੰਘ ਹਠੂਰ, ਸ.ਭਜਨ ਸਿੰਘ, ਸ.ਮਨਦੀਪ ਸਿੰਘ, ਸ. ਜੁਗਰਾਜ ਸਿੰਘ, ਸੁਖਜੀਵਨ ਕੌਰ, ਹਰਦੀਪ ਕੌਰ, ਬਲਜੀਤ ਕੌਰ, ਹਰਪ੍ਰੀਤ ਕੌਰ,ਬਰਜਿੰਦਰ ਪਾਲ ਕੌਰ, ਅਤੇ ਰਜਨੀ ਵੱਲੋਂ ਅੱਜ ਦੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਬਣਦਾ ਭਰਪੂਰ ਸਹਿਯੋਗ ਦਿੱਤਾ ਗਿਆ, ਪ੍ਰੋਗਰਾਮ ਦੇ ਸ਼ਾਨਦਾਰ ਪ੍ਰਬੰਧਾਂ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ. ਸੁਖਦੇਵ ਸਿੰਘ ਹਠੂਰੀਆ ਨੇ ਸੈਂਟਰ ਹੈੱਡ ਟੀਚਰ ਸ.ਪ੍ਰਿਤਪਾਲ ਸਿੰਘ ਅਤੇ ਸਮੁੱਚੇ ਸਟਾਫ਼ ਨੂੰ ਮੁਬਾਰਕਬਾਦ ਦਿੱਤੀ ਅਤੇ ਬੱਚਿਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### 78ਵਾਂ ਅਜਾਦੀ ਦਿਹਾੜਾ ਸੈਂਟ ਸੋਲਜਰ ਇਲੀਟ ਸਕੂਲ ਵਿਖੇ

# ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ





**ਜੰਡਿਆਲਾ ਗੁਰੂ 16 ਅਗਸਤ ( ਕੁਲਵੰਤ ਸਿੰਘ ਵਿਰਦੀ)**- ਕੁਰਬਾਨੀਆਂ ਨੂੰ ਸਲਾਮ ਕਰਦੇ ਹੋਏ ਅਤੇ ਸਖ਼ਤ ਮਿਹਨਤ ਨਾਲ ਪ੍ਰਾਪਤ ਕੀਤੀ ਅਜ਼ਾਦੀ ਦਾ ਜਸ਼ਨ ਮਨਾਉਣ ਲਈ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵੱਲੋਂ ਦੇਸ਼ ਦਾ 78ਵਾਂ ਅਜਾਦੀ ਦਿਹਾੜਾ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਆਜ਼ਾਦੀ ਪ੍ਰਾਪਤੀ ਲਈ ਦੇਸ਼ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਭ ਤੋਂ ਪਹਿਲਾਂ ਸਕੂਲ ਦੇ ਐਮਡੀ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਵੱਲੋਂ ਦੇਸ਼ ਦਾ ਰਾਸ਼ਟਰੀ ਝੰਡਾ ਲਹਿਰਾਇਆ ਗਿਆ । ਉਪਰੰਤ ਕਿੰਡਰ ਗਾਰਟਨ ਸੈਕਸ਼ਨ ਦੇ ਛੋਟੇ ਛੋਟੇ ਬੱਚਿਆਂ ਨੇ ਦੇਸ਼ ਭਗਤੀ ਦੇ ਸੁਰੀਲੇ ਗੀਤ ਗਾਏ ਜਿਸ ਨਾਲ ਸਾਰਾ ਹੀ ਮਾਹੌਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ਸਾਰੇ ਹੀ ਬੱਚਿਆਂ ਨੇ ਤਿਰੰਗੇ ਝੰਡੇ ਦੇ ਰੰਗ ਕੇਸਰੀ ,ਚਿੱਟਾ ਅਤੇ ਹਰੇ ਰੰਗ ਦੇ ਕੱਪੜੇ ਪਹਿਨ ਕੇ ਦੇਸ਼ ਭਗਤੀ ਦੀ ਭਾਵਨਾ ਨੂੰ ਦਰਸਾਇਆ। ਇਸ ਉਪਰੰਤ ਸਕੂਲ ਦੇ ਸ਼ਾਨਦਾਰ ਆਟੋਡੋਰੀਅਮ ਵਿੱਚ ਸਕੂਲ ਦੇ ਪੰਜ ਹਾਊਸਾਂ ਦੇ ਕੋਰੇਇਓਗਰਾਫੀ ਦੇ ਮੁਕਾਬਲੇ ਕਰਵਾਏ ਗਏ।ਇਹਨਾਂ ਕੌਰਿਉਂਗਰਾਫੀਆਂ ਦੇ ਥੀਮ ਵਿੱਚ ਦੇਸ਼ ਨੂੰ ਅੰਗਰੇਜ਼ਾਂ ਦੇ ਰਾਜ ਤੋਂ ਛੁਟਕਾਰਾ, ਅਤੇ ਨਾਲ ਨਾਲ ਅੱਜ ਦੀਆਂ ਮੌਜੂਦਾ ਬੁਰਾਈਆਂ ਜਿਵੇਂ ਰੁੱਖਾਂ ਦੀ ਕਟਾਈ, ਵਾਤਾਵਰਨ ਵਿਚ ਗਿਰਾਵਟ, ਪਾਣੀ ਦੀ ਬਰਬਾਦੀ,ਰਾਜਨੀਤੀ ਵਿੱਚ ਭ੍ਰਿਸ਼ਟਾਚਾਰ ਤੋਂ ਵੀ ਅਜਾਦੀ ਸ਼ਾਮਿਲ ਸੀ। ਅਤੇ ਨਾਲ ਹੀ ਦੇਸ਼ ਭਗਤੀ ਦੇ ਜਜ਼ਬੇ ਨੂੰ ਵੀ ਵਿਸ਼ੇ ਵਜੋਂ ਲਿਆ ਗਿਆ। ਇਹਨਾਂ ਮੁਕਾਬਲਿਆਂ ਵਿਚ ਜਜਮੈਂਟ ਦੀ ਭੂਮਿਕਾ ਪੰਡਿਤ ਕਿਸ਼ਨ ਦਵੇਸਰ ਜੀ (ਪ੍ਰਧਾਨ ਮੰਚ ਲੋਕ ਅੰਮ੍ਰਿਤਸਰ) ਪੱਤਰਕਾਰ ਸ੍ਰੀ ਦਿਨੇਸ਼ ਬਜਾਜ ਜੀ, ਮਾਸਟਰ ਧਰਮਿੰਦਰ ਸਿੰਘ ਜੀ (ਰਿਟਾਇਰਡ ਸਾਇੰਸ ਮਾਸਟਰ)ਜੀ ਨੇ ਬਾਖੂਬੀ ਨਿਭਾਈ। ਇਹਨਾਂ ਮੁਕਾਬਲਿਆਂ ਵਿੱਚ ਪੈਂਸੀ ਹਾਊਸ ਨੇ ਪਹਿਲਾ ਸਥਾਨ, ਡੇਜ਼ੀ ਹਾਊਸ ਦੂਜੇ ਅਤੇ ਲੋਟਸ ਹਾਊਸ ਤੀਜੇ ਸਥਾਨ 'ਤੇ ਰਿਹਾ।ਉਪਰੰਤ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਨੂੰ ਆਜ਼ਾਦੀ ਸੰਗਰਾਮ ਬਾਰੇ ਜਾਣੂ ਕਰਵਾਇਆ। ਅਤੇ ਕਿਹਾ ਕਿ ਸਾਨੂੰ ਦੇਸ਼ ਦੀ ਖਾਤਰ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਸ਼ਹੀਦੀ ਨੂੰ ਯਾਦ ਰੱਖਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਓ ਕਿ ਅੱਜ ਦੇ ਦਿਨ ਇਹ ਪ੍ਰਣ ਕਰੀਏ ਕਿ ਅਸੀਂ ਵੱਧ ਤੋਂ ਵੱਧ ਰੁੱਖ ਵੀ ਲਗਾਈਏ ਪਾਣੀ ਦੀ ਬਰਬਾਦੀ ਨੂੰ ਰੋਕੀਏ ਅਤੇ ਆਪਣੇ ਦੇਸ਼ ਦੇ ਅਤੇ ਪੰਜਾਬ ਦੇ ਵਾਤਾਵਰਨ ਨੂੰ ਗੰਦਲਾਂ ਹੋਣ ਤੋਂ ਬਚਾਈਏ।।ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਨੇ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਆਜ਼ਾਦੀ ਦਾ ਹਰ ਹਾਲ ਵਿੱਚ ਆਨੰਦ ਲੈਣਾ ਚਾਹੀਦਾ ਹੈ। ਅਤੇ ਮੋਬਾਈਲ, ਪ੍ਰਦੂਸ਼ਣ, ਨਿਰਾਸ਼ਾਵਾਦ ਆਦਿ ਤੋਂ ਆਜ਼ਾਦੀ ਹੋਵੇ। ਓਹਨਾ ਨੇ ਵਿਦਿਆਰਥੀਆਂ ਨੂੰ ਆਪਣੀਆਂ ਪੁਰਾਣੀਆਂ ਪੀੜ੍ਹੀਆਂ ਦੁਆਰਾ ਬੀਜੇ ਫਲ ਦੀ ਕਦਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਪ੍ਰਿਅੰਕਾ ਸ਼ਰਮਾ ਕੋਆਰਡੀਨੇਟਰ, ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

**ਦੇਸ਼ ਲਈ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਕੁਰਬਾਨੀ ਦਾ ਮੁੱਲ ਨਹੀਂ ਚੁਕਾਇਆ ਜਾ ਸਕਦਾ-ਡਾ: ਮੰਗਲ ਸਿੰਘ ਕਿਸ਼ਨਪੁਰੀ**

## ਪਿੰਡ ਤਾਰਾਗੜ੍ਹ ਦੇ ਵਿਕਾਸ ਕਾਰਜਾਂ ਲਈ ਆਮ ਆਦਮੀ ਪਾਰਟੀ ਵਚਨਬੱਧ ਕੈਬਨਿਟ ਮੰਤਰੀ ਈ ਟੀ ਓ ਸਾਬ ਦਾ ਧੰਨਵਾਦ-ਜਗਮੋਹਨ ਸਿੰਘ



ਜੰਡਿਆਲਾ ਗੁਰੂ 16 ਅਗਸਤ ( ਕੁਲਵੰਤ ਸਿੰਘ ਵਿਰਦੀ) ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਅਧੂਰੇ ਵਿਕਾਸ ਕਾਰਜਾਂ ਨੂੰ ਪੂਰਾ ਕਰਨ ਲਈ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਸਦਾ ਵਚਨਬੱਧ ਹਨ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਤੇ ਹਰਦੇਵ ਸਿੰਘ ਨੇ ਸਾਂਝੇ ਬਿਆਨ ਚ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡ ਤਾਰਾਗੜ੍ਹ ਦੇ ਸਕੂਲਾਂ ਦੇ ਰਹਿੰਦੇ ਵਿਕਾਸ ਕਾਰਜਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਵਾਇਆ ਗਿਆ ਅਤੇ ਸ੍ਰ ਈ ਟੀ ਓ ਜੀ ਵੱਲੋਂ ਪਿੰਡ ਤਾਰਾਗੜ੍ਹ ਨੂੰ ਵੈਰੋਵਾਲ ਰੋਡ ਤੋਂ ਆਉਂਦੀ ਲਿੰਕ ਸੜਕ ਨੂੰ ਚੌੜਾ ਕੀਤਾ ਗਿਆ ਹੈ ਜਿਸ ਨਾਲ ਪਿੰਡ ਵਾਸੀਆਂ ਨੂੰ ਇਸ ਸੜਕ ਰਾਹੀਂ ਆਪਣੀ ਮੰਜ਼ਿਲ ਤੇ ਪਹੁੰਚਣ ਲਈ ਸੌਖਾ ਹੋ ਗਿਆ ਅੱਗੇ ਉਨ੍ਹਾ ਕਿਹਾ ਕਿ ਪਿੰਡ ਤਾਰਾਗੜ੍ਹ ਦੇ ਰਹਿੰਦੇ ਬਜ਼ਾਰਾਂ ਨੂੰ ਵੀ ਪਾਰਟੀ ਬਾਜੀ ਤੋਂ ਉਪਰ ਉੱਠ ਕੇ ਬਣਾਇਆ ਜਾ ਰਿਹਾ ਹੈ ਜਿਨ੍ਹਾਂ ਬਜ਼ਾਰਾਂ ਨੂੰ ਬਣਾਉਣ ਲਈ ਬਲਾਕ ਜੰਡਿਆਲਾ ਗੁਰੂ ਤੋਂ ਬੀ ਡੀ ਪੀ ਓ ਸਾਹਬ ਅਤੇ ਸੈਕਟਰੀ ਲਵਪ੍ਰੀਤ ਸਿੰਘ ਵੱਲੋਂ ਅਹਿਮ ਰੋਲ ਨਿਭਾਇਆ ਜਾ ਰਿਹਾ ਹੈ ਅੱਗੇ ਜਗਮੋਹਨ ਸਿੰਘ ਨੇ ਕਿਹਾ ਕਿ ਕੈਬਨਿਟ ਮੰਤਰੀ ਸ੍ਰ ਈ ਟੀ ਓ ਸਾਹਬ ਜੀ ਦਾ ਅਸੀਂ ਧੰਨਵਾਦ ਕਰਦੇ ਹਾਂ ਜਿਨ੍ਹਾਂ ਵੱਲੋਂ ਪਿੰਡ ਤਾਰਾਗੜ੍ਹ ਦੇ ਵਿਕਾਸ ਨੂੰ ਕਰਵਾਉਣ ਲਈ ਪਹਿਲ ਦਿੱਤੀ ਹੈ ਅਤੇ ਸਾਨੂੰ ਮੰਤਰੀ ਸਾਬ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਪਿੰਡ ਤਾਰਾਗੜ੍ਹ ਦੇ ਰਹਿੰਦੇ ਵਿਕਾਸ ਦੇ ਕੰਮਾਂ ਨੂੰ ਵੀ ਪਹਿਲ ਦੇ ਆਧਾਰ ਤੇ ਕਰਵਾਇਆ ਜਾਵੇਗਾ ਇਸ ਮੌਕੇ ਪਿਰਥੀਪਾਲ ਸਿੰਘ ਗੋਲਡੀ, ਬਲਦੇਵ ਸਿੰਘ, ਸੁਖਦੇਵ ਸਿੰਘ ਸਾਹ,ਸੋਨਾ ਹਾਂਡਾ, ਦਵਿੰਦਰ ਸਿੰਘ, ਜੋਗਿੰਦਰ ਸਿੰਘ ਮੋਨੂੰ, ਬਲਦੇਵ ਸਿੰਘ ਪੱਪੂ ਸਾਬਕਾ ਪੰਚਾਇਤ ਮੈਂਬਰ, ਰਵਿੰਦਰ ਸਿੰਘ ਰਵੀ ਝੰਡ, ਕਵਲਪ੍ਰੀਤ ਸਿੰਘ, ਸੁਖਚੈਨ ਸਿੰਘ ਝੰਡ, ਤੇਜਿੰਦਰ ਸਿੰਘ ਬਿਕਰਮਜੀਤ ਸਿੰਘ ਆਦਿ ਹਾਜ਼ਰ ਸਨ।

### ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ

# ਵਿਰੋਧ ਕਰਨ ਜਾਂਦੇ ਕਿਸਾਨਾਂ ਨੂੰ ਘੇਰਿਆ



**ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਜਿਲ੍ਹਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਅਤੇ ਜ਼ਿਲ੍ਹਾ ਜਰਨਲ ਸਕੱਤਰ ਗੁਲਜਾਰ ਸਿੰਘ ਕੱਬਰਵੱਛਾ ਦੀ ਅਗਵਾਈ ਹੇਠ ਕਿਲੇ ਵਾਲਾ ਮੋੜ ਬਾਰਡਰ ਰੋਡ ਵਿਖੇ ਕੈਬਨਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਵਿਰੋਧ ਕਰਨ ਜਾਂਦੇ ਹੋਏ ਕਿਸਾਨਾਂ ਨੂੰ ਪੁਲਿਸ ਵੱਲੋਂ ਜਬਰਦਸਤ ਬੈਰੀਗੇਟਿੰਗ ਕਰਕੇ ਅਤੇ ਭਾਰੀ ਪੁਲਿਸ ਫੋਰਸ ਤਾਇਨਾਤ ਕਰਕੇ ਰਸਤੇ ਵਿੱਚ ਰੋਕਿਆ ਗਿਆ। ਇਸ ਮੌਕੇ ਆਗੂਆਂ ਨੇ ਬੋਲਦਿਆਂ ਹੋਇਆਂ ਕਿਹਾ ਕਿ ਪਿਛਲੇ ਕਾਫੀ ਲੰਮੇ ਸਮੇਂ ਤੋਂ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਨਾ ਦੇਣ ਕਰਕੇ ਇਰਾਦਾ ਕਤਲ ਦੇ ਦੋਸ਼ੀਆਂ ਦੀ ਪੁਸ਼ਤ ਪਣਾਹੀ ਕਰਨ ਵਾਲੇ ਵਿਅਕਤੀਆਂ ਵਿਰੁੱਧ ਸਖਤ ਕਾਰਵਾਈ ਕਰਨ, ਕਿਸਾਨਾਂ ਦੇ ਜਮੀਨੀ ਹੱਕ ਬਹਾਲ ਕਰਨ, ਇਰਾਦਾ ਕਤਲ ਦੇ ਦੋਸ਼ੀ ਰਾਜਵੀਰ ਸਰਪੰਚ ਨੂੰ ਗ੍ਰਿਫਤਾਰ ਕਰਕੇ ਜੇਲ ਭੇਜਿਆ ਜਾਵੇ। ਕਿਸਾਨਾਂ ਨੇ ਕਿਹਾ ਕਿ ਇਨ੍ਹਾਂ ਮੰਗਾਂ ਨੂੰ ਲੈ ਕੇ ਅੱਜ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਕੈਬਨਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਵਿਰੋਧ ਕਰਨ ਲਈ ਕਿਸਾਨ ਇਕੱਠੇ ਹੋਏ ਸਨ। ਇਸ ਮੌਕੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਜਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜ਼ਿਲ੍ਹਾ ਮੀਤ ਪ੍ਰਧਾਨ ਬਗੀਚਾ ਸਿੰਘ, ਜ਼ਿਲ੍ਹਾ ਖਜਾਨਚੀ ਪ੍ਰਨੀਤ ਸਿੰਘ ਭੜਾਣਾ, ਜ਼ਿਲ੍ਹਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਗੁਰੂਹਰਸਹਾਏ ਦੋ ਬਲਾਕ ਪ੍ਰਧਾਨ ਸੁਖਦੇਵ ਢੋਟ ਗੁਰੂਹਰਸਹਾਏ ਇੱਕ ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡਵਾਲਾ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਫਿਰੋਜ਼ਪੁਰ ਬਲਾਕ ਪ੍ਰਧਾਨ ਅਮਰੀਕ ਸਿੰਘ ਪੱਲਾ ਮੇਘਾ ਘੱਲ ਬਲਾਕ ਪ੍ਰਧਾਨ ਸਾਹਿਬ ਸਿੰਘ ਵਾੜਾ ਭਾਈ ਕਾ ਮੱਖੂ ਬਲਾਕ ਜਨਰਲ ਸਕੱਤਰ ਗੁਰਭੇਜ ਸਿੰਘ, ਗੁਰਚਰਨ ਸਿੰਘ ਨਾਜੂਸ਼ਾਹ ਵਾਲਾ, ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਬਲਵੰਤ ਸਿੰਘ, ਜਸਵੰਤ ਸਿੰਘ, ਬਲਜੀਤ ਸਿੰਘ, ਜਸਪਾਲ ਸਿੰਘ, ਸੁਖਪਾਲ ਸਿੰਘ, ਸੁਖਵਿੰਦਰ ਸਿੰਘ, ਗੁਰਦੇਵ ਸਿੰਘ, ਸਤਨਾਮ ਚੰਦ ਸੰਧਾ, ਬੂੜ ਸਿੰਘ, ਮੇਜਰ ਸਿੰਘ, ਮਹਿੰਦਰ ਸਿੰਘ, ਗੁਰਮੀਤ ਸਿੰਘ, ਮੇਜਰ ਸਿੰਘ, ਪ੍ਰੀਤਮ ਸਿੰਘ, ਸੁਖਵਿੰਦਰ ਸਿੰਘ, ਸੁਖਬੀਰ ਸਿੰਘ, ਦੇਵ ਸਿੰਘ, ਜਟੂ ਰਾਮ, ਰਮਨ ਕੁਮਾਰ, ਮਹਿੰਦਰ ਸਿੰਘ, ਸੁਬੇਗ ਸਿੰਘ, ਜਗੀਰ ਸਿੰਘ, ਹਰਭਜਨ ਸਿੰਘ, ਜਸਪਾਲ ਸਿੰਘ, ਮਹਿਲ ਸਿੰਘ, ਜਤਿੰਦਰ ਸਿੰਘ, ਪੰਜਾਬ ਸਿੰਘ, ਸੁਖਵਿੰਦਰ ਸਿੰਘ, ਬੂਟਾ ਸਿੰਘ, ਗੁਰਨਾਮ ਸਿੰਘ, ਨੈਬ ਸਿੰਘ, ਟਹਿਲ ਸਿੰਘ, ਸਤਪਾਲ ਸਿੰਘ, ਗੁਰਦੀਪ ਸਿੰਘ, ਜੁਗਰਾਜ ਸਿੰਘ, ਜਤਿੰਦਰ ਸਿੰਘ, ਹਰਬੰਸ ਸਿੰਘ, ਜਗਤਾਰ ਸਿੰਘ, ਰੇਸ਼ਮ ਸਿੰਘ, ਦਿਆਲ ਸਿੰਘ, ਸੇਵਾ ਸਿੰਘ, ਇਕਬਾਲ ਸਿੰਘ, ਅੰਗਰੇਜ ਸਿੰਘ, ਦਲਬੀਰ ਸਿੰਘ, ਬੇਅੰਤ ਸਿੰਘ, ਅੰਮ੍ਰਿਤਪਾਲ ਸਿੰਘ, ਬਲਕਾਰ ਸਿੰਘ ਆਦਿ ਹਾਜ਼ਰ ਸਨ।

## ਸਰਕਾਰ ਵੱਲੋਂ ਕੀਤੇ ਵਾਅਦਿਆਂ ਨੂੰ ਯਾਦ ਕਰਵਾਉਣ ਲਈ ਬੀਕੇਯੂ ਉਗਰਾਹਾਂ ਵੱਲੋਂ ਡੀ, ਸੀ ਦਫਤਰ ਅੱਗੇ ਧਰਨਾ 27 ਤੋਂ 31 ਅਗਸਤ ਤੱਕ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਬਲਾਕ ਧੂਰੀ ਦੀ ਮੀਟਿੰਗ ਪਿੰਡ ਕਮੇਟੀ ਆਗੂ ਜਰਨਲ ਸਕੱਤਰ ਹਰਪਾਲ ਸਿੰਘ ਪੇਧਨੀ ਦੀ ਅਗਵਾਈ ਵਿੱਚ ਹੋਈ। ਜਿਸ ਵਿੱਚ ਆਪ ਸਰਕਾਰ ਤੇ ਕਿਸਾਨ ਖੇਤੀ ਨੀਤੀ ਬਣਾਉਣ ਦਾ ਵਾਅਦਾ , ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਵਾਅਦਾ, ਔਰਤਾ ਤੇ ਇੱਕ ਹਜ਼ਾਰ ਰੁਪਏ ਮਹੀਨਾ ਦਾ ਵਾਅਦਾ, ਸਾਡੀ ਸਰਕਾਰ ਪਿੰਡਾਂ ਚੋ ਚੱਲਿਆ ਕਰੇਗੀ, ਭ੍ਰਿਸਟਾਚਾਰ ਨੂੰ ਨੱਥ ਪਾਈ ਜਾਵੇਗੀ, ਪਿੰਡ ਪਿੰਡ ਮੁਹੱਲਾ ਕਲੀਨਿਕ ਹੋਣਗੇ, ਕਰਜੇ ਕਾਰਨ ਖੁਦਕਸੀਆ ਕਰ ਚੁੱਕੇ ਕਿਸਾਨਾਂ ਦੀਆ ਮੰਗਾ ਲੰਮੇ ਸਮੇਂ ਤੋਂ ਲਟਕਾਉਣਾ, ਘਰ ਘਰ ਨੌਕਰੀਆਂ ਨਾ ਦੇਣਾ, ਜੰਗੀਰਦਾਰ ਕਾਰਪੋਰੇਟਾਂ ਨੂੰ ਟੈਕਸ ਤੋਂ ਛੋਟ ਦੇਣਾ, ਕਿਸਾਨਾਂ ਦੀਆਂ ਖਰਾਬ ਫਸਲਾ ਦਾ ਮੁਆਵਜ਼ਾ ਨਾ ਦੇਣਾ, ਇਨਾ ਸਾਰੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਵੱਲੋਂ 27 ਅਗਸਤ ਤੋਂ ਲੈ ਕੇ 31 ਅਗਸਤ ਤੱਕ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਸਾਂਤ ਮਈ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਹਰਬੰਸ ਸਿੰਘ ਲੱਡਾ, ਰਾਮ ਸਿੰਘ ਕੱਕੜਵਾਲ, ਦਰਸਨ ਸਿੰਘ ਕਿਲਾ,ਜਰਨੈਲ ਸਿੰਘ ਸੁਲਤਾਨਪੁਰ, ਕਰਮਜੀਤ ਸਿੰਘ, ਨਹਿਰੂ ਬੇਨੜਾ, ਬਲਵੰਤ ਸਿੰਘ ਘਨੌਰੀ, ਮਹਿੰਦਰ ਸਿੰਘ ਭਸੌੜ, ਬਾਬੂ ਸਿੰਘ ਮੂਲੋਂਵਾਲ, ਜੋਰਾ ਸਿੰਘ ਕੰਧਾਰਗੜ, ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਫ਼ਿਰੋਜ਼ਪੁਰ ਵਿਚ ਸਿੱਖ ਜਥੇਬੰਦੀਆਂ ਨੇ

# ਆਜ਼ਾਦੀ ਦਿਵਸ ਦੀ ਥਾਂ ਮਨਾਇਆ ਗੁਲਾਮੀ ਦਿਵਸ



ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਜਿਥੇ ਅੱਜ ਭਾਰਤ ਦੇਸ਼ ਦੇ ਦੂਜੇ ਲੋਕ 16 ਅਗਸਤ ਦਾ ਦਿਨ ਆਜ਼ਾਦੀ ਦੇ ਦਿਹਾੜੇ ਵਜੋਂ ਮਨਾ ਰਹੇ ਹਨ, ਉਥੇ ਸਿੱਖ ਧਰਮ ਦੀ ਨੁਮਾਇੰਗਗੀ ਕਰ ਰਹੀਆਂ ਸਿੱਖ ਜਥੇਬੰਦੀਆਂ ਨੇ ਇਸ ਦਿਨ ਨੂੰ ਆਜ਼ਾਦੀ ਦਿਵਸ ਦੀ ਥਾਂ ਤੇ ਗੁਲਾਮੀ ਦਿਵਸ ਵਜੋਂ ਮਨਾਇਆ। ਇਸੇ ਹੀ ਕੜੀ ਤਹਿਤ ਫ਼ਿਰੋਜ਼ਪੁਰ ਦੀਆਂ ਸਿੱਖ ਜਥੇਬੰਦੀਆਂ ਜਿਨ੍ਹਾਂ ਵਿਚ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਇੰਟਰਨੈਸ਼ਨਲ ਪੰਥਕ ਦਲ, ਏਕਨੂਰ ਖਾਲਸਾ ਫੌਜ਼, ਭਾਈ ਨੱਥਾ ਅਤੇ ਗੁੰਥੀ ਪਾਠੀ ਸਭਾ ਨੇ ਸ਼ਹਿਰ ਦੇ ਊਧਮ ਸਿੰਘ ਚੌਂਕ ਵਿਚ ਇਕੱਤਰ ਹੋ ਕੇ ਜਿਨ੍ਹਾਂ ਨੇ ਆਪਣੇ ਹੱਥਾਂ ਵਿਚ ਕਾਲੀਆਂ ਝੰਡੀਆਂ ਅਤੇ ਦਸਤਾਰਾਂ ਤੇ ਕਾਲੀਆਂ ਪੱਟੀਅ ਬੰਨੀਆਂ ਹੋਈਆਂ ਸਨ, ਦੇਸ਼ ਵਿਚ ਚੱਲ ਰਹੇ ਦੋਹਰੇ ਕਾਨੂੰਨ ਵਿਰੁੱਧ ਜਬਰਦਸਤ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀ ਮੰਗ ਕਰ ਰਹੇ ਸਨ ਕਿ ਦੇਸ਼ ਦੀਆਂ ਵੱਖ—ਵੱਖ ਜੇਲ੍ਹਾਂ ਵਿਚ ਬੰਦ ਨੌਜਵਾਨ ਜ਼ੋ ਆਪਣੀਆਂ ਸਜਾਵਾਂ ਪੂਰੀਆਂ ਕਰਨ ਤੋਂ 10—16 ਸਾਲ ਵੱਧ ਸਮੇਂ ਤੋਂ ਜੇਲ੍ਹਾਂ ਵਿਚ ਡੱਕੇ ਹੋਏ ਹਨ, ਉਨ੍ਹਾਂ ਨੂੰ ਰਿਹਾਅ ਕਿਉਂ ਨਹੀਂ ਕੀਤਾ ਜਾ ਰਿਹਾ, ਕੀ ਇਹ ਸਿੱਖ ਕੌਮ ਨਾਲ ਧੱਕੇਸ਼ਾਹੀ ਜਾਂ ਵਿਤਕਰੇਬਾਜੀ ਨਹੀਂ। ਸਿੱਖ ਜਥੇਬੰਦੀਆਂ ਦੇ ਆਗੂਆਂ ਭਾਈ ਜ਼ਸਪਾਲ ਸਿੰਘ, ਬਾਬਾ ਸਤਨਾਮ ਸਿੰਘ ਵੱਲੀਆ, ਲਖਬੀਰ ਸਿੰਘ ਨੰਬਰਦਾਰ, ਹਿੰਮਤ ਸਿੰਘ ਸ਼ਕੂਰ ਅਤੇ ਹੋਰ ਆਗੂਆਂ ਨੇ ਕਿਹਾ ਕਿ ਜਿਸ ਕੌਮ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਬਦਲੇ 90 ਫੀਸਦੀ ਤੋਂ ਵੱਧ ਕੁਰਬਾਨੀਆਂ ਦੇ ਕੇ ਦੇਸ਼ ਨੂੰ ਆਜ਼ਾਦ ਕਰਵਾਇਆ ਹੋਵੇ, ਅੱਜ ਉਸ ਕੌਮ ਨੂੰ ਫਿਰਕਾਪ੍ਰਸਤ ਸਰਕਾਰਾਂ ਦੇਸ਼ ਦੇ ਦੂਜੇ ਦਰਜੇ ਦੇ ਨਾਗਰਿਕ ਸਮਝ ਕੇ ਉਸ ਨਾਲ ਘੋਰ ਵਿਤਕਰੇਬਾਜੀ ਕਰ ਰਹੀਆਂ ਹਨ, ਜਿਸਨੂੰ ਕਦੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਜਿੰਨੀ ਦੇਰ ਦੇਸ਼ ਦਾ ਕਾਨੂੰਨ ਸਭ ਵਰਗਾ ਨਾਲ ਵਿਤਕਰੇਬਾਜੀ ਤੋਂ ਉਪਰ ਉਠ ਕੇ ਬਰਾਬਰ ਇਨਸਾਫ ਦੀ ਗੱਲ ਨਹੀਂ ਕਰਦਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਪੁਰਾਣੇ ਬੰਦੀ ਸਿੰਘ ਰਿਹਾਅ ਨਹੀਂ ਕੀਤੇ ਜਾਂਦੇ ਉਨ੍ਹੀ ਦੇਰ ਅਸੀਂ ਆਜ਼ਾਦੀ ਦਿਵਸ ਨਹੀਂ ਮਨਾ ਸਕਦੇ, ਕਿਉਂਕਿ ਸਾਨੂੰ ਅਜਿਹੀ ਵਿਤਕਰੇਬਾਜੀ ਕਰਕੇ ਗੁਲਾਮੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਆਗੂਆਂ ਨੇ ਵਿਤਕਰੇਬਾਜੀ ਦੀ ਇਕ ਹੋਰ ਮਿਸਾਲ ਦਿੰਦਿਆਂ ਕਿਹਾ ਕਿ ਬਹੁਤ ਸੰਗੀਨ ਜ਼ੁਰਮਾਂ ਵਿਚ ਸਜਾ ਕੱਟ ਰਹੇ ਡੇਰਾ ਸਿਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਵਾਰ—ਵਾਰ ਪੈਰੋਲ ਦੇ ਕੇ ਸਿੱਖ ਕੌਮ ਦੇ ਹਿਰਦਿਆਂ ਨੂੰ ਵਲੂੰਧਰਿਆ ਜਾਰਿਹਾ ਹੈ ਅਤੇ ਸਾਡੇ ਨੌਜਵਾਨਾਂ ਤੇ ਇਸ ਤੋਂ ਘੱਟ ਜੁਰਮ ਕਰਨ ਵਾਲਿਆਂ ਨੂੰ ਅਜੇ ਤੱਕ ਕੋਈ ਪੈਰੋਲ ਨਸੀਬ ਨਹੀਂ ਹੋਈ। ਇਸ ਸਮੇਂ ਉਕਤ ਆਗੂਆਂ ਦੇ ਨਾਲ ਜਰਨੈਲ ਸਿੰਘ ਗਾਬੜੀਆ, ਪਿੱਪਲ ਸਿੰਘ ਸਦਰਦੀਨ, ਕ੍ਰਿਪਾ ਸਿੰਘ, ਡਾ: ਗੁਰਮੀਤ ਸਿੰਘ ਸਿੱਧੂ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਅਵਤਾਰ ਸਿੰਘ ਜ਼ੋਸਨ, ਕੁਲਦੀਪ ਸਿੰਘ ਲੋਕੋ, ਜ਼ੋਗਿੰਦਰ ਸਿੰਘ, ਗੁਰਮੇਲ ਸਿੰਘ ਭੇਡੀਆ, ਗੁਰਨਾਮ ਸਿੰਘ, ਡਾ: ਮਨਜੀਤ ਸਿੰਘ, ਸਵਰਨ ਸਿੰਘ ਖਾਲਸਾ, ਸੁਰਜੀਤ ਸਿੰਘ ਸਰਪੰਚ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਹਰਜਿੰਦਰ ਸਿੰਘ, ਸੁੱਚਾ ਸਿੰਘ ਸਿੱਧੂ, ਕੁਲਦੀਪ ਸਿੰਘ ਖੁੰਦਰ, ਸਤਨਾਮ ਸਿੰਘ ਮਮਦੋਟ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

### ਸਿਰਾਂ ਤੇ ਕਾਲੀਆਂ ਪੱਟੀਆਂ ਤੇ ਕਾਲੀਆਂ ਝੰਡੀਆਂ ਫੜ ਕੀਤਾ ਜ਼ੋਰਦਾਰ ਪ੍ਰਦਰਸ਼ਨ

## ਮੁੱਖ ਮੰਤਰੀ ਦੀ ਅਗਵਾਈ ਹੇਠ ਹੋ ਰਿਹਾ ਰਾਜ ਦਾ ਸਰਬਪੱਖੀ ਵਿਕਾਸਾਂ : ਲਾਲਜੀਤ ਭੁੱਲਰ

# ਕੈਂਟ ਬੋਰਡ ਸਟੇਡੀਅਮ ਫਿਰੋਜ਼ਪੁਰ ਛਾਉਣੀ ਵਿਖੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਰੋਹ ਦਾ ਆਯੋਜਨ

ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਅੱਜ ਸੁਤੰਤਰਤਾ ਦਿਵਸ ਦੇ ਸਬੰਧ ਵਿਚ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਰੋਹ ਦਾ ਆਯੋਜਨ ਕੈਂਟ ਬੋਰਡ ਸਟੇਡੀਅਮ ਫਿਰੋਜ਼ਪੁਰ ਛਾਉਣੀ ਵਿਖੇ ਕੀਤਾ ਗਿਆ, ਜਿਸ ਵਿਚ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਤੇ ਉਨ੍ਹਾਂ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਉਨ੍ਹਾਂ ਪੰਜਾਬ ਪੁਲਿਸ, ਪੰਜਾਬ ਪੁਲਿਸ ਮਹਿਲਾ ਵਿੰਗ, ਪੰਜਾਬ ਹੋਮ ਗਾਰਡ, ਐਨ.ਸੀ.ਸੀ. ਸਕਾਊਟ ਤੇ ਗਾਈਡ ਦੀਆਂ ਟੁਕੜੀਆਂ ਤੋਂ ਸਲਾਮੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਅਤੇ ਐਸ.ਐਸ.ਪੀ. ਸੌਮਿਆ ਮਿਸ਼ਰਾ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਆਜ਼ਾਦੀ ਦਿਵਸ ਸਮਾਰੋਹ ਵਿਚ ਜ਼ਿਲ੍ਹਾ ਵਾਸੀਆਂ ਨੂੰ ਆਪਣੇ ਸੰਦੇਸ਼ ਵਿਚ ਮੁੱਖ ਮਹਿਮਾਨ ਸ਼੍ਰੀ ਲਾਲਜੀਤ ਸਿੰਘ ਭੁੱਲਰ ਕੈਬਿਨਟ ਮੰਤਰੀ ਪੰਜਾਬ ਨੇ ਕਿਹਾ ਕਿ ਅਨੇਕਾਂ ਸ਼ਹੀਦਾਂ ਸੁਤੰਤਰਤਾ ਸੰਗਰਾਮੀਆਂ ਦੀਆਂ ਅਦੁੱਤੀਆਂ ਕੁਰਬਾਨੀਆਂ ਤੇ ਸ਼ਘੰਰਸ ਸਦਕਾ ਸਾਡਾ ਦੇਸ਼ ਆਜ਼ਾਦ ਹੋਇਆ ਹੈ ਅਤੇ ਇਸ ਅਵਸਰ ਤੇ ਅਸੀਂ ਆਜ਼ਾਦੀ ਦੇ ਪਰਵਾਨਿਆਂ ਤੇ ਸਮੂਹ ਸ਼ਹੀਦਾਂ, ਸੂਰਬੀਰਾਂ ਤੇ ਵੱਖ—ਵੱਖ ਆਜ਼ਾਦੀ ਦੀਆ ਲਹਿਰਾਂ ਵਿਚ ਹਿੱਸਾ ਪਾਉਣ ਵਾਲੇ ਯੋਧਿਆਂ, ਸੂਰਬੀਰਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਵੱਡੇ ਸਮਰਥਨ ਨਾਲ ਹੋਂਦ ਵਿਚ ਆਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਦਾ ਸਰਵਪੱਖੀ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ, ਨਸ਼ਿਆਂ ਦੇ ਖ਼ਾਤਮੇ, ਫ਼ਰਿਸ਼ਤੇ ਸਕੀਮ ਅਤੇ ਬਿਜਲੀ ਮੁਆਫੀ ਵਰਗੇ ਇਤਿਹਾਸਕ ਫ਼ੈਸਲੇ ਲਏ ਹਨ, ਜਿਨ੍ਹਾਂ ਦੇ ਬਹੁਤ ਵਧੀਆ ਪਰਿਣਾਮ ਨਿਕਲ ਕੇ ਸਾਹਮਣੇ ਆਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਦਾ ਜਰ੍ਹਾ—ਜਰ੍ਹਾ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਭਰਪੂਰ ਹੈ ਤੇ ਫ਼ਿਰੋਜ਼ਪੁਰ ਜ਼ਿਲ੍ਹੇ ਨੂੰ ਸ਼ਹੀਦਾਂ ਦੀ ਧਰਤੀ ਹੋਣ ਦਾ ਮਾਣ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿਚ ਪੰਜਾਬੀਆ ਨੇ ਵੱਧ ਚੜ੍ਹ ਕੇ ਕੁਰਬਾਨੀਆਂ ਕੀਤੀਆਂ ਜਿਸ ਤੇ ਪੂਰੇ ਦੇਸ਼ ਨੂੰ ਮਾਣ ਹੈ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ ਸਹੂਲਤਾ, ਕਿਸਾਨਾਂ, ਮਜ਼ਦੂਰਾ, ਵਪਾਰੀਆਂ ਅਤੇ ਆਮ ਲੋਕਾਂ ਸਮੇਤ ਰਾਜ ਦੇ ਹਰ ਵਰਗ ਦੀ ਉੱਨਤੀ ਤੇ ਵਿਕਾਸ ਲਈ ਵੱਡੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਵਿਕਾਸ ਪੱਖੋਂ ਦੇਸ਼ ਦਾ ਮੋਹਰੀ ਸੂਬਾ ਬਣਾਇਆ ਜਾਵੇਗਾ ਅਤੇ ਇਸ ਲਈ ਕਈ ਯੋਜਨਾਵਾਂ ਉਲੀਕੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਟਰਾਂਸਪੋਰਟ ਵਿਭਾਗ ਦੁਆਰਾ ਪੰਜਾਬ ਦੇ ਵੱਖ—ਵੱਖ ਸ਼ਹਿਰਾਂ ਤੋਂ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਲਈ 19 ਸਰਕਾਰੀ ਵਾਲਵੋ ਬੱਸਾਂ ਚਲਾਈਆਂ ਗਈਆਂ ਹਨ ਜਿਸ ਨਾਲ ਲੋਕਾਂ ਨੂੰ ਸਸਤਾ ਅਤੇ ਆਰਾਮਦਾਇਕ ਸਫ਼ਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਬੱਸਾਂ ਵਿੱਚ ਔਰਤਾਂ ਲਈ ਮੁਫ਼ਤ ਸਫ਼ਰ ਦੀ ਸਹੂਲਤ ਨੂੰ ਜਾਰੀ ਰੱਖਦਿਆਂ ਮਾਰਚ 2022 ਤੋਂ 16 ਜੁਲਾਈ 2024 ਤੱਕ ਸੂਬੇ ਦੀਆਂ ਔਰਤਾਂ ਵੱਲੋਂ ਕੀਤੇ ਗਏ ਮੁਫ਼ਤ ਸਫ਼ਰ ਲਈ ਸੂਬਾ ਸਰਕਾਰ ਨੇ 1648 ਕਰੋੜ ਰੁਪਏ ਤੋਂ ਵਧੇਰੇ ਰਾਸ਼ੀ ਖਰਚ ਕੀਤੀ ਹੈ। ਸੂਬਾ ਸਰਕਾਰ ਵੱਲੋਂ ਪੰਜਾਬ ਦੇ ਵਾਸੀਆਂ ਨੂੰ ਵੱਖ—ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਉਣ ਲਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਛੁਡਾਉਣ ਲਈ ਵਿਸ਼ੇਸ਼ ਮੁਹਿੰਮ ਵਿੱਢੀ ਹੋਈ ਹੈ ਜਿਸ ਤਹਿਤ ਹੁਣ ਤੱਕ 3000 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦੀ ਕਰੀਬ 12341 ਏਕੜ ਜ਼ਮੀਨ ਨੂੰ ਕਬਜ਼ਾ ਮੁਕਤ ਕਰਵਾਇਆ ਹੈ। ਸੂਬਾ ਸਰਕਾਰ ਨੇ ਰੋਜ਼ਗਾਰ ਦੇਣ ਦਾ ਵਾਅਦਾ ਪੂਰਾ ਕਰਦਿਆਂ 28 ਮਹੀਨਿਆਂ ਦੌਰਾਨ 44 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਇਹ ਸਿਲਸਿਲਾ ਜਾਰੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ ਆਜ਼ਾਦੀ ਘੁਲਾਈਆਂ ਨੂੰ ਦਿੱਤੀ ਜਾਂਦੀ ਪੈਨਸ਼ਨ 9400 ਤੋਂ ਵਧਾ ਕੇ 11 ਹਜ਼ਾਰ ਰੁਪਏ ਕੀਤੀ ਗਈ ਹੈ। ਇਸ ਤੋਂ ਪਹਿਲਾਂ ਸ਼੍ਰੀ ਲਾਲਜੀਤ ਸਿੰਘ ਭੁੱਲਰ ਕੈਬਿਨਟ ਮੰਤਰੀ ਪੰਜਾਬ ਵੱਲੋਂ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਕੌਮੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਵੀ ਭੇਂਟ ਕੀਤੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਅੱਜ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ 25 ਕਰੋੜ ਰੁਪਏ ਦੀ ਲਾਗਤ ਨਾਲ ਮਿਊਜ਼ੀਅਮ ਬਣਾਇਆ ਜਾਵੇਗਾ ਜਿਸ ਦੀ ਪਹਿਲੀ ਕਿਸ਼ਤ 2.5 ਕਰੋੜ ਰੁਪਏ ਜਾਰੀ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਇਸ ਸਥਾਨ ਤੇ ਆਉਣ ਲਈ ਲੋਕਾਂ ਦੀ ਸਹੂਲਤ ਵਾਸਤੇ ਬੱਸ ਵੀ ਚਲਾਈ ਜਾਵੇਗੀ। ਇਸ ਸਮਾਗਮ ਵਿਚ ਵੱਖ—ਵੱਖ ਖੇਤਰਾਂ ਵਿਚ ਪ੍ਰਾਪਤੀਆਂ ਕਰਨ ਵਾਲੀਆਂ ਸ਼ਖ਼ਸੀਅਤਾਂ, ਸੁਤੰਤਰਤਾ ਸੰਗਰਾਮੀਆਂ, ਕਾਰਗਿਲ ਸ਼ਹੀਦਾਂ ਦੇ ਪਰਿਵਾਰਾਂ, ਖਿਡਾਰੀਆਂ, ਵਿਦਿਆਰਥੀਆਂ, ਅਧਿਕਾਰੀਆਂ, ਕਰਮਚਾਰੀਆਂ ਆਦਿ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਦੇਸ਼ ਭਗਤੀ ਨੂੰ ਦਰਸਾਉਂਦਾ ਰੰਗਾਂ ਰੰਗ ਸੱਭਿਆਚਾਰ ਪ੍ਰੋਗਰਾਮ ਤੋਂ ਇਲਾਵਾ ਪੰਜਾਬ ਦੇ ਲੋਕ ਨਾਚਾਂ ਗਿੱਧਾ ਤੇ ਭੰਗੜੇ ਦੀ ਪੇਸ਼ਕਾਰੀ ਵੀ ਕੀਤੀ ਗਈ। ਇਸ ਸਮਾਗਮ ਵਿਚ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜ਼ਨੀਸ ਦਹੀਆ, ਵਿਧਾਇਕ ਜ਼ੀਰਾ ਨਰੇਸ਼ ਕਟਾਰੀਆ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਕਮਿਸ਼ਨਰ ਫਿਰੋਜ਼ਪੁਰ ਮੰਡਲ ਅਰੁਣ ਸੇਖੜੀ, ਡੀ.ਆਈ.ਜੀ. ਅਜੈ ਮਲੂਜਾ, ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਵਰਿੰਦਰ ਅਗਰਵਾਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਚੰਦ ਸਿੰਘ ਗਿੱਲ, ਸ਼ਿਮੰਦਰ ਸਿੰਘ ਖਿੰਡਾ ਚੇਅਰਮੈਨ ਪੰਜਾਬ ਐਗਰੋ, ਡਾ: ਮਲਕੀਤ ਸਿੰਘ ਥਿੰਦ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਵਧੀਕ ਡਿਪਟੀ ਕਮਿਸ਼ਨਰ (ਜ) ਡਾ: ਨਿਧੀ ਕੁਮੁਦ ਬਾਮਬਾ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਅਰੁਣ ਕੁਮਾਰ ਸ਼ਰਮਾ, ਐਸ.ਡੀ.ਐਮ ਡਾ: ਚਾਰੂਮਿਤਾ ਸੇਖ਼ਰ, ਡਿਪਟੀ ਡੀ.ਈ.ਓ. ਪ੍ਰਗਟ ਸਿੰਘ ਬਰਾੜ, ਅਸ਼ੋਕ ਬਹਿਲ ਸਕੱਤਰ ਰੈਡ ਕਰਾਸ, ਨੈਸ਼ਨਲ ਐਵਾਰਡੀ ਡਾ: ਸਤਿੰਦਰ ਸਿੰਘ, ਸਮੇਤ ਵੱਡੀ ਗਿਣਤੀ ਵਿਚ ਅਧਿਕਾਰੀ, ਰਾਜਨੀਤਿਕ ਆਗੂ, ਵੱਖ—ਵੱਖ ਸਕੂਲਾਂ ਦੇ ਵਿਦਿਆਰਥੀ, ਅਧਿਆਪਕ, ਪੰਚਾਇਤਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।



# ਨੌਜਵਾਨੀ ਨੂੰ ਸਹੀ ਰਸਤਾ ਦਿਖਾਉਣ ਲਈ ਸਕੂਲ ਵਿਚ ਮਨਾਇਆ ਯੂਥ ਡੇ



ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਚ ਇੰਟਰਨੈਸ਼ਨਲ ਯੂਥ ਡੇ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਦੇ ਸੰਘਰਸ਼ ਬਾਰੇ ਜਾਣਗਰੂਕ ਕਰਦਿਆਂ ਇਨ੍ਹਾਂ ਸੰਘਰਸ਼ਾਂ ਦਾ ਕਿਸ ਤਰ੍ਹਾਂ ਮੁਕਾਬਲਾ ਕਰਨਾ ਹੈ ਬਾਰੇ ਨੁਕਤੇ ਸਾਂਝੇ ਕੀਤੇ ਗਏ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਮੌਜੂਦਾ ਮਾਮਲਿਆਂ ਵਿਚ ਨੌਜਵਾਨਾਂ ਦੀ ਭਾਗੀਦਾਰੀ ਦੇ ਮਹੱਤਵ ਨੂੰ ਸਵੀਕਾਰ ਕਰਨ ਤੇ ਵਧਾਉਣ ਲਈ ਅੰਤਰਰਾਸ਼ਟਰੀ ਯੁਵਾ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਮੌਕੇ ਮੈਡਮ ਜ਼ਸਪ੍ਰੀਤ ਕੌਰ ਪ੍ਰਿੰਸੀਪਲ ਅਤੇ ਸਮੂਹ ਸਟਾਫ ਹਾਜ਼ਰ ਸੀ।

# ਫੈਡਰੇਸ਼ਨ ਪ੍ਰਧਾਨ ਭਾਈ ਰਾਜਵਿੰਦਰ ਸਿੰਘ ਗੋਲਡੀ ਨੂੰ ਗਹਿਰਾ ਸਦਮਾ—ਪਿਤਾ ਕੁਲਦੀਪ ਸਿੰਘ ਦੀ ਹਾਰਟ ਅਟੈਕ ਨਾਲ ਮੌਤ



ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਫੈਡਰੇਸ਼ਨ ਪ੍ਰਧਾਨ ਭਾਈ ਰਾਜਵਿੰਦਰ ਸਿੰਘ ਗੋਲਡੀ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਪਿਤਾ ਸਰਦਾਰ ਕੁਲਦੀਪ ਸਿੰਘ ਜੀ ਦੀ ਹਾਰਟ ਅਟੈਕ ਨਾਲ ਮੌਤ ਹੋ ਗਈ। ਅੱਜ ਉਨ੍ਹਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਵੱਲੋਂ ਭਾਈ ਰਾਜਵਿੰਦਰ ਸਿੰਘ ਗੋਲਡੀ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਵੱਖ—ਵੱਖ ਆਗੂਆਂ ਨੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਸੱਚੇ ਪਾਤਸ਼ਾਹ ਸਰਦਾਰ ਕੁਲਦੀਪ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣਾ ਅਤੇ ਪਿਛੇ ਪਰਿਵਾਰ, ਮਿੱਤਰ, ਸਾਗ ਸਬੰਧੀਆਂ, ਰਿਸ਼ਤੇਦਾਰਾਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣਾ। ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿਚ ਦਲੇਰ ਸਿੰਘ ਡੋਡ, ਹਰਜਿੰਦਰ ਸਿੰਘ ਜਿੰਦਾ, ਗੁਰਬੀਰ ਸਿੰਘ ਭੁੱਲਰ, ਕੁਲਵੰਤ ਸਿੰਘ, ਦਰਸ਼ਨ ਸਿੰਘ ਕਿਸਾਨ ਯੂਨੀਅਨ, ਪ੍ਰੀਤਮ ਸਿੰਘ, ਕਿਸਾਨ ਯੂਨੀਅਨ, ਸੁਖਪਾਲ ਸਿੰਘ, ਪ੍ਰੀਤ ਹਾਮਦ, ਗੁਰਪ੍ਰੀਤ ਸਿੰਘ, ਜ਼ਸਵਿੰਦਰ ਸਿੰਘ ਸੰਧੂ ਪ੍ਰੈਸ ਰਿਪੋਰਟਰ, ਗੁਰਚਰਨ ਸਿੰਘ, ਜਗਤਾਰ ਸਿੰਘ, ਗੁਰਜੰਟ ਸਿੰਘ, ਹਰਬੰਸ ਸਿੰਘ, ਸੁਖਦੀਪ ਸਿੰਘ, ਜਗਜੀਤ ਸਿੰਘ, ਚਰਨਜੀਤ ਸਿੰਘ ਸਿੱਕੀ, ਗੁਲਜਾਰ ਸਿੰਘ ਕਿਸਾਨ ਯੂਨੀਅਨ, ਸੁਖਬੀਰ ਸਿੰਘ ਹੁੰਦਲ, ਪਵਨ ਕੁਮਾਰ ਮਿੱਤਲ, ਕੁਲਬੀਰ ਸਿੰਘ ਖਾਰਾ, ਆਗੂ ਆਗੂ ਭੋਲਾ ਜ਼ੀਰਾ ਸਮੇਤ ਵੱਡੀ ਗਿਣਤੀ ਪਹੁੰਚੀਆਂ ਸਖਸ਼ੀਅਤਾਂ ਨੇ ਵਿਛੜੀ ਰੂਹ ਦੀ ਆਤਮਾ ਦੀ ਸ਼ਾਂਤੀ ਦੀ ਕਾਮਨਾ ਕੀਤੀ।

# ਸਿੱਖ ਜਥੇਬੰਦੀਆਂ ਨੇ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਸਮੇਤ ਰਾਜਪਾਲ ਪੰਜਾਬ ਨੂੰ ਭੇਜਿਆ ਮੰਗ ਪੱਤਰ



**ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ)** :— ਇਲਾਕੇ ਦੀਆਂ ਸਿੱਖ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਅੱਜ ਇਕ ਮੰਗ ਪੱਤਰ ਪ੍ਰਧਾਨ ਮੰਤਰੀ ਭਾਰਤ ਅਤੇ ਮੁੱਖ ਮੰਤਰੀ ਪੰਜਾਬ ਸਮੇਤ ਰਾਜਪਾਲ ਪੰਜਾਬ ਨੂੰ ਡਿਪਟੀ ਕਮਿਸ਼ਨਰ ਰਾਹੀਂ ਰਾਹੀਂ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਦੇ ਆਗੂ ਲਖਬੀਰ ਸਿੰਘ ਮਹਾਲਮ ਨੇ ਦੱਸਿਆ ਕਿ ਅਸੀਂ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਅਤੇ ਸਮੂਹ ਸਿੱਖ ਜਥੇਬੰਦੀਆਂ, ਸਮਾਜ ਸੇਵੀ ਜਥੇਬੰਦੀਆਂ, ਕਿਸਾਨ ਜਥੇਬੰਦੀਆਂ ਨੇ ਇਕ ਪੱਤਰ ਰਾਹੀਂ ਦੇਸ਼ ਦੇ ਹਾਕਮਾਂ ਨੂੰ ਮੰਗ ਕੀਤੀ ਕਿ ਦੇਸ਼ ਆਜ਼ਾਦ ਹੋਏ ਨੂੰ 77 ਸਾਲ ਹੋ ਗਏ ਹਨ ਅਤੇ ਅਸੀਂ ਅੱਜ ਵੀ 78ਵਾਂ ਆਜ਼ਾਦੀ ਦਿਹਾੜਾ ਗੁਲਾਮੀ ਵਿਚ ਮਨਾ ਰਹੇ ਹਾਂ, ਪਰ ਬੰਦੀ ਸਿੰਘ ਜ਼ੋ ਆਪਣੀ ਬਣਦੀ ਸਜਾ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਅਜੇ ਵੀ ਜੇਲ੍ਹਾਂ ਵਿਚ ਬੰਦ ਕੀਤਾ ਹੋਇਆ ਹੈ ਅਤੇ ਜਿਹੜੀਆਂ ਗੁਰੂ ਗ੍ਰੰਥ ਸਾਹਿਬ ਦੀਆਂ ਬੇਦਅਬੀਆਂ ਜਿਨ੍ਹਾਂ ਦੋਸ਼ੀਆਂ ਨੇ ਕੀਤੀਆਂ ਹਨ, ਉਨ੍ਹਾਂ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਮੈਂਬਰ ਪਾਰਲੀਮੈਂਟ ਨੂੰ ਗੈਰ ਕਾਨੂੰਨੀ ਢੰਗ ਨਾਲ ਐਨ.ਐਸ.ਏ ਲਗਾ ਕੇ ਜੇਲ੍ਹ ਵਿਚ ਬੰਦ ਕੀਤਾ ਹੋਇਆ ਹੈ। ਅਸੀਂ ਇਸ ਪੱਤਰ ਰਾਹੀਂ ਆਪ ਜੀ ਤੋਂ ਮੰਗ ਕਰਦੇ ਹਾਂ ਕਿ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਕਰਨ ਵਾਲੇ ਦੋਸ਼ੀ ਤੁਰੰਤ ਗ੍ਰਿਫਤਾਰ ਕਰਵਾਏ ਜਾਣ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਉਨ੍ਹਾਂ ਦੇ ਸਾਰੇ ਸਾਥੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਅਸੀਂ ਹਰ ਸਾਲ 26 ਜਨਵਰੀ ਅਤੇ 15 ਅਗਸਤ ਨੂੰ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਤੋਂ ਮੰਗ ਕਰੇ ਆ ਰਹੇ ਹਾਂ, ਪਰ ਕਿਸੇ ਵੀ ਸਰਕਾਰ ਨੇ ਅੱਜ ਤੱਕ ਸਾਡੀਆਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ। ਜੇਕਰ ਹੁਣ ਵੀ ਸਾਡੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਸੀਂ ਤਿੱਖਾ ਸੰਘਰਸ਼ ਕਰਨ ਲਈ ਮਜ਼ਬੂਰ ਹੋਵਾਂਗੇ। ਇਸ ਮੌਕੇ ਲਖਵੀਰ ਸਿੰਘ, ਜ਼ਸ਼ਨਪ੍ਰੀਤ ਸਿੰਘ, ਸੁਖਬਾਜ ਸਿੰਘ, ਦਲਜੀਤ ਸਿੰਘ, ਜਗਤਾਰ ਸਿੰਘ, ਸੁਖਚੈਨ ਸਿੰਘ, ਬੂਟਾ ਸਿੰਘ, ਰਣਜੀਤ ਸਿੰਘ, ਗੁਰਬਚਨ ਸਿੰਘ, ਹਰਜੀਤ ਸਿੰਘ, ਜਗਤਾਰ ਸਿੰਘ, ਮੇਹਰ ਸਿੰਘ, ਅਮਰਜੀਤ ਸਿੰਘ ਸਾਬਕਾ ਸਰਪੰਚ, ਹਰਜਿੰਦਰ ਸਿੰਘ, ਨਿਸ਼ਾਨ ਸਿੰਘ, ਆਸਾ ਸਿੰਘ ਸ਼ੇਰਖਾਂ, ਰਾਜਬੀਰ ਸਿੰਘ, ਹਰਸਾ ਸਿੰਘ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ

# ਆਜ਼ਾਦੀ ਦਿਵਸ ਤੇ ਬਲਾਈਡ ਹੋਮ ਵਿਖੇ ਲਹਿਰਾਇਆ ਝੰਡਾ

ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਆਜ਼ਾਦੀ ਦਿਵਸ ਤੇ ਬਲਾਈਡ ਹੋਮ ਵਿਖੇ ਝੰਡਾ ਲਹਿਰਾਇਆ ਗਿਆ। ਇਸ ਮੌਕੇ ਤੇ ਚੀਫ ਗੈਸਟ ਡਾ: ਪ੍ਰੇਮ ਲਤਾ ਸਾਬਕਾ ਸਿਵਲ ਸਰਜਨ ਅਤੇ ਸੁਸ਼ੀਲ ਕੁਮਾਰ ਸਾਬਕਾ ਐਸ.ਡੀ.ਓ ਨਹਿਰੀ ਮਹਿਕਮਾ ਨੇ ਆਪਣੇ ਕਰ ਕਮਲਾਂ ਨਾਲ ਝੰਡਾ ਲਹਿਰਾਇਆ। ਇਸ ਮੌਕੇ ਤੇ ਡਾ: ਪ੍ਰੇਮ ਲਤਾ ਸਾਬਕਾ ਸਿਵਲ ਸਰਜਨ ਨੇ ਬੋਲਦਿਆਂ ਕਿਹਾ ਕਿ ਸਾਨੂੰ ਮਹਿੰਗੇ ਭਾਅ ਮਿਲੀ ਆਜ਼ਾਦੀ ਮਿਲੀ ਹੈ। ਸਾਡੇ ਮਹਾਨ ਸ਼ਹੀਦਾਂ ਨੇ ਆਪਣੀਆਂ ਲਾਸਾਨੀ ਕੁਰਬਾਨੀਆਂ ਦੇ ਕੇ ਸਾਨੂੰ ਆਜ਼ਾਦ ਕਰਵਾਇਆ, ਜੋ ਕਿ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਪਰ ਅਫਸੋਸ ਅੱਜ ਅਸੀਂ ਆਜ਼ਾਦ ਹੋ ਕੇ ਵੀ ਗੁਲਾਮੀ ਦੀ ਜਿੰਦਗੀ ਬਤੀਤ ਕਰ ਰਹੇ ਹਾਂ, ਸਾਡੀ ਨੌਜਵਾਨ ਪੀੜ੍ਹੀ ਜਿਨ੍ਹਾਂ ਕੋਲ ਅਸੀਂ ਆਜ਼ਾਦੀ ਲਈ ਸੀ, ਉਨ੍ਹਾਂ ਦੀ ਗੁਲਾਮੀ ਕਰ ਰਹੇ ਹਨ। ਇਸ ਮੌਕੇ ਤੇ ਸੁਸ਼ੀਲ ਕੁਮਾਰ ਸਾਬਕਾ ਐਸ.ਡੀ.ਓ ਨੇ ਬੋਲਦਿਆਂ ਕਿਹਾ ਕਿ ਸਾਡੇ ਦੇਸ਼ ਦੀਆਂ ਸਰਕਾਰਾਂ ਨੂੰ ਜੋ ਕਰਨਾ ਚਾਹੀਦਾ ਸੀ, ਨਹੀਂ ਕਰ ਸਕੀਆਂ, ਇਸ ਲਈ ਸਾਡੀ ਨੌਜਵਾਨ ਪੀੜ੍ਹੀ ਵਿਦੇਸ਼ਾਂ ਵਿਚ ਕੂਚ ਕਰ ਰਹੀ ਹੈ। ਇਕ ਤਾਂ ਸਾਡਾ ਪੈਸਾ ਬਾਹਰ ਜਾ ਰਿਹਾ ਹੈ, ਦੂਜਾ ਸਾਡਾ ਦਿਮਾਗ ਬਾਹਰ ਜਾ ਰਿਹਾ ਹੈ, ਜੇਕਰ ਜਲਦੀ ਹੀ ਸਰਕਾਰਾਂ ਨੇ ਇਸ ਵੱਲ ਧਿਆਨ ਨਾ ਦਿੱਤਾ ਤਾਂ ਲੱਗਦਾ ਹੈ ਅਸੀਂ ਫਿਰ ਗੁਲਾਮ ਹੋ ਜਾਵਾਂਗਾ। ਇਸ ਮੌਕੇ ਤੇ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਨੇ ਕਿਹਾ ਕਿ ਇਸ ਵੇਲੇ ਪ੍ਰਦੂਸ਼ਨ ਐਨਾ ਵੱਧ ਗਿਆ ਹੈ ਕਿ ਸਾਹ ਲੈਣਾ ਵੀ ਔਖ ਹੈ, ਸਾਨੂੰ ਵੱਧ ਰਹੀ ਗਰਮੀ ਨੂੰ ਠੱਲ ਪਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਅਤੇ ਨਸ਼ਿਆਂ ਖਿਲਾਫ ਵੀ ਮੁਹਿੰਮ ਛੇੜਣ ਦੀ ਲੋੜ ਹੈ। ਇਸ ਮੌਕੇ ਤੇ ਡਾ: ਦੀਵਾਨ ਚੰਦ ਸੁਖੀਜਾ ਨੇ ਬੋਲਦਿਆਂ ਕਿਹਾ ਕਿ ਸਾਡੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਸਾਡੇ ਬੱਚਿਆਂ ਨੂੰ ਪੁਰਾਣੀਆਂ ਹਿਸਟਰੀਆਂ ਪੜਾਉਣ ਦੀ ਬਜਾਏ ਸਾਡੇ ਦੇਸ਼ ਦੀ ਸੱਭਿਅਤਾ ਦਾ ਪਾਠ ਪੜਾਉਣਾ ਚਾਹੀਦਾ ਹੈ ਅਤੇ ਹਰ ਕਿਤਾਬ ਵਿਚ ਆਪਣੇ ਮਾਤਾ ਪਿਤਾ ਨੂੰ ਅਸਲੀ ਰੱਬ ਲਿਖਣਾ ਚਾਹੀਦਾ ਹੈ ਤਾਂ ਜੋ ਸਾਡੇ ਬੱਚੇ ਵੱਡੇ ਹੋ ਕੇ ਆਪਣੇ ਮਾਂ—ਬਾਪ ਦੀ ਸੇਵਾ ਕਰ ਸਕਣ। ਇਸ ਮੌਕੇ ਤੇ ਜਨਰਲ ਸਕੱਤਰ ਪਰਵੀਨ ਕੁਮਾਰ ਨੇ ਆਜ਼ਾਦੀ ਦਿਵਸ ਅਤੇ ਮਹਾਨ ਸ਼ਹੀਦਾਂ ਦੇ ਜੀਵਨ ਬਾਰੇ ਰੋਸ਼ਨੀ ਪਾਈ। ਇਸ ਮੌਕੇ ਤੇ ਡਾ: ਪ੍ਰੇਮ ਲਤਾ ਸਾਬਕਾ ਸਿਵਲ ਸਰਜਨ ਫ਼ਿਰੋਜ਼ਪੁਰ, ਬ੍ਰਿਜ ਭੂਸ਼ਣ ਸ਼ਰਮਾ, ਸੁਸ਼ੀਲ ਕੁਮਾਰ ਸ਼ਰਮਾ ਰਿਟਾਇਰਡ ਐਸ.ਡੀ ਨਹਿਰੀ ਮਹਿਕਮਾ, ਚੇਅਰਮੈਨ ਮਾਈ ਭੋਲੀ ਸੇਵਾ ਸੁਸਾਇਟੀ ਦਲ ਨੇ 2100 ਰੁਪਏ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੂੰ ਫੰਡ ਦਿੱਤਾ। ਇਸ ਤਰ੍ਹਾਂ ਡਾ: ਪ੍ਰੇਮ ਲਤਾ ਸਾਬਕਾ ਸਿਵਲ ਸਰਜਨ ਨੇ 1000 ਰੁਪਏ ਫੰਡ ਦਿੱਤਾ। ਇਸ ਮੌਕੇ ਤੇ ਰਮੇਸ਼ ਸ਼ਰਮਾ ਜਨਰਲ ਸਕੱਤਰ ਇਨਸਾਨੀਅਤ ਸੇਵਾ ਦਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਇਨ੍ਹਾਂ ਸਭ ਮਹਿਮਾਨਾਂ ਨੂੰ ਬੁੱਕੇ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ, ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਜਨਰਲ ਸਕੱਤਰ ਪਰਵੀਨ ਧਵਨ, ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ, ਅਸ਼ੋਕ ਚੁੱਘ ਮੀਤ ਪ੍ਰਧਾਨ, ਰਾਮ ਕਿਸ਼ਨ ਕੋਆਰਡੀਨੇਟਰ, ਸੁਭਾਸ਼ ਚੌਧਰੀ, ਵਿਜੈ ਅਰੋੜਾ, ਅਵਿਨਾਸ਼ ਸਿੰਘ, ਕੇ.ਐਲ ਗੁਲਾਟੀ, ਪੁਸ਼ਪ ਲਤਾ, ਕਾਂਤਾ, ਯਸ਼ਪਾਲ ਸ਼ਰਮਾ, ਹਰਜਿੰਦਰ ਸਿੰਘ ਜੇ.ਈ, ਸਰਨਜੀਤ ਸਿੰਘ ਬੇਦੀ, ਸੁਰਜੀਤ ਕੌਰ ਬੇਦੀ, ਮਨੋਹਰ ਲਾਲ ਪੱਤਰਕਾਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ। ਇਸ ਮੌਕੇ ਤੇ ਲੱਡੂ ਵੰਡੇ ਅਤੇ ਚਾਹ—ਮਿਠਾਈਆਂ ਦਾ ਲੰਗਰ ਲਗਾਇਆ ਗਿਆ।



**ਸਾਡੇ ਕੌਮੀ ਸ਼ਹੀਦਾਂ ਨੇ ਆਪਣਾ ਖ਼ੂਨ ਦਾ ਕਤਰਾ—ਕਤਰਾ ਦੇ ਕੇ ਦਿੱਤੀ ਕੁਰਬਾਨੀ ਨੂੰ ਜਾਇਆ ਨਹੀਂ ਜਾਣ ਦਿੱਤਾ ਜਾਵੇਗਾ—ਪ੍ਰੇਮ ਲਤਾ ਸਾਬਕਾ ਸਿਵਲ ਸਰਜਨ ਤੇ ਸੁਸ਼ੀਲ ਕੁਮਾਰ ਬਿੱਟਾ ਸਾਬਕਾ ਐਸ.ਡੀ.ਓ**






ਆਵਾਜ਼ਿ ਕੌਮ AWAZE QAUM International Newspaper & WEB TV

### ਸਤਲੁਜ਼ ਪ੍ਰੈਸ ਕਲੱਬ ਫ਼ਿਰੋਜ਼ਪੁਰ ਦੇ ਕਾਰਜਕਾਰਨੀ ਦੀ ਹੋਈ ਚੋਣ

# ਸੁਖਜਿੰਦਰ ਸਿੰਘ ਸੰਧੂ ਬਣੇ ਸੀਨੀਅਰ ਮੀਤ ਪ੍ਰਧਾਨ




ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਇਲਾਕਾ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਅਖਬਾਰਾਂ ਵਿਚ ਪ੍ਰਕਾਸ਼ਿਤ ਕਰਕੇ ਸਰਕਾਰੇ—ਦਰਬਾਰੇ ਉਠਾਉਣ ਵਾਲੀ ਸਤਲੁਜ਼ ਪ੍ਰੈਸ ਕਲੱਬ ਫ਼ਿਰੋਜ਼ਪੁਰ ਦੀ ਇਕ ਵਾਰ ਫਿਰ ਹੋਈ ਸਰਵਸੰਮਤੀ ਨਾਲ ਚੋਣ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਅਤੇ ਚੇਅਰਮੈਨ ਵਿਜੈ ਸ਼ਰਮਾ ਨੇ ਦੱਸਿਆ ਕਿ ਪੱਤਰਕਾਰ ਭਾਈਚਾਰੇ ਦੇ ਸਹਿਯੋਗ ਨਾਲ ਕਾਰਜਕਾਰਨੀ ਵਿਚ ਵਾਧਾ ਕੀਤਾ ਗਿਆ, ਜਿਸ ਵਿਚ ਸਰਵਸੰਮਤੀ ਨਾਲ ਮੁੱਖ ਸਲਾਹਕਾਰ ਜ਼ਸਮਿੰਦਰ ਸਿੰਘ ਸੰਧੂ ਨੂੰ ਚੁਣਿਆ ਗਿਆ, ਜਦੋਂ ਕਿ ਸੁਖਜਿੰਦਰ ਸਿੰਘ ਸੰਧੂ ਸੀਨੀਅਰ ਮੀਤ ਪ੍ਰਧਾਨ, ਜ਼ਸਪਾਲ ਸਿੰਘ ਜ਼ੋਸਨ ਮੀਤ ਪ੍ਰਧਾਨ, ਜਤਿੰਦਰ ਪਿੰਕਲ ਜਨਰਲ ਸਕੱਤਰ ਚੁਣੇ ਗਏ। ਉਨ੍ਹਾਂ ਦੱਸਿਆ ਕਿ ਖਜਾਨਚੀ ਵਜੋਂ ਰਾਕੇਸ਼ ਕਪੂਰ, ਕੋਆਰਡੀਨੇਟਰ ਕੰਵਰਜੀਤ ਸਿੰਘ ਸੰਧੂ, ਜ਼ੋਆਇੰਟ ਸਕੱਤਰ ਮੁਨੀਸ਼ ਬਾਵਾ, ਪ੍ਰੈਸ ਸਕੱਤਰ ਮਨੋਹਰ ਲਾਲ, ਦਫਤਰ ਸਕੱਤਰ ਅਮਨ ਅਰੋੜਾ ਚੁਣੇ ਗਏ ਹਨ। ਸਤਲੁਜ਼ ਪ੍ਰੈਸ ਕਲੱਬ ਫ਼ਿਰੋਜ਼ਪੁਰ ਦੇ ਆਗੂਆਂ ਨੇ ਦੱਸਿਆ ਕਿ ਹੁਣ ਕੋਈ ਵੀ ਮਾਮਲਾ ਹੋਵੇਗਾ, ਉਹ ਚੁਣੀ ਗਈ ਕਮੇਟੀ ਅੱਗੇ ਰੱਖਿਆ ਜਾਵੇਗਾ, ਜਿਸ ਉਪਰੰਤ ਅਨੁਸਾਸ਼ਨੀ ਕਮੇਟੀ ਵੱਲੋਂ ਰਿਪੋਰਟ ਪ੍ਰਬੰਧਕੀ ਕਮੇਟੀ ਨੂੰ ਸੌਂਪੇਗੀ। ਅਨੁਸਾਸ਼ਨੀ ਕਮੇਟੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੇ ਇੰਚਾਰਜ ਜ਼ਸਵਿੰਦਰ ਸਿੰਘ ਸੰਧੂ ਨੂੰ ਚੁਣਿਆ ਗਿਆ ਹੈ, ਜਦੋਂ ਕਿ ਕਮੇਟੀ ਵਿਚ ਰਵਿੰਦਰ ਸ਼ਰਮਾ, ਨਰਿੰਦਰ ਸਿੰਘ ਕੇਸਰ, ਕੰਵਰਜੀਤ ਸਿੰਘ ਜੈਂਟੀ, ਸਤਪਾਲ ਥਿੰਦ ਹਨ ਅਤੇ ਕੋਈ ਵੀ ਫੈਸਲਾ ਇਸ ਅਨੁਸਾਸ਼ਨੀ ਕਮੇਟੀ ਦੇ ਪੰਜ ਮੈਂਬਰਾਂ ਵਿਚੋਂ ਤਿੰਨ ਮੈਂਬਰਾਂ ਦੀ ਸਹਿਮਤੀ ਉਪਰੰਤ ਹੀ ਲਿਆ ਜਾਵੇਗਾ। ਸਮੂਹ ਪੱਤਰਕਾਰ ਭਾਈਚਾਰੇ ਨੂੰ ਕਲੱਬ ਦੀ ਚੜ੍ਹਦੀ ਕਲਾਂ ਲਈ ਕੰਮ ਕਰਨ ਦੀ ਅਪੀਲ ਕਰਦਿਆਂ ਗੁਰਨਾਮ ਸਿੰਘ ਸਿੱਧੂ ਨੇ ਕਿਹਾ ਕਿ ਅੱਜ ਚੁਣੀ ਗਈ ਕਮੇਟੀ ਸਮੇਤ ਸਾਰੇ ਮੈਂਬਰ ਵਧਾਈ ਦੇ ਪਾਤਰ ਹਨ, ਜਿਨ੍ਹਾਂ ਸਦਕਾ ਇਹ ਕਲੱਬ ਕਾਰਜ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਸੁਤੰਤਰਤਾ ਦਿਵਸ ਤੇ ਆਜ਼ਾਦੀ ਘੁਲਾਟੀਆਂ ਨੂੰ ਅਰਪਿਤ ਕੀਤੀਆਂ ਸ਼ਰਧਾਂਜਲੀ




**ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ)** :—ਭਾਰਤ ਦੇ ਸੁਤੰਤਰਤਾ ਦਿਵਸ ਜਸ਼ਨ ਮੌਕੇ ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਨੇ ਭਾਰਤ ਨੂੰ ਅੰਗਰੇਜ਼ ਹਕੂਮਤ ਤੋਂ ਆਜ਼ਾਦ ਕਰਵਾਉਣ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਸੁਤੰਤਰਤਾ ਸੈਨਾਨੀਆਂ ਨੂੰ ਸ਼ਰਧਾਂਜਲੀਆਂ ਭੇਂਟ ਕਰਦੇ ਹੋਏ ਆਪਣੇ ਅਹਾਤੇ ਵਿੱਚ ਭਾਰਤ ਦਾ ਰਾਸ਼ਟਰੀ ਗੀਤ ਜਨ ਗਣ ਮਨ ਦੇ ਨਾਲ ਤਿਰੰਗਾ ਲਹਿਰਾਇਆ ਗਿਆ। ਇਸ ਮੌਕੇ ਡਾ: ਅਵਤਾਰ ਸਿੰਘ ਚੀਫ ਆਰਥੋਪੈਡਿਕ ਸਰਜਨ ਅਮਨਦੀਪ ਹਸਪਤਾਲ ਅੰਮ੍ਰਿਤਸਰ ਨੇ ਕਿਹਾ ਕਿ ਸ਼ਾਂਤੀ ਦਾ ਰਾਹ ਸੰਘਰਸ਼ਾਂ ਰਾਹੀਂ ਪ੍ਰਾਪਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਆਜ਼ਾਦੀ ਘੁਲਾਟੀਆਂ ਨੂੰ ਇਹ ਆਜ਼ਾਦੀ, ਜਿਸਦਾ ਅਸੀਂ ਅੱਜ ਆਨੰਦ ਮਾਣ ਰਹੇ ਹਾਂ, ਪ੍ਰਾਪਤ ਕਰਨ ਲਈ ਲੰਮਾ ਅਤੇ ਔਖਾ ਸੰਘਰਸ਼ ਕਰਨਾ ਪਿਆ ਸੀ, ਇਨ੍ਹਾਂ ਵਿੱਚੋਂ ਕਈਆਂ ਨੂੰ ਆਪਣੀਆਂ ਜਾਨਾਂ ਵੀ ਕੁਰਬਾਨ ਕਰਨੀਆਂ ਪਈਆਂ, ਸਾਨੂੰ ਆਪਣੀ ਆਜ਼ਾਦੀ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਇਸ ਦੇ ਨਾਲ ਹੀ ਆਪਣੇ ਬਹਾਦਰ ਆਜ਼ਾਦੀ ਘੁਲਾਟੀਆਂ ਦੀ ਦੇਸ਼ ਭਗਤੀ ਦੀ ਵਿਰਾਸਤ ਨੂੰ ਸੰਭਾਲਣ ਅਤੇ ਬਰਕਰਾਰ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਰੋਗ ਅਤੇ ਦਰਦ ਰਹਿਤ ਸਮਾਜ ਨੂੰ ਸੱਚਮੁੱਚ ਆਜ਼ਾਦ ਭਾਰਤ ਦਾ ਅਨਿੱਖੜਵਾਂ ਅੰਗ ਦੱਸਦੇ ਹੋਏ ਡਾ: ਅਮਨਦੀਪ ਕੌਰ ਡਾਇਰੈਕਟਰ ਅਮਨਦੀਪ ਹਸਪਤਾਲ ਅੰਮ੍ਰਿਤਸਰ ਅਤੇ ਡਾਇਰੈਕਟਰ ਗਗਨਦੀਪ ਸਿੰਘਲ ਸੀ.ਏ, ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਨੇ ਕਿਹਾ ਕਿ ਜੈਨੇਸਿਸ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਦਾ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਦਰਦ ਤੋਂ ਰਾਹਤ ਦਿਵਾਉਣਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਘਰ ਵਿਚ ਹੀ ਉਪਲਬਧ ਸਸਤੇ ਵਿਸ਼ਵ ਪੱਧਰੀ ਇਲਾਜਾਂ ਬਾਰੇ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਆਪਣੇ ਸਾਰੇ ਮਰੀਜ਼ਾਂ ਦੀ ਜ਼ਿੰਦਗੀਆਂ ਨੂੰ ਦਰਦ ਅਤੇ ਬਿਮਾਰੀ ਮੁਕਤ ਬਣਾਉਣ ਲਈ ਆਪਣੀ ਪੂਰੀ ਕੋਸ਼ਿਸ਼ ਕਰਨ ਲਈ ਵਚਨਬੱਧ ਹੈ। ਜੈਨੇਸਿਸ ਅਮਨਦੀਪ ਮਲਟੀਸਪੈਸ਼ਿਲਟੀ ਹਸਪਤਾਲ ਫ਼ਿਰੋਜ਼ਪੁਰ ਦਾ ਪ੍ਰਬੰਧਨ ਅਮਨਦੀਪ ਗਰੁੱਪ ਆਫ਼ ਹੌਸਪਿਟਲਜ਼ ਜੋ ਕਿ ਨਵੀਨਤਮ ਮੈਡੀਕਲ ਅਤੇ ਸਰਜੀਕਲ ਦਰਦ ਪ੍ਰਬੰਧਨ ਸਮਾਧਾਨਾਂ ਵਿੱਚ ਇੱਕ ਗਲੋਬਲ ਲੀਡਰ ਹੈ ਦੁਆਰਾ ਕੀਤਾ ਜਾਂਦਾ ਹੈ। ਇਹ ਮੈਡੀਕਲ ਇਲਾਜ ਅਤੇ ਸਰਜਰੀ ਵਿੱਚ ਉੱਤਮਤਾ ਦੇ 34 ਸਾਲਾਂ ਦੇ ਇੱਕ ਸ਼ਾਨਦਾਰ ਇਤਿਹਾਸ ਦਾ ਮਾਲਕ ਹੈ। ਉਨ੍ਹਾਂ ਕਿਹਾ ਕਿ ਪੰਜ ਬਿਸਤਰਿਆਂ ਨਾਲ ਸ਼ੁਰੂ ਹੋਏ ਇਸ ਹਸਪਤਾਲ ਦੀ ਸਮਰੱਥਾ ਅੱਜ 750 ਤੋਂ ਵੱਧ ਕਾਰਜਸ਼ੀਲ ਬਿਸਤਰਿਆਂ ਤੱਕ ਪਹੁੰਚ ਗਈ ਹੈ ਅਤੇ ਇਸਦੇ ਕੋਲ 170 ਤੋਂ ਵੱਧ ਉੱਘੇ ਡਾਕਟਰਾਂ ਅਤੇ ਸਰਜਨਾਂ ਦੀ ਟੀਮ ਹੈ, ਜਿਨ੍ਹਾਂ ਨੇ 1।5 ਲੱਖ ਤੋਂ ਵੱਧ ਲੋਕਾਂ ਦੀ ਜ਼ਿੰਦਗੀ ਬਦਲ ਦਿੱਤੀ ਹੈ ਅਤੇ ਇਹ ਗਿਣਤੀ ਲਗਾਤਾਰ ਵੱਧਦੀ ਹੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਮਨਦੀਪ ਗਰੁੱਪ ਦੀਆਂ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ ਅਤੇ ਤਰਨਤਾਰਨ ਵਿੱਚ ਚਾਰ ਸ਼ਾਖਾਵਾਂ ਹਨ ਅਤੇ ਇਸ ਦੇ ਕੋਲ ਵੱਖ—ਵੱਖ ਖੇਤਰਾਂ ਵਿੱਚ ਵਿਸ਼ਵ ਪੱਧਰ ਤੇ ਪ੍ਰਸਿੱਧ ਡਾਕਟਰ ਅਤੇ ਸਰਜਨ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਮੀਟਿੰਗ



ਫ਼ਿਰੋਜ਼ਪੁਰ, 16 ਅਗਸਤ (ਮਨੋਹਰ ਲਾਲ) :— ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ.ਪੀ.ਐਮ.ਓ) ਵੱਲੋਂ ਸੁਰਿੰਦਰ ਸਿੰਘ ਕਨਵੀਨਰ, ਕਿਸ਼ਨ ਚੰਦ ਜਾਗੋਵਾਲੀਆ ਕਨਵੀਨਰ ਦੀ ਪ੍ਰਧਾਨਗੀ ਹੇਠ ਨਾਰਦਰਨ ਰੇਲਵੇ ਮੈਨਜ ਦਫਤਰ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ। ਮੀਟਿੰਗ ਵਿੱਚ ਵੱਖ—ਵੱਖ ਅਦਾਰਿਆਂ ਤੋਂ ਮੁਲਾਜ਼ਮ ਅਤੇ ਪੈਨਸ਼ਨਰ ਸ਼ਾਮਿਲ ਹੋਏ, ਇਸ ਮੀਟਿੰਗ ਵਿੱਚ ਸੀ.ਟੀ.ਯੂ ਦੇ ਉਪ ਪ੍ਰਧਾਨ ਕਾਮਰੇਡ ਮੰਗਤ ਰਾਮ ਪਾਸਲਾ ਉਚੇਚੇ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਬੋਲਦਿਆਂ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਕਾਰਨ ਗਰੀਬ ਲੋਕਾਂ ਦੇ ਚੁੱਲੇ ਠੰਡੇ ਹੋ ਰਹੇ ਹਨ, ਬੇਰੁਜ਼ਗਾਰੀ ਕਾਰਨ ਪੜੇ—ਲਿਖੇ ਨੌਜਵਾਨ ਦਰ—ਦਰ ਦੀਆਂ ਠੋਕਰਾਂ ਖਾ ਰਹੇ। ਉਨ੍ਹਾਂ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ ਨੂੰ ਰੋਕਣ ਲਈ ਸਮੁੱਚੀਆਂ ਜਨਤਕ ਜਥੇਬੰਦੀਆਂ ਨੂੰ ਇਕ ਪਲੇਟਫਾਰਮ ਤੇ ਇਕਠੇ ਹੋ ਸੰਘਰਸ਼ ਕਰਨਾ ਪਵੇਗਾ। ਇਸ ਸਮੇਂ ਜੇ.ਪੀ.ਐਮ.ਓ ਦੇ ਕਨਵੀਨਰ ਸੁਰਿੰਦਰ ਸਿੰਘ ਨੇ ਕਿਹਾ ਕਿ ਅਗਲੇ ਸੰਘਰਸ਼ਾਂ ਦੀ ਤਿਆਰੀ ਲਈ 23 ਅਗਸਤ ਨੂੰ 4 ਵਜੇ ਨੋਰਦਰਨ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ ਜਾਵੇਗੀ। ਉਨ੍ਹਾਂ ਸਾਰੀਆਂ ਜਨਤਕ ਜਥੇਬੰਦੀਆਂ ਦੇ ਆਗੂਆਂ ਨੂੰ ਮੀਟਿੰਗ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ। ਇਸ ਮੀਟਿੰਗ ਵਿੱਚ ਆਲ ਇੰਪਲਾਈਜ ਕੋਆਰਡੀਨੇਸਨ ਕਮੇਟੀ ਫਿਰੋਜ਼ਪੁਰ ਦੇ ਪ੍ਰਧਾਨ ਸੁਭਾਸ਼ ਸ਼ਰਮਾ, ਐਨ.ਆਰ.ਐਮ.ਯੂ ਦੇ ਸੈਂਟਰ ਕਮੇਟੀ ਮੈਂਬਰਾਂ ਪ੍ਰਵੀਨ ਕੁਮਾਰ, ਮਹਿੰਦਰ ਸਿੰਘ ਧਾਲੀਵਾਲ, ਰਾਜੀਵ ਹਾਡਾ, ਡਾਕਟਰ ਪ੍ਰਦੀਪ ਰਾਣਾ, ਜਗਜੀਤ ਸਿੰਘ, ਪ੍ਰਤਾਪ ਸਿੰਘ ਢਿਲੋਂ, ਅਰਜਨ ਪਾਸੀ, ਪਦਮ ਕੁਮਾਰ, ਰਾਜਬੀਰ ਸਿੰਘ, ਅਨਿਲ ਬਜਰੰਗੀ, ਬਲਬੀਰ ਸਿੰਘ ਗੋਖੀਵਾਲਾ, ਪਿਰਤਪਾਲ ਸਿੰਘ, ਸਮਰਜੀਤ ਸਿੰਘ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਦੇਸ਼ਾਂ ਅੰਦਰ ਭਾਰਤੀ ਸ਼ਰਾਫ਼ਤਖਾਨੇ ਸਾਹਮਣੇ

# 15 ਅਗਸਤ ਨੂੰ ਕਾਲੇ ਦਿਨ ਵਜੋਂ ਮਨਾਉਂਦਿਆਂ ਕੀਤੇ ਗਏ ਭਾਰੀ ਮੁਜ਼ਾਹਿਰੇ




**ਨਵੀਂ ਦਿੱਲੀ 16 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਭਾਰਤ ਦੀ ਅਖੌਤੀ ਅਜ਼ਾਦੀ ਦੀ 77 ਵੀਂ ਵਰ੍ਹੇਗੰਢ ਤੇ ਸਿੱਖ ਕੌਮ ਦੀ ਅੰਗਰੇਜ਼ਾਂ ਦੀ ਗੁਲਾਮੀ ਤੋਂ ਅਜ਼ਾਦੀ ਤੇ ਹਿੰਦੂਤਵੀਆਂ ਦੀ ਦੂਜੀ ਗੁਲਾਮੀ ਤੇ ਘੱਟਗਿਣਤੀ ਕੌਮਾਂ ਸਿੱਖ , ਮੁਲਮਾਨ ,ਦਲਿਤ ,ਈਸਾਈਆਂ ਤੇ ਹੋ ਰਹੇ ਜ਼ੁਲਮਾਂ ਮਨੀਪੁਰ ਵਿੱਚ ਔਰਤਾਂ ਨਾਲ ਹਿੰਦੂਤਵੀ ਮਾਨਸਿਕਤਾ ਵੱਲੋ ਸਮੂਹਿਕ ਬਲਾਤਕਾਰਾਂ ਦੇ ਖਿਲਾਫ ਕੈਨੇਡਾ, ਆਸਟ੍ਰੇਲੀਆ, ਨਿਊਜੀਲੈਂਡ, ਅਮਰੀਕਾ, ਯੂਕੇ, ਜਰਮਨ ਅਤੇ ਹੋਰ ਵੱਖ ਵੱਖ ਦੇਸ਼ਾਂ ਅੰਦਰ ਭਾਰਤੀ ਕੌਂਸਲੇਟ ਦੇ ਸਾਹਮਣੇ ਸਿੱਖ ਕੌਮ ਦੇ ਅਜ਼ਾਦ ਘਰ ਦੀ ਪ੍ਰਾਪਤੀ ਵਾਸਤੇ ਸੰਘਰਸ਼ਸ਼ੀਲ ਸਿੱਖਾਂ ਨੇ ਰੋਹ ਮੁਜ਼ਾਹਰਾ ਕਰਕੇ ਕਾਲੇ ਦਿਵਸ ਦੇ ਤੌਰਤੇ ਮਨਾਇਆ ਤੇ ਜੰਗੇ ਅਜ਼ਾਦੀ ਦੇ ਸਮੂਹ ਸ਼ਹੀਦਾਂ ਨੂੰ ਸਿਜਦਾ ਕਰਦਿਆਂ ਹੋਇਆਂ ਉਹਨਾਂ ਦੇ ਪਵਿੱਤਰ ਸੁਪਨੇ ਨੂੰ ਸਾਕਾਰ ਤੇ ਉਸ ਉੱਪਰ ਪਹਿਰਾ ਦੇਣ ਦਾ ਪ੍ਰਣ ਦੁਹਰਾਇਆ । ਪੰਥਕ ਆਗੂਆਂ ਨੇ ਭਾਰਤ ਦੇ ਹਾਕਮਾਂ ਨੂੰ ਇਹ ਵੀ ਸਨੇਹਾ ਦਿੱਤਾ ਕਿ ਤੁਸੀ ਆਪਣੀ ਚਾਣਕੀਆਂ ਨੀਤੀ ਰਾਹੀਂ ਕੁਝ ਕਮਜ਼ੋਰ ਜਮੀਰਾਂ, ਥੱਕ ਚੁੱਕੇ , ਜਾਂ ਲਾਲਸਾਵਾਂ ਵੱਸ ਕੁਝ ਖਾਲਿਸਤਾਨੀਆਂ ਨੂੰ ਆਪਣੀ ਬੋਲੀ ਬੁਲਾਉਣ ਦਾ ਭਰਮ ਪਾਲ ਕੇ ਜਾਂ ਅਜਾਦੀ ਦੀ ਲਹਿਰ ਦੇ ਆਗੂਆਂ ਨੂੰ ਆਪਣੇ ਭਾੜੇ ਦੇ ਕਾਤਲਾਂ ਤੋ ਸ਼ਹੀਦ ਕਰਾਕੇ ਸੰਘਰਸ਼ਕਾਰੀਆਂ ਦੇ ਮਨਾ ਅੰਦਰ ਡਰ ਸਹਿਮ ਪੈਦਾ ਕਰਕੇ ਅਜ਼ਾਦੀ ਦੀ ਅਵਾਜ ਜਾਂ ਰੋਹ ਮੁਜ਼ਾਹਰਿਆਂ ਨੂੰ ਬੰਦ ਕਰਾਉਣ ਦੇ ਭਰਮ ਤੋੜਨ ਲਈ ਇਹ ਅਜ਼ਾਦੀ ਤੇ ਹੱਕ ਸੱਚ ਨਿਆਂ ਦੇ ਰਾਜ ਲਈ ਹਮੇਸ਼ਾ ਅਵਾਜਾ ਉੱਠਦੀਆਂ ਰਹਿਣਗੀਆਂ । ਉਨ੍ਹਾਂ ਕਿਹਾ ਕਿ ਜੋ ਤੁਸੀ ਸਿੱਖ ਕੌਮ ਨਾਲ ਵਿਸ਼ਵਾਸ਼ਘਾਤ ਕਰਕੇ ਸਿੱਖਾਂ ਤੇ ਘੱਟ ਗਿਣਤੀਆਂ ਨਾਲ ਵਿਤਕਰੇ ਤੇ ਦੂਜੇ ਸ਼ਹਿਰੀਆਂ ਵਾਲ਼ਾ ਸਲੂਕ ਕਰਕੇ ਆਏ ਦਿਨ ਗੁਲਾਮੀ ਦਾ ਅਹਿਸਾਸ ਕਰਾ ਕੇ 82% ਕੁਰਬਾਨੀਆਂ ਕਰਨ ਵਾਲੀ ਕੌਮ ਨਾਲ ਕੀਤੇ ਵਾਇਦੇ ਭੁਲਾ ਕੇ ਅਕ੍ਰਿਤਘਣਤਾ ਦਾ ਸਬੂਤ ਦਿੱਤਾ ਹੈ ਇਸੇ ਕਰਕੇ ਸਿੱਖ ਕੌਮ ਦੇ ਅਜ਼ਾਦ ਘਰ ਦੇ ਚਾਹਵਾਨ ਤੁਹਾਡੇ ਅਜ਼ਾਦੀ ਦੇ ਦਿਹਾੜੇ ਨੂੰ ਕਾਲੇ ਦਿਵਸ ਦੇ ਤੌਰਤੇ ਮਨਾ ਰਹੇ ਹਨ ਤੇ ਤੁਹਾਡੇ ਵਿਰੁੱਧ ਮੁਜਾਹਿਰੇ ਕਰ ਰਹੇ ਹਨ । ਉੱਥੇ ਤੁਹਾਡੇ ਵਲੋਂ ਪਾਏ ਜਾ ਰਹੇ ਡਰ ਸਹਿਮ ਦੇ ਭਰਮ ਨੂੰ ਵੀ ਤੁਹਾਡੇ ਸਾਹਮਣੇ ਖੜਕੇ ਤੋੜ ਰਹੇ ਹਾਂ ਇਹ ਸੰਘਰਸ਼ ਸਿੱਖ ਕੌਮ ਦੇ ਅਜ਼ਾਦ ਘਰ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ ।

ਮੁਜ਼ਾਹਰੇ ਵਿਚ ਸ਼ਾਮਲ ਹੋਣ ਆਏ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਕੈਨੇਡਾ ਦੇ ਮੈਂਬਰ ਨਰਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਉਹ ਆਪਣੇ ਚੰਗੇ ਦੋਸਤ ਨਿੱਝਰ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚਿਆ ਹੈ, ਉਸਨੇ ਕਿਹਾ, ਅਸੀਂ ਇੱਥੇ ਉਸਦੇ ਵਾਰਿਸ ਵਜੋਂ ਖੜੇ ਹਾਂ ਅਤੇ ਅੱਜ ਭਾਰਤ ਸਰਕਾਰ ਨੂੰ ਇਹ ਦੱਸਣ ਲਈ ਆਏ ਹਾਂ ਕਿ ਕੈਨੇਡਾ ਦੀ ਪ੍ਰਭੂਸੱਤਾ ਦੇ ਵਿਰੁੱਧ, ਇੱਕ ਕੈਨੇਡੀਅਨ ਨਾਗਰਿਕ ਵਿਰੁੱਧ ਇਸ ਤਰ੍ਹਾਂ ਦੀ ਦਹਿਸ਼ਤਗਰਦ ਕਾਰਵਾਈ ਨੂੰ ਸਿੱਖ ਅਤੇ ਕੈਨੇਡੀਅਨਜ਼ ਕਦੇ ਵੀ ਸਵੀਕਾਰ ਨਹੀਂ ਕਰਨਗੇ।

# ਸਿਹਤ ਵਿਭਾਗ ਅੰਮ੍ਰਿਤਸਰ ਵਲੋਂ ਦੇਸ਼ ਦੇ 78ਵੇਂ ਅਜਾਦੀ ਦਿਵਸ ਮੌਕੇ ਫਹਿਰਾਇਆ ਤਿਰੰਗਾ ਝੰਡਾ



**ਚੌਕ ਮਹਿਤਾ, 16 ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਡਾ ਸੁਮੀਤ ਸਿੰਘ ਵਲੋਂ ਦੇਸ਼ ਦੇ 78ਵੇਂ ਅਜਾਦੀ ਦਿਵਸ ਮੌਕੇ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਤਿੰਰਗਾ ਝੰਡਾ ਫਹਿਰਾਇਆ ਗਿਆ। ਇਸ ਅਵਸਰ ਤੇ ਉਹਨਾਂ ਵਲੋ ਦੇਸ਼ ਸੇਵਾ ਲਈ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਅਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਦੇਸ਼ ਭਾਵਨਾਂ ਨਾਲ ਮਨੁਖੱਤਾ ਦੀ ਸੇਵਾ ਕਰਨ ਦਾ ਸ਼ੰਦੇਸ਼ ਦਿੱਤਾ। ਇਸ ਅਵਸਰ ਤੇ ਉਹਨਾਂ ਸਾਰੇ ਸਟਾਫ ਨੂੰ ਵਧਾਈ ਦਿੱਤੀ ਅਤੇ ਵਧੀਆ ਕਾਰਗੁਜਾਰੀ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਵਾਰਡ ਦੇ ਨਿਵਾਜਿਆ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ੍ ਸਿਹਤ ਅਫਸਰ ਡਾ ਜਸਪਾਲ ਸਿੰਘ, ਡੀ.ਡੀ.ਐਚ.ਓ ਡਾ ਜਗਨਜੋਤ ਕੌਰ, ਐਸ.ਐਮ.ਓ. ਡਾ ਪ੍ਰੀਤਵਿਨ, ਸਹਾਇਕ ਕਮਿਸ਼ਨਰ ਸ੍ਰੀ ਰਜਿੰਦਰ ਪਾਲ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਇੰਪਲਾਈਜ ਵੈਲਫੇਅਰ ਅਸੋਸ਼ਿਏਸ਼ਨ ਦੇ ਸਟੇਟ ਪ੍ਰਧਾਨ ਆਚਾਰੀਆ ਗੁਰੂਮੀਤ (ਰਾਜਪੁਰੋਹਿਤ), ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਜਿਲਾ੍ ਪ੍ਰਧਾਨ ਰਘੂ ਤਲਵਾੜ, ਮੀਤ ਪ੍ਰਧਾਨ ਸੁਮੀਤ ਸ਼ਰਮਾਂ, ਡਾ ਹਰਜੋਤ ਕੌਰ, ਡਾ ਮਨਮੀਤ ਕੌਰ, ਡਾ ਨਵਦੀਪ ਕੌਰ, ਡਾ ਰਾਘਵ ਜੋਸ਼ੀ, ਡਾ ਵਿਜੇ ਕੁਮਾਰ, ਡਾ ਸੁਮੀਤਪਾਲ ਸਿੰਘ, ਮੇਟਰਨ ਕਮਲਜੀਤ ਕੌਰ, ਸੰਜੀਵ ਕੁਮਾਰ, ਮਲਵਿੰਦਰ ਸਿੰਘ, ਕਮਲਦੀਪ ਭੱਲਾ, ਕਵੰਲ ਬਲਰਾਜ ਸਿੰਘ, ਵਰਿੰਦਰ ਸਿੰਘ, ਦਵਿੰਦਰ ਕੌਰ, ਜਗਰੂਪ ਕੌਰ, ਨਵਦੀਪ ਸਿੰਘ, ਅਵਤਾਰ ਸਿੰਘ, ਰਸ਼ਪਾਲ ਸਿੰਘ ਅਤੇ ਸਮੂਹ ਸਟਾਫ ਹਾਜਰ ਸਨ।

# ਜਨਮਦਿਨ ਦੀਆਂ ਵਧਾਈਆਂ



ਜਨਮ ਦਿਨ , ਇੰਟਰਨੈਸ਼ਨਲ ਪੰਥਕ ਦਲ ਦੇ ਧਾਰਮਿਕ ਵਿੰਗ ਦੇ ਪ੍ਰਧਾਨ ਸੰਤ ਬਾਬਾ ਸਤਨਾਮ ਸਿੰਘ ਜੀ ਨੂੰ ਅਵਿਜਿ ਕੋਮਿ ਪੰਜਾਬੀ ਅਖਬਾਰ ਅਦਾਰੇ ਵੱਲੋਂ ਲੱਖ ਲੱਖ ਵਧਾਈਆ ਹੋਣ ਜੀ।

( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

---

# ਅ.ਫਗਾਨਿਸਤਾਨ ਤੋਂ ਆਏ 20 ਸਿੱਖਾਂ ਨੂੰ ਸੀ ਏ ਏ ਦੇ ਤਹਤ ਮਿਲੀ ਭਾਰਤੀ ਨਾਗਰਿਕਤਾ

ਨਵੀਂ ਦਿੱਲੀ, 16 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਰਤ ਸਰਕਾਰ ਦੁਆਰਾ ਲਾਗੂ ਕੀਤੇ ਗਏ ਨਾਗਰਿਕਤਾ ਸੰਸ਼ੋਧਨ ਕਾਨੂੰਨ (ਸੀ ਏ ਏ) 2019 ਦੇ ਤਹਤ ਕੀਤੀਆਂ ਅਰਜ਼ੀਆਂ ਵਿਚੋਂ 20 ਅਰਜ਼ੀਆਂ ਨੂੰ ਮਨਜ਼ੂਰੀ ਮਿਲ ਗਈ ਹੈ ਜਿਸ ਨਾਲ ਅ਼ਫ਼ਗ਼ਾਨਿਸਤਾਨ ਤੋਂ ਆਏ ਸ਼ਰਨਾਰਥੀਆਂ ਵਿੱਚੋਂ 20 ਅ਼ਫ਼ਗ਼ਾਨੀ ਸਿੱਖਾਂ ਨੂੰ ਭਾਰਤ ਦੀ ਨਾਗਰਿਕਤਾ ਮਿਲ ਗਈ ਹੈ। ਇਹ ਜਾਣਕਾਰੀ ਕਮੇਟੀ ਦੇ ਅਧਿਆਕ ਸ਼ਰਦਾਰ ਹਰਮੀਤ ਸਿੰਘ ਕਾਲਕਾ



ਅਤੇ ਜਨਰਲ ਸਕੱਤਰੀ ਸ਼ਰਦਾਰ ਜਗਦੀਪ ਸਿੰਘ ਕਾਹਲੋ ਨੇ ਦਿੱਤੀ। ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ, ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋ ਨੇ ਕਿਹਾ ਕਿ ਨਾਗਰਿਕਤਾ ਸੰਸ਼ੋਧਨ ਕਾਨੂੰਨ 2019 ਵਿਚ ਲਿਆ ਗਿਆ ਸੀ ਅਤੇ ਮਾਰਚ 2024 ਵਿੱਚ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਨੇ ਘੋਸ਼ਣਾ ਕੀਤੀ ਸੀ ਕਿ ਜੋ ਲੋਕ ਪਾਕਿਸਤਾਨ, ਬੰਗਲਾਦੇਸ਼, ਅ਼ਫ਼ਗ਼ਾਨਿਸਤਾਨ ਤੋਂ ਹਿੰਦੂ, ਸਿੱਖ, ਪਾਰਸੀ, ਬੋਧ, ਜੈਨ ਹਨ ਅਤੇ ਜੋ ਭਾਰਤ ਵਿੱਚ ਆਏ ਹਨ, ਉਨ੍ਹਾਂ ਨੂੰ ਇਸ ਕਾਨੂੰਨ ਦੇ ਤਹਤ ਨਾਗਰਿਕਤਾ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਗ੍ਰਹਿ ਮੰਤਰੀ ਨੇ ਦੱਸਿਆ ਸੀ ਕਿ ਨਾਗਰਿਕਤਾ ਪ੍ਰਾਪਤ ਕਰਨ ਦੀ ਇੱਛਾ ਰੱਖਣ ਵਾਲੇ ਲੋਕ ਆਨਲਾਈਨ ਪੋਰਟਲ 'ਤੇ ਰਜਿਸਟਰ ਕਰਵਾ ਸਕਦੇ ਹਨ, ਜਿਸਦੇ ਆਧਾਰ 'ਤੇ ਨਾਗਰਿਕਤਾ ਪ੍ਰਦਾਨ ਕੀਤੀ ਜਾਵੇਗੀ। ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋ ਨੇ ਦੱਸਿਆ ਕਿ ਜਿਵੇਂ ਹੀ ਇਹ ਘੋਸ਼ਣਾ ਹੋਈ, ਦਿੱਲੀ ਗੁਰਦੁਆਰਾ ਕਮੇਟੀ ਨੇ ਫੈਸਲਾ ਲਿਆ ਕਿ ਤਤਕਾਲ ਪ੍ਰਭਾਵ ਨਾਲ ਇੱਕ ਸੈਂਟਰ ਖੋਲ੍ਹਿਆ ਜਾਵੇਗਾ ਅਤੇ ਜਿਨ੍ਹਾਂ ਲੋਕਾਂ ਨੂੰ ਰਜਿਸਟ੍ਰੇਸ਼ਨ ਦੀ ਜ਼ਰੂਰਤ ਹੈ, ਉਨ੍ਹਾਂ ਨੂੰ ਸਾਰੇ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਅਸੀਂ ਗਣੇਸ਼ ਨਗਰ ਵਿੱਚ ਇਹ ਸੈਂਟਰ ਖੋਲ੍ਹਿਆ, ਜਿੱਥੇ ਵੱਡੀ ਸੰਖਿਆ ਵਿੱਚ ਅ਼ਫ਼ਗ਼ਾਨਿਸਤਾਨ ਅਤੇ ਪਾਕਿਸਤਾਨ ਤੋਂ ਆਏ ਸਿੱਖ ਸਮੁਦਾਇਕ ਲੋਕ ਵਸਦੇ ਹਨ ਅਤੇ ਇਸ ਲਈ ਖਾਲਸਾ ਦੀਵਾਨ ਦਾ ਵੀ ਮਹੱਤਵਪੂਰਨ ਸਹਿਯੋਗ ਮਿਲਿਆ ਜੋ ਅ਼ਫ਼ਗ਼ਾਨੀ ਸਿੱਖ ਬਿਰਾਦਰੀ ਦੀ ਮਹੱਤਵਪੂਰਨ ਸੰਸਥਾ ਹੈ। ਉਨ੍ਹਾਂ ਨੇ ਦੱਸਿਆ ਕਿ ਅਸੀਂ ਕਈ ਅਰਜ਼ੀਆਂ ਰਜਿਸਟਰ ਕੀਤੀਆਂ ਹਨ, ਜਿਨ੍ਹਾਂ ਵਿੱਚੋਂ ਹੁਣ 20 ਸਿੱਖਾਂ ਨੂੰ ਨਾਗਰਿਕਤਾ ਮਿਲ ਚੁੱਕੀ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਜੋ ਦਸਤਾਵੇਜ਼ ਬਾਕੀ ਰਹਿ ਗਏ ਸਨ, ਉਹ ਵੀ ਪੂਰੇ ਕਰ ਦਿੱਤੇ ਹਨ ਅਤੇ ਹੁਣ ਇਨ੍ਹਾਂ 20 ਲੋਕਾਂ ਨੂੰ ਨਾਗਰਿਕਤਾ ਦੇ ਸਰਟੀਫਿਕੇਟ ਮਿਲ ਗਏ ਹਨ। ਉਨ੍ਹਾਂ ਨੇ ਕਿਹਾ ਕਿ ਹੁਣ ਇਨ੍ਹਾਂ ਲੋਕਾਂ ਕੋਲ ਭਾਰਤ ਦੇ ਨਾਗਰਿਕਾਂ ਦੇ ਸਾਰੇ ਹੱਕ ਮੌਜੂਦ ਹਨ ਅਤੇ ਇਨ੍ਹਾਂ ਦੇ ਬੱਚਿਆਂ ਨੂੰ ਸਾਰੇ ਅਧਿਕਾਰ ਮਿਲਣਗੇ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਦੇ ਆਧਾਰ ਕਾਰਡ, ਪਾਸਪੋਰਟ ਅਤੇ ਹੋਰ ਸਾਰੇ ਦਸਤਾਵੇਜ਼ ਬਣਣਗੇ। ਉਨ੍ਹਾਂ ਨੇ ਦੱਸਿਆ ਕਿ 400 ਤੋਂ ਵੱਧ ਅਰਜ਼ੀਆਂ ਅਪਲੋਡ ਕੀਤੀਆਂ ਗਈਆਂ ਹਨ। ਸਾਡੀ ਟੀਮ ਜੋ ਸੈਂਟਰ ਨੂੰ ਚਲਾ ਰਹੀ ਹੈ, ਸਾਡਾ ਪੂਰਾ ਯਤਨ ਹੈ ਕਿ ਜਲਦੀ ਤੋਂ ਜਲਦੀ ਇਹਨਾਂ ਸਾਰੇ ਲੋਕਾਂ ਨੂੰ ਨਾਗਰਿਕਤਾ ਮਿਲੇ। ਉਨ੍ਹਾਂ ਨੇ ਕਿਹਾ ਕਿ ਅਸੀਂ ਜਿਲਾ ਮਜਿਸਟਰੇਟ ਸਤਰ 'ਤੇ ਵੀ ਇਸ ਮਾਮਲੇ ਨੂੰ ਉਠਾਇਆ ਹੈ। ਉਨ੍ਹਾਂ ਨੇ ਨਾਗਰਿਕਤਾ ਪ੍ਰਾਪਤ ਕਰਨ ਵਾਲਿਆਂ ਨੂੰ ਬਹੁਤ-ਬਹੁਤ ਵਧਾਈ ਦਿੱਤੀ ਅਤੇ ਜੀਵਨ ਵਿੱਚ ਸਫਲਤਾ ਦੀ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਆਪਣੀ ਜ਼ਿੰਮੇਵਾਰੀ ਸਮਝਦਿਆਂ ਇਨ੍ਹਾਂ ਨਾਲ ਖੜੀ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਅਤੇ ਭਾਰਤ ਸਰਕਾਰ ਦੇ ਸਾਰੇ ਅਧਿਕਾਰੀਆਂ ਦਾ ਬਹੁਤ-ਬਹੁਤ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਇਸ ਮਹੱਤਵਪੂਰਨ ਪਹਲ ਨੂੰ ਲਾਗੂ ਕੀਤਾ ਅਤੇ ਪੂਰਨ ਸਹਿਯੋਗ ਦਿੱਤਾ। ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋ ਨੇ ਦੱਸਿਆ ਕਿ ਖਾਲਸਾ ਦੀਵਾਨ ਸੰਸਥਾ ਦੇ ਜਨਰਲ ਸਕੱਤਰੀ ਫਤਿਹ ਸਿੰਘ, ਨਰਿੰਦਰ ਸਿੰਘ ਸਮੇਤ ਹੋਰ ਪਦਾਧਿਕਾਰੀਆਂ ਦਾ ਵੀ ਇਸ ਕੰਮ ਵਿੱਚ ਪੂਰਨ ਸਹਿਯੋਗ ਮਿਲਿਆ।

### ਬੰਦੀ ਸਿੰਘਾਂ ਦੇ ਮਾਮਲੇ 'ਚ ਕੇਂਦਰ ਸਰਕਾਰ ਸਿੱਖਾਂ ਨਾਲ

# ਜਾਣਬੁਝ ਕੇ ਕਰ ਰਹੀ ਹੈ ਬੇਇਨਸਾਫ਼ੀ- ਐਡਵੋਕੇਟ ਧਾਮੀ



**ਨਵੀਂ ਦਿੱਲੀ, 16 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਹੋਈ ਇਕੱਤਰਤਾ ਦੌਰਾਨ ਮਤਾ ਪਾਸ ਕਰਕੇ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲੇ ਵਿਚ ਜਿਥੇ ਭਾਰਤ ਸਰਕਾਰ ਨੂੰ ਤਿੱਖੇ ਸਵਾਲ ਕੀਤੇ ਗਏ, ਉਥੇ ਹੀ ਸਮੁੱਚੇ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਰਿਪੋਰਟ ਭੇਜਣ ਦਾ ਵੀ ਫੈਸਲਾ ਕੀਤਾ ਗਿਆ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਸਿੱਖਾਂ ਨਾਲ ਜਾਣਬੁਝ ਕੇ ਧੱਕਾ ਅਤੇ ਬੇਇਨਸਾਫ਼ੀ ਕਰ ਰਹੀ ਹੈ। ਇਸ ਦੀ ਇਕ ਵੱਡੀ ਮਿਸਾਲ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੀਤਾ ਜਾਂਦਾ ਵਿਤਕਰਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਦੀ ਬੈਠਕ ਵਿਚ ਇਹ ਮਾਮਲਾ ਗੰਭੀਰ ਰੂਪ ਵਿਚ ਵਿਚਾਰਿਆ ਗਿਆ ਹੈ ਅਤੇ ਸਮੁੱਚੇ ਤੌਰ 'ਤੇ ਇਹ ਸਹਿਮਤੀ ਬਣੀ ਹੈ ਕਿ ਇਸ ਸਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵਿਸਥਾਰਤ ਰਿਪੋਰਟ ਭੇਜੀ ਜਾਵੇ, ਤਾਂ ਜੋ ਸਿੰਘ ਸਾਹਿਬਾਨ ਕੌਮੀ ਭਾਵਨਾਵਾਂ ਅਨੁਸਾਰ ਅਗਵਾਈ ਦੇਣ।

**ਬੰਦੀ ਸਿੰਘਾਂ ਦੇ ਮਾਮਲੇ ਦੀ ਸਮੁੱਚੀ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭੇਜਣ ਦਾ ਫੈਸਲਾ**

ਉਨ੍ਹਾਂ ਕਿਹਾ ਕਿ ਭਾਵੇਂ ਸ਼੍ਰੋਮਣੀ ਕਮੇਟੀ ਲੰਮੇ ਅਰਸੇ ਤੋਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਅਵਾਜ਼ ਉਠਾ ਰਹੀ ਹੈ ਅਤੇ ਹਰ ਪੱਧਰ 'ਤੇ ਚਾਰਾਜੋਈ ਕਰ ਰਹੀ ਹੈ ਪ੍ਰੰਤੂ ਦੁਖਦਾਈ ਪਹਿਲੂ ਇਹ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਰਾਜੋਆਣਾ ਅਤੇ ਹੋਰ ਬੰਦੀ ਸਿੰਘਾਂ ਦੇ ਮਾਮਲਿਆਂ ਸਬੰਧੀ ਬਣਾਈ ਗਈ ਪੰਜ ਮੈਂਬਰੀ ਕਮੇਟੀ ਵੱਲੋਂ ਲਗਾਤਾਰ ਕੀਤੇ ਗਏ ਯਤਨਾਂ ਦੇ ਬਾਵਜੂਦ ਵੀ ਕੇਂਦਰ ਸਰਕਾਰ ਵੱਲੋਂ ਕੋਈ ਹਾਂਪੱਖੀ ਹੁੰਗਾਰਾ ਨਹੀਂ ਭਰਿਆ ਗਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਮੁਲਾਕਾਤ ਵਾਸਤੇ ਸਮਾਂ ਦੇਣ ਲਈ ਭੇਜੇ ਗਏ ਪੱਤਰ ਦੇ ਜਵਾਬ ਵਿਚ ਉਨ੍ਹਾਂ ਦੇ ਦਫ਼ਤਰ ਤੋਂ ਗ੍ਰਹਿ ਮੰਤਰੀ ਦਫ਼ਤਰ ਨਾਲ ਸੰਪਰਕ ਕਰਨ ਕਿਹਾ ਗਿਆ ਸੀ। ਇਸ ਮਗਰੋਂ ਗ੍ਰਹਿ ਮੰਤਰਾਲੇ ਨਾਲ ਕੀਤੀ ਗਈ ਲਿਖਾਪੜ੍ਹੀ ਉਪਰੰਤ ਇਸੇ ਸਾਲ ਫ਼ਰਵਰੀ ਮਹੀਨੇ ਦੀ ਸ਼ੁਰੂਆਤ ਵਿਚ ਗ੍ਰਹਿ ਮੰਤਰੀ ਦੇ ਦਫ਼ਤਰ ਤੋਂ ਪੰਜ ਮੈਂਬਰੀ ਕਮੇਟੀ ਨੂੰ ਮੁਲਾਕਾਤ ਲਈ ਸਮਾਂ ਤੈਅ ਹੋਣ ਦੇ ਬਾਵਜੂਦ ਵੀ ਮੌਕੇ 'ਤੇ ਇਕ ਦਿਨ ਪਹਿਲਾਂ ਇਹ ਮੁਲਾਕਾਤ ਰੱਦ ਕਰ ਦਿੱਤੀ ਗਈ। ਇਸ ਤੋਂ ਬਾਅਦ ਵੀ ਲਗਾਤਾਰ ਸੰਪਰਕ ਕੀਤੇ ਜਾਣ 'ਤੇ ਅਜੇ ਤੀਕ ਕੋਈ ਹੁੰਗਾਰਾ ਨਹੀਂ ਦਿੱਤਾ ਜਾ ਰਿਹਾ। ਇਹ ਨਕਾਰਾਤਮਕ ਰਵੱਈਆ ਠੀਕ ਨਹੀਂ ਹੈ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਇਸ ਦੀ ਕਰੜੀ ਨਿੰਦਾ ਕਰਦੀ ਹੈ ਅਤੇ ਰਾਸ਼ਟਰਪਤੀ ਨੂੰ ਇਸ ਸਬੰਧੀ ਜਾਣੂ ਕਰਵਾਉਣ ਦੇ ਨਾਲ-ਨਾਲ ਸੰਨ 2012 ਵਿਚ ਭਾਈ ਰਾਜੋਆਣਾ ਮਾਮਲੇ ਵਿਚ ਪਾਈ ਗਈ ਪਟੀਸ਼ਨ 'ਤੇ ਖ਼ੁਦ ਫੈਸਲਾ ਲੈਣ ਲਈ ਆਖ਼ਰੀ ਵਾਰ ਕਿਹਾ ਜਾਵੇਗਾ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਬੰਦੀ ਸਿੰਘਾਂ ਨੂੰ ਦਿੱਤੇ ਜਾਂਦੇ 20 ਹਜ਼ਾਰ ਰੁਪਏ ਦੇ ਮਾਸਿਕ ਸਨਮਾਨ ਭੱਤੇ ਨੂੰ ਵਧਾ ਕੇ 40 ਹਜ਼ਾਰ ਰੁਪਏ ਕੀਤਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਮੌਕੇ ਹਰਿਆਣਾ ਸਰਕਾਰ ਵੱਲੋਂ ਹਰਿਆਣਾ ਗੁਰਦੁਆਰਾ ਕਮੇਟੀ ਦੇ ਮੈਂਬਰ ਮਨਮਰਜ਼ੀ ਨਾਲ ਮੁੜ ਨਾਮਜ਼ਦ ਕਰਨ ਦੀ ਵੀ ਕਰੜੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਪਹਿਲਾਂ ਤੋਂ ਜੋ ਖਦਸ਼ਾ ਪ੍ਰਗਟਾਇਆ ਸੀ ਕਿ ਸਰਕਾਰ ਆਪਣੇ ਤਰੀਕੇ ਨਾਲ ਹਰਿਆਣੇ ਅੰਦਰ ਗੁਰਦੁਆਰਿਆਂ ਦਾ ਪ੍ਰਬੰਧ ਕਰੇਗੀ, ਉਹ ਸੱਚ ਸਾਬਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਖੰਡਤ ਕਰਕੇ ਬਣਾਈ ਇਹ ਹਰਿਆਣਾ ਕਮੇਟੀ ਪੰਥ ਦੀ ਨਾ ਹੋ ਕੇ ਸਰਕਾਰ ਦੀ ਕਮੇਟੀ ਬਣ ਗਈ ਹੈ। ਪੰਥ ਨੂੰ ਇਸ ਦਾ ਕਰੜਾ ਵਿਰੋਧ ਕਰਨਾ ਚਾਹੀਦਾ ਹੈ, ਤਾਂ ਜੋ ਗੁਰੂ ਘਰਾਂ ਦਾ ਪ੍ਰਬੰਧ ਪੰਥਕ ਭਾਵਨਾਵਾਂ ਅਨੁਸਾਰ ਹੋ ਸਕੇ।

ਐਡਵੋਕੇਟ ਧਾਮੀ ਨੇ ਅੰਤ੍ਰਿੰਗ ਕਮੇਟੀ ਦੇ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਬੀਤੇ ਦਿਨੀਂ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਕੜਾਹੇ ਵਿਚ ਡਿੱਗਣ ਕਾਰਨ ਝੁਲਸੇ ਸ਼ਰਧਾਲੂ ਸੇਵਾਦਾਰ ਸ. ਬਲਬੀਰ ਸਿੰਘ ਦੀ ਮੌਤ 'ਤੇ ਸ਼ੋਕ ਮਤਾ ਪਾਸ ਕਰਦਿਆਂ ਉਸ ਦੇ ਪਰਿਵਾਰ ਨੂੰ 5 ਲੱਖ ਰੁਪਏ ਦੀ ਸਹਾਇਤਾ ਅਤੇ ਇਕ ਮੈਂਬਰ ਨੂੰ ਨੌਕਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਫਿਰੋਜ਼ਪੁਰ ਦੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਗੈਸ ਲੀਕ ਹੋਣ ਕਾਰਨ ਅੱਗ ਨਾਲ ਝੁਲਸੇ ਸ. ਤਲਵਿੰਦਰ ਸਿੰਘ ਦੀ ਵੀ ਇਲਾਜ ਦੇ ਦੌਰਾਨ ਮੌਤ ਹੋਣ ਕਾਰਨ ਉਸ ਦੇ ਪਰਿਵਾਰ ਨੂੰ 5 ਲੱਖ ਰੁਪਏ ਦੀ ਸਹਾਇਤਾ ਅਤੇ ਇਕ ਮੈਂਬਰ ਨੂੰ ਨੌਕਰੀ ਦੇਣ ਦੇ ਨਾਲ-ਨਾਲ ਜ਼ਖ਼ਮੀ ਹੋਏ ਬੱਚਿਆਂ ਅਤੇ ਸੇਵਾਦਾਰਾਂ ਨੂੰ ਵੀ 75-75 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਪੈਰਿਸ ਓਲੰਪਿਕਸ ਵਿਚ ਕਾਂਸੇ ਦਾ ਤਗ਼ਮਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਸਾਬਤ ਸੂਰਤ ਸਿੱਖ ਖਿਡਾਰੀ ਸ. ਜਰਮਨਪ੍ਰੀਤ ਸਿੰਘ ਨੂੰ ਸਨਮਾਨ ਵਜੋਂ 5 ਲੱਖ ਰੁਪਏ ਦੀ ਰਾਸ਼ੀ ਪ੍ਰਵਾਨ ਕੀਤੀ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ 4ਫੀਸਦੀ ਮਹਿੰਗਾਈ ਭੱਤਾ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਐਡਵੋਕੇਟ ਧਾਮੀ ਨੇ ਦੱਸਿਆ ਕਿ ਇਸੇ ਸਾਲ ਸਤੰਬਰ ਮਹੀਨੇ ਵਿਚ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਆ ਰਹੇ 100 ਸਾਲਾ ਜਨਮ ਦਿਨ ਮੌਕੇ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਗੁਰਦੁਆਰਾ ਚੋਹਲਾ ਸਾਹਿਬ ਤਰਨ ਤਾਰਨ ਸਾਹਿਬ ਨਾਲ ਸਬੰਧਤ ਗੁਰਦੁਆਰਾ ਕੋਠੜੀ ਸਾਹਿਬ ਨਜ਼ਦੀਕ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਇਤਿਹਾਸ ਨਾਲ ਜੁੜੀ ਹੋਈ ਪੁਰਾਤਨ ਇਤਿਹਾਸ ਇਮਾਰਤ ਨੂੰ ਹੂਬਹੂ ਸੰਭਾਲਿਆ ਜਾਵੇਗਾ ਅਤੇ ਇਸ ਕਾਰਜ ਵਾਸਤੇ ਵਿਰਾਸਤੀ ਮਾਹਿਰਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ।

## ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਅਤੇ ਤਲਬੀਰ ਸਿੰਘ ਗਿੱਲ ਆਪ ਆਗੂ ਪਹੁੰਚੇ ਪੀ.ਬੀ.ਐਸ ਸੌਪਿੰਗ ਸੈਂਟਰ ਵਿਖੇ, ਮੈਨੇਜਮੈਂਟ ਨੇ ਕੀਤਾ ਸਵਾਗਤ



**ਚੌਕ ਮਹਿਤਾ, 16 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਕਸਬਾ ਮਹਿਤਾ ਚੌਕ ਵਿਖੇ ਵਿਦੇਸੀ ਤਰਜ਼ ਤੇ ਖੋਲੇ ਗਏ ਪੀ.ਬੀ.ਐਸ ਸੋਪਿੰਗ ਇਲਾਕੇ ਵਿੱਚ ਨਿਵੇਕਲੀ ਪਹਿਚਾਣ ਬਣਾ ਚੁੱਕਾ ਹੈ,ਤੇ ਗ੍ਰਾਹਕ ਦੀ ਪਸੰਦ ਅਤੇ ਸਹੂਲਤ ਨੂੰ ਮੁੱਖ ਰੱਖਦੇ ਹੋਏ ਤਜਰਬੇਕਾਰ ਸਟਾਫ ਮੌਲ ਵਿੱਚ ਵੱਡੀ ਪੱਧਰ ਤੇ ਗ੍ਰਾਹਕਾ ਦੀ ਆਵਜਾਈ ਬਣੀ ਰਹਿੰਦੀ ਜਗ-ਮਗਾਉਦੇ ਮੋਲ ਤੇ ਨਾਮੀ ਚੇਹਰਿਆ ਦੀ ਵੀ ਆਵਜਾਈ ਬਣੀ ਰਹਿਦੀ ਹੈ। ਜਿਸਦੇ ਚਲਦਿਆ ਅੱਜ ਸੋਪਿੰਗ ਸੈਂਟਰ ਤੇ ਗੁਰਦੁਵਾਰਾ ਗੁਰੂ ਕੀ ਬੇਰ ਸਾਹਿਬ ਦੇ ਮੁਖੀ ਸੰਤ ਬਾਬਾ ਸੱਜਣ ਸਿੰਘ ਅਤੇ ਆਪ ਆਗੂ ਤਲਬੀਰ ਸਿੰਘ ਗਿੱਲ ਵੀ ਉਚੇਚੇ ਤੋਰ ਤੇ ਪਹੁੰਚੇ ਮਹਿਮਾਨ ਦਾ ਸਵਾਗਤ ਕਰਦਿਆ ਪੀ.ਬੀ.ਐਸ ਸੋਪਿੰਗ ਸੈਂਟਰ ਦੇ ਮਾਲਕ ਪਰਮਜੀਤ ਸਿੰਘ ਬਾਠ, ਬਲਕਾਰ ਸਿੰਘ ਬਾਠ, ਸਤਨਾਮ ਸਿੰਘ ਬਾਠ ਅਤੇ ਸਮੂਹ ਸਟਾਫ ਵੱਲੋਂ ਸਵਾਗਤ ਕੀਤਾ ਗਿਆ ਅਤੇ ਪੂਰਾ ਮੋਲ ਵਿਖਾਇਆ ਗਿਆ। ਮਹਿਮਾਨਾਂ ਨੇ ਕਸਬੇ ਅੰਦਰ ਵੱਡੀ ਲਾਗਤ ਨਾਲ ਖੋਲੇ ਗਏ ਸੈਂਟਰ ਦੀ ਸਰਾਹਣਾ ਕੀਤੀ ਤੇ ਮਾਲਕਾ ਨੂੰ ਵਧਾਈ ਦਿੱਤੀ। ਇਸ ਮੋਕੇ ਚੇਅਰਮੈਨ ਗੁਰਵਿੰਦਰ ਸਿੰਘ ਖੱਬੇਰਾਜਪੂਤਾ, ਸ. ਕਰਮਜੀਤ ਸਿੰਘ ਧਾਲੀਵਾਲ, ਰਾਣਾ ਜਿਊਲਰ ਮੱਤੇਵਾਲ, ਅਰਸ ਜੌੜਾ, ਗੁਰਬੀਰ ਸਿੰਘ ਮੱਲੀ, ਨਰਿੰਦਰ ਸਿੰਘ ਭੈਣੇ, ਗੁਰਸੇਵਕ ਸਿੰਘ, ਬਲਜਿੰਦਰ ਸਿੰਘ ਪੀ.ਏ, ਡਾ. ਬਲਵਿੰਦਰ ਸਿੰਘ ਮੱਤੇਵਾਲ, ਸਤਪਾਲ ਸਿੰਘ, ਬਿਕਰਮਜੀਤ ਸਿੰਘ,ਸੁਖਬੀਰ ਸਿੰਘ ਬੋਪਾਰਾਏ, ਜਸਦੀਪ ਸਿੰਘ ਬਾਠ ਆਦਿ ਹਾਜ਼ਰ ਸਨ।

## ਏ ਐਸ ਆਈ ਜਗਵਿੰਦਰ ਸਿੰਘ ਨੂੰ ਪ੍ਰਸ਼ੰਸ਼ਾ ਪੱਤਰ ਨਾਲ ਕੀਤਾ ਸਨਮਾਨਿਤ



**ਚੌਕ ਮਹਿਤਾ, 16 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰ ਜਗਵਿੰਦਰ ਸਿੰਘ ਏ ਐਸ ਆਈ ਵਿਜੀਲੈਂਸ ਬਿਊਰੋ ਰੇਂਜ ਅੰਮ੍ਰਿਤਸਰ ਦੀਆ ਸ਼ਲਾਘਾਯੋਗ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ 15ਅਗਸਤ ਸੁਤੰਤਰਤਾ ਦਿਵਸ ਮੌਕੇ ਗੁਰੂ ਨਾਨਕ ਸਟੇਡੀਅਮ ਵਿਖੇ ਸ੍ਰ ਗੁਰਮੀਤ ਸਿੰਘ ਖੁਡੀਆ ਖੇਤੀ ਬਾੜੀ ਮੰਤਰੀ, ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ,ਪੁਲਿਸ ਕਮਿਸ਼ਨਰ ਸ੍ਰ ਰਣਜੀਤ ਸਿੰਘ ਢਿੱਲੋ ,ਹਲਕਾ ਪੱਛਮੀ ਵਿਧਾਇਕ ਸ੍ਰ ਜਸਬੀਰ ਸਿੰਘ ਸੰਧੂ ਵਲੋ ਪ੍ਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

### 1947 ਵੰਡ ਦੌਰਾਨ ਜਾਨਾਂ ਗਵਾਉਣ ਵਾਲੇ

# ਲੱਖਾਂ ਪੰਜਾਬੀਆਂ ਦੀ ਯਾਦ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ



**ਅੰਮ੍ਰਿਤਸਰ, 16 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੰਨ 1947 'ਚ ਦੇਸ਼ ਦੀ ਵੰਡ ਦੌਰਾਨ ਜਾਨਾਂ ਗਵਾਉਣ ਵਾਲੇ ਲੱਖਾਂ ਪੰਜਾਬੀਆਂ ਦੀ ਯਾਦ 'ਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਸਰਵਣ ਕਰਵਾਇਆ। ਸਮਾਗਮ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ 1947 ਦੀ ਵੰਡ ਸਮੇਂ ਪੰਜਾਬੀਆਂ ਨੇ ਵੱਡਾ ਸੰਤਾਪ ਹੰਡਾਇਆ ਹੈ ਅਤੇ ਖ਼ਾਸਕਰ ਸਿੱਖਾਂ ਨੇ ਵੱਡੀਆਂ ਮਾਰਾਂ ਝੱਲੀਆਂ। ਇਸ ਵੰਡ ਦੌਰਾਨ ਜੋ ਲਕੀਰ ਖਿੱਚੀ ਗਈ, ਉਹ ਪੰਜਾਬ ਦੀ ਹਿੱਕ 'ਤੇ ਖਿੱਚੀ ਗਈ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਰਾਜ ਭਾਗ ਵਾਲੀ ਵਿਰਾਸਤ ਦੇਸ਼ ਪੰਜਾਬ ਨੂੰ ਦੋ ਹਿੱਸਿਆਂ ਵਿਚ ਵੰਡ ਦਿੱਤਾ ਗਿਆ, ਜਿਸ ਨਾਲ ਸਿੱਖਾਂ ਦੇ ਜਾਨੋਂ ਪਿਆਰੇ ਗੁਰਧਾਮ ਵਿਛੜ ਗਏ। ਪਾਕਿਸਤਾਨ ਅੰਦਰ ਵੱਡੀਆਂ ਜ਼ਮੀਨਾਂ ਤੇ ਕਾਰੋਬਾਰਾਂ ਦੇ ਮਾਲਕ ਸਿੱਖਾਂ ਨੂੰ ਆਪਣੀਆਂ ਜਾਇਦਾਦਾਂ ਛੱਡਣੀਆਂ ਪਈਆਂ ਅਤੇ ਇਨ੍ਹਾਂ ਰੌਲਿਆਂ ਦੌਰਾਨ ਲੱਖਾਂ ਪੰਜਾਬੀਆਂ ਨੇ ਆਪਣੀਆਂ ਜਾਨਾਂ ਗੁਆਈਆਂ। ਉਨ੍ਹਾਂ ਕਿਹਾ ਕਿ ਸਿੱਖਾਂ ਨਾਲ ਹਿੰਦੁਸਤਾਨ ਦੇ ਆਗੂਆਂ ਨੇ ਕੀਤੇ ਵਾਅਦਿਆਂ ਨੂੰ ਭੁੱਲ ਕੇ ਉਲਟਾ ਸਿੱਖਾਂ ਨੂੰ ਜਰਾਇਮ ਪੇਸ਼ਾ ਕਹਿ ਕੇ ਭੰਡਿਆ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ 77 ਸਾਲਾਂ ਬਾਅਦ ਵੀ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਨੇ ਉਸ ਸਮੇਂ ਮਾਰੇ ਗਏ ਲੋਕਾਂ ਲਈ ਅਫ਼ਸੋਸ ਦੇ ਦੋ ਸ਼ਬਦ ਵੀ ਨਹੀਂ ਕਹੇ।

ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸਿੱਖਾਂ ਨਾਲ ਬੇਇਨਸਾਫ਼ੀ ਅੱਜ ਵੀ ਜਾਰੀ ਹੈ। ਸਾਡੇ ਕਈ ਸਿੱਖ ਸਜ਼ਾਵਾਂ ਪੂਰੀਆਂ ਕਰਨ ਤੋਂ ਬਾਅਦ ਵੀ 30-30 ਸਾਲਾਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਹਨ, ਜਿਨ੍ਹਾਂ ਨੂੰ ਸਰਕਾਰਾਂ ਰਿਹਾਅ ਨਹੀਂ ਕਰ ਰਹੀਆਂ। ਉਨ੍ਹਾਂ ਦੇਸ਼ ਦੇ ਗ੍ਰਹਿ ਮੰਤਰੀ ਨੂੰ ਸਵਾਲ ਕੀਤਾ ਕਿ ਕੀ ਉਹ ਦਸਣ ਕਿ ਸਜ਼ਾਵਾਂ ਪੂਰੀਆਂ ਕਰਨ ਤੋਂ ਬਾਅਦ ਵੀ ਇਨ੍ਹਾਂ ਬੰਦੀ ਸਿੰਘਾਂ ਨੂੰ ਕਿਸ ਕਾਨੂੰਨ ਅਤੇ ਅਧਿਕਾਰ ਤਹਿਤ ਜੇਲ੍ਹਾਂ ਵਿਚ ਨਜ਼ਰਬੰਦ ਰੱਖਿਆ ਹੋਇਆ ਹੈ? ਉਨ੍ਹਾਂ ਇਹ ਵੀ ਪੁੱਛਿਆ ਕਿ ਸਿੱਖਾਂ ਲਈ ਦੇਸ਼ ਅੰਦਰ ਵੱਖਰਾ ਕਾਨੂੰਨ ਕਿਉਂ ਹੈ। ਉਨ੍ਹਾਂ ਸਿੱਖ ਪੰਥ ਨੂੰ ਬੇਇਨਸਾਫ਼ੀਆਂ ਦੇ ਖਿਲਾਫ਼ ਸੰਘਰਸ਼ ਲਈ ਧੜੇਬੰਦੀਆਂ ਅਤੇ ਆਪਸੀ ਫੁੱਟ ਨੂੰ ਤਿਆਗ ਕੇ ਇਕਜੁਟ ਹੋਣ ਦੀ ਤਾਕੀਦ ਕਰਦਿਆਂ ਆਖਿਆ ਕਿ ਸੋਸ਼ਲ ਮੀਡੀਆ 'ਤੇ ਸਿੱਖਾਂ ਨੂੰ ਵੰਡਣ ਦੀਆਂ ਸਾਜ਼ਿਸ਼ਾਂ, ਮਰਯਾਦਾ ਅਤੇ ਪ੍ਰੰਪਰਾਵਾਂ 'ਤੇ ਹੋ ਰਹੇ ਹਮਲਿਆਂ ਨੂੰ ਗੁਰਮਤਿ 'ਚ ਪ੍ਰਪੱਕ ਹੋ ਕੇ ਵਿਵੇਕ ਬੁੱਧੀ ਦੇ ਨਾਲ ਰੋਕਿਆ ਜਾ ਸਕਦਾ ਹੈ, ਜਿਸ ਲਈ ਸਿੱਖਾਂ ਨੂੰ ਅੰਮ੍ਰਿਤਧਾਰੀ ਹੋ ਕੇ ਬਾਣੀ ਅਤੇ ਬਾਣੇ ਦੇ ਨਾਲ ਜੁੜਨਾ ਚਾਹੀਦਾ ਹੈ।

ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸੁਪ੍ਰਡੰਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਅਤੇ ਸੰਗਤਾਂ ਮੌਜੂਦ ਸਨ।

ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਦੀ ਖੁਸ਼ੀ ਵਿੱਚ

# 'ਆਪਣੀ ਸਿਹਤ ਦਾ ਖਿਆਲ ਰੱਖੋ ਪ੍ਰੋਗਰਾਮ' ਕਰਵਾਇਆ ਗਿਆ





ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਦੀ ਖੁਸ਼ੀ ਵਿੱਚ ਰੱਖਿਆ ਆਪਣੀ ਸਿਹਤ ਦਾ ਖਿਆਲ ਰੱਖੋ'ਪ੍ਰੋਗਰਾਮ ਐਤਵਾਰ 11 ਅਗਸਤ ਨੂੰ ਗੁਰਦਵਾਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ, ਲੈਸਟਰਸ਼ਾਇਰ ਵਿਖੇ ਰੱਖਿਆ ਕਾਮਯਾਬ ਰਿਹਾ ਜਿਸ ਵਿੱਚ ਗੁਰੂ ਕੀ ਪਿਆਰੀ ਸਾਧ ਸੰਗਤ ਜੀ ਨੂੰ ਚੰਗੀ ਸਿਹਤ ਸਬੰਧੀ ਜਾਣਕਾਰੀ ਦਿੱਤੀ ਗਈ।

ਗੁਰੂ ਹਰ ਰਾਏ ਜੀ ਦੇ ਛੋਟੇ ਸਪੁੱਤਰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਜੁਲਾਈ 1656 ਨੂੰ ਹੋਇਆ ਅਤੇ ਗੁਰੂ ਜੀ ਨੇ ਅਣਗਿਣਤ ਲੋਕਾਂ ਨੂੰ ਦਿੱਲੀ ਵਿਖੇ ਪੋਲਿਓ ਬਿਮਾਰੀ ਤੋਂ ਠੀਕ ਕੀਤਾ।

ਸਾਊਥ ਏਸ਼ੀਅਨ ਹੈਲਥ ਐਕਸ਼ਨ 'ਸਾਹਾ' ਦੇ ਕਿਰਤ ਮਿਸਤਰੀ ਨੇ ਕਿਹਾ ਕਿ ਇਸ ਤਰਾਂ ਦੇ ਸਿਹਤ ਸਬੰਧੀ ਪ੍ਰੋਗਰਾਮ ਬਹੁੱਤ ਚੰਗੇ ਸਾਧਨ ਹਨ ਜਿਨ੍ਹਾ ਰਾਹੀ 'ਡਾਇਬੀਟਸ, ਕੈਂਸਰ, ਕਿਡਨੀ, ਫੇਫੜਿਆਂ, ਬਲੱਡ ਪਰੈਸ਼ਰ ਵਰਗੀਆਂ ਬਿਮਾਰੀਆਂ ਬਾਰੇ ਜਾਣਕਾਰੀ ਲੈ ਕੇ ਲੋਕ ਆਪਣੀ ਅਤੇ ਆਪਣੇ ਘਰ ਵਾਲਿਆਂ ਦੀ ਸਿਹਤ ਨੂੰ ਠੀਕ ਕਰ ਸੱਕਦੇ ਹਨ। ਲੋਕਾਂ ਨੇ ਅੰਗ ਦਾਨ ਕਰਨ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਿਵੇਂ ਕਿ ਕਈ ਸਾਲ ਪਹਿਲਾਂ ਟੋਨੀ ਪੱਬਲਾ ਜੀ ਨੇ ਆਪਣੇ ਅੰਗ ਦਾਨ ਕੀਤੇ ਸਨ ਜਿਸ ਕਰਕੇ ਤਿੰਨ ਹੋਰ ਵਿਅਕਤੀ ਅੱਜ ਜਿਉਂਦੇ ਹਨ।

ਇੰਡੀਵਿੱਡ ਦੇ ਡਾ: ਸੋਨਲ ਭਾਵਸਰ ਜੀ ਨੇ ਦੱਸਿਆ ਕਿ ਇਸ ਤਰਾਂ ਦੇ ਪ੍ਰੋਗਰਾਮ ਸਮੇ ਸਮੇ ਸਿਰ ਰੱਖਦੇ ਰਹਿਣਾ ਚਾਹੀਦੇ ਹਨ ਤਾਂ ਕਿ ਅਲੱਗ ਅਲੱਗ ਲੋਕ ਲਾਭ ਲੈ ਸਕਣ। ਦਸ ਸਾਲਾਂ ਦਾ ਹਰਮਨ ਪਿਆਰਾ ਬੱਚਾ ਡਿਲਨ ਜੋ ਆਪਣੇ ਪ੍ਰਵਿਾਰ ਨਾਲ ਆਇਆ ਸੀ ਨੇ ਕਿਹਾ ਚੰਗੀ ਸਿਹਤ ਸੱਭ ਨੂੰ ਵਧੀਆ ਲੱਗਦੀ ਹੈ, ਸਾਨੂੰ ਚਾਹੀਦਾ ਹੈ ਕਿ ਘਰ ਦੇ ਬਣੇ ਖਾਣੇ ਜਿਆਦਾ ਖਾਈਏ ਅਤੇ ਬਾਹਰਲੀਆਂ ਦੁਕਾਨਾਂ ਤੋਂ ਖਾਸ ਕਰਕੇ ਤੇਲ ਵਿੱਚ ਬਣੇ ਖਾਣੇ ਬਿੱਲਕੁੱਲ ਨਹੀਂ ਖਾਣੇ ਚਾਹੀਦੇ।

ਮੰਜੂਲਾ ਸੂਦ ਐਮ.ਬੀ,ਈ. ਹਾਈ ਬੇਲਿੱਫ ਲੈਸਟਰ ਸਿਟੀ ਕਾਂਉਸਲ ਨੇ ਪੰਜਾਬੀ ਲਿਸਨਰਜ ਕਲੱਬ ਨੂੰ 'ਆਪਣੀ ਸਿਹਤ ਦਾ ਖਿਆਲ ਰੱਖੋ' ਦਾ ਪ੍ਰਬੰਧ ਕਰਨ ਦੀਆਂ ਸ਼ੁਭ ਇਸ਼ਾਵਾਂ ਅਤੇ ਵਧਾਈਆਂ ਦਿੱਤੀਆ। ਉਨ੍ਹਾ ਨੇ ਇਹ ਵੀ ਦੱਸਿਆਂ ਕਿ ਏਸ਼ੀਅਨ ਲੋਕਾਂ ਨੂੰ ਡਾਇਬੀਟਸ, ਦਿੱਲ ਦੀਆਂ ਬਿਮਾਰੀਆਂ ਗੋਰਿਆਂ ਨਾਲੋਂ ਬਹੁੱਤ ਜਿਆਦਾ ਹਨ ਇਸ ਕਰਕੇ ਸੱਭ ਨੂੰ ਆਪਣੀ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ।

ਬਰਿਟਿੱਸ਼ ਹਾਰਟ ਫਾਂਊਡੇਸ਼ਨ ਬੀ.ਐਚ.ਐਸ. ਦੇ ਰਾਜਦੂਤ ਭਾਈ ਸੁਲੱਖਣ ਸਿੰਘ ਬੀ.ਈ.ਐਮ. ਜੀ ਨੇ ਬਹੁੱਤਿਆਂ ਨੂੰ ਮਾਂ-ਬੋਲੀ ਪੰਜਾਬੀ ਵਿੱਚ ਸਮਝਾਇਆ ਕਿ ਚੰਗੀ ਸਿਹਤ ਲਈ ਇਹ ਬਹੁੱਤ ਜਰੂਰੀ ਹੈ ਕਿ ਆਪਾਂ ਆਪਣੇ ਮੂੰਹ ਨਾਲ ਕੀ ਕੀ ਬੋਲਦੇ ਹਾਂ ਅਤੇ ਆਪਣੇ ਮੂੰਹ ਵਿੱਚ ਕੀ ਕੀ ਪਾਉਂਦੇ ਰਹਿੰਦੇ ਹਾਂ। ਭਾਈ ਸਾਹਿਬ ਜੀ ਨੇ ਹੋਰ ਦੱਸਿਆ ਕਿ ਹਰ ਰੋਜ 30 ਮਿੰਟ ਲਈ ਕਸਰਤ ਕਰਨੀ ਚਾਹੀਦੀ ਹੈ, ਸਵੇਰੇ ਸਵੇਰੇ ਬਾਹਰ ਤੁਰਨ ਦੀ ਆਦਤ ਪਾਉਣੀ ਚਾਹੀਦੀ ਹੈ, ਤਿੰਨੇ ਚਿੱਟੇ ਆਟਾ ਲੂਣ ਅਤੇ ਖਾਸ ਕਰਕੇ ਖੰਡ ਨੂੰ ਆਪਣੇ ਸਰੀਰ ਤੋਂ ਦੂਰ ਰੱਖੋਂ, ਖਾਣਾ ਘੱਟ ਚਾਹੀਦਾ ਹੈ ਅਤੇ ਆਪਣਾ ਭਾਰ ਸਹੀ ਰੱਖਣਾ ਚਾਹੀਦਾ ਹੈ।

ਮੁੱਖ ਮਿਹਮਾਨ ਫਰੈਨ ਵਿਲਜ, ਮੁੱਖ ਸੇਵਾਦਾਰ ਲਾਇਬਰੇਰੀਜ ਲੈਸਟਰਸ਼ਾਇ੍ਰ ਕਾਂਊਟੀ ਕਾਂਉਸਲ ਜਿਸ ਦੀ ਆਬਾਦੀ ਇੱਕ ਮਿਲੀਅਨ ਤੋਂ ਜਿਆਦਾ ਹੈ ਨੇ ਦੱਸਿਆ ਕਿ ਉਨ੍ਹਾ ਨੂੰ ਬਹੁੱਤ ਖੁਸ਼ੀ ਹੋਈ ਕਿ ਉਨ੍ਹਾ ਨੂੰ ਸਾੱਦਾ ਪੱਤਰ ਭੇਜਿਆ ਗਿਆ ਸੀ। ਇਹ ਬੇਹੱਦ ਚੰਗੀ ਗੱਲ ਹੈ ਕਿ ਅਲੱਗ ਅਲੱਗ ਬਿਮਾਰੀਆ ਬਾਰੇ ਇੱਕ ਜਗਾ ਤੇ ਦੱਸਿਆ ਜਾ ਰਿਹਾ ਹੈ ਜਿਸ ਕਾਰਨ ਪ੍ਰੋਗਰਾਮ ਬਹੁੱਤ ਕਾਮਯਾਬ ਹੈ।

ਪੰਜਾਬੀ ਲਿਸਨਰਜ ਕਲੱਬ ਦੇ ਸੰਚਾਲਕ ਤਰਲੋਚਨ ਸਿੰਘ ਵਿਰਕ ਨੇ ਡਰਬੀਸ਼ਾਇਰ ਦੇ ਕੈਬਿੰਨ ਕਿੰਗ ਦੇ ਮਾਲਕ ਸੁਖਦੇਵ ਸਿੰਘ ਅਟਵਾਲ ਸੋਖਾ ਉਦੋਪੁਰੀਆ ਅਤੇ ਸਾਰੇ ਹੀ ਸਿਹਯੋਗੀਆਂ ਦਾ ਤਿਹ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਕਰਕੇ 'ਆਪਣੀ ਸਿਹਤ ਦਾ ਖਿਆਲ ਰੱਖੋ' ਕਾਮਯਾਬ ਅਤੇ ਯਾਦਗਰ ਹੋ ਰਿਹਾ।

# ਫਰਜ਼ੀ ਟਰੈਵਲ ਏਜੰਟ ਪੰਜਾਬ ਦੀ ਆਰਥਕਤਾ ਨੂੰ ਘੁਣ ਵਾਂਗ ਖਾਹ ਰਹੇ ਹਨ

**ਪਰਵਾਸ** ਦਾ ਸਿਲਸਲਾ ਜੁੱਗਾਂ ਜੁਗਾਂਤਰਾਂ ਤੋ ਚਲਿਆ ਆ ਰਿਹਾ ਹੈ।ਲੋਕ ਪਰਵਾਸ ਕਰਦੇ ਵੀ ਰਹਿੰਦੇ ਹਨ ।ਕਦੇ ਮਜਬੂਰੀ ਵਸ ,ਕਦੇ ਸ਼ੌਂਕ ਨੂੰ ਤੇ ਕਦੇ ਪੈਸੇ ਕਮਾਉਣ ਲਈ।ਪਰ ਪਿਛਲੇ ਦੋ ਦਹਾਕਿਆਂ ਤੋ ਪਰਵਾਸ ਦੇ ਰੁਝਾਨ ਨੇ ਤੇਜੀ ਫੜੀ ਹੋਈ ਹੈ।ਜਿਸ ਦੇ ਕਈ ਕਾਰਨ ਹਨ ।ਪਰ ਜੋ ਮੁੱਖ ਕਾਰਨ ਹੈ ।ਉਹ ਇਹ ਹਨ ਕਿ ਦੇਸ਼ ਚ ਰੁਜਗਾਰ ਦੇ ਮੌਕਿਆ ਦਾ ਘੱਟ ਹੋਣਾ ।ਪੈਸੇ ਕਮਾਉਣ ਦੀ ਤਮੰਨ੍ਹਾ ਤੇ ਲਿਵਿੰਗ ਆਫ ਸਟੈਂਡਰਡ ।ਇਹੀ ਵਜ੍ਹਾ ਹੈ ਕਿ ਅੱਜ ਹਰ ਕੋਈ ਬਾਹਰਲੇ ਦੇਸ਼ ਚ ਸੈੱਟ ਹੋਣ ਦਾ ਇਛੁੱਕ ਹੈ।ਜਿਸ ਲਈ ਉਸ ਨੂੰ ਭਾਵੇਂ ਕੋਈ ਵੀ ਪੁੱਠਾ ਸਿੱਧਾ ਢੰਗ ਹੀ ਕਿਉਂ ਨਾ ਅਪਨਾਉਣਾ ਪਵੇ।ਇਥੋਂ ਤਕ ਕੇ ਬਾਹਰ ਜਾਣ ਦੇ ਚਾਹਵਾਨ ਮੌਤ ਤਕ ਦੀ ਪਰਵਾਹ ਨਹੀਂ ਕਰਦੇ ।ਨਿੱਤ ਦਿਹਾੜੇ ਡੌਂਕੀ ਰਾਹੀਂ ਜਾਣ ਵਾਲਿਆਂ ਦੇ ਲਾਪਤਾ ਹੋਣ ਤੇ ਮਾਰੇ ਜਾਣ ਦੀਆਂ ਖ਼ਬਰਾਂ ਅਕਸਰ ਮੀਡੀਏ ਦੀਆਂ ਸੁਰਖੀਆਂ ਬਣਦੀਆਂ ਰਹਿੰਦੀਆਂ ਹਨ।ਪਰ ਇਸ ਦੇ ਬਾਵਜੂਦ ਲੋਕਾਂ ਦਾ ਵਿਦੇਸ਼ਾਂ ਵਲ ਰੁੱਖ (ਪਰਵਾਸ )ਨਿਰੰਤਰ ਜਾਰੀ ਹੈ।ਪੰਜਾਬ ਦੇ ਨੌਜਵਾਨਾਂ ਵੱਲੋਂ ਗੈਰ-ਕਾਨੂੰਨੀ ਤਰੀਕੇ ਅਪਣਾ ਕੇ ਪ੍ਰਵਾਸ ਕਰਨਾ ਜਿੱਥੇ ਯੂਰਪ ਮੁਲਕਾਂ ਲਈ ਚੁਣੌਤੀ ਬਣਦਾ ਜਾ ਰਿਹਾ ਹੈ।ਉਥੇ ਡਾਲਰਾਂ ਦੀ ਚਮਕ-ਧਮਕ 'ਚ ਗੁਆਚੇ ਪੰਜਾਬ ਦੇ ਗੱਭਰੂਆਂ ਅੰਦਰ ਵਿਦੇਸ਼ਾਂ 'ਚ ਜਾਣ ਦੀ ਲਾਲਸਾ ਇਸ ਕਦਰ ਵੱਧਦੀ ਜਾ ਰਹੀ ਹੈ ਕਿ ਹਰ ਸਾਲ 20 ਤੋ 25 ਹਜ਼ਾਰ ਪੰਜਾਬੀ ਨੌਜਵਾਨ ਕਥਿਤ ਗੈਰ-ਕਾਨੂੰਨੀ ਢੰਗ ਨਾਲ ਵਿਦੇਸ਼ਾਂ ਨੂੰ ਪ੍ਰਵਾਸ ਕਰਦੇ ਦੱਸੇ ਜਾਂਦੇ ਹਨ। ਆਪਣੇ ਪਿਓ ਦਾਦੇ ਵੱਲੋਂ ਖੂਨ ਪਸੀਨਾ ਇਕ ਕਰ ਕੇ ਸਿੰਜੀ ਗੁਰੂਆਂ, ਪੀਰਾਂ ਦੀ ਚਰਨ ਛੋਹ ਪ੍ਰਾਪਤ ਪੰਜਾਬ ਦੀ ਧਰਤੀ ਨੂੰ ਛੱਡ ਕੇ ਪ੍ਰਵਾਸ ਕਰਨ ਵਾਲੇ ਪੰਜਾਬੀਆਂ ਲਈ ਜਿੱਥੇ ਅੱਜ-ਕੱਲ ਆਸਟ੍ਰੇਲੀਆ,ਕੈਨੇਡਾ,ਯੂਕੇ ਤੇ ਨਿਊਜ਼ੀਲੈਂਡ ਪਹਿਲੀ ਪਸੰਦ ਬਣੇ ਹੋਏ ਹਨ।ਉਥੇ ਯੂਰਪੀ ਮੁਲਕਾਂ 'ਚ ਜਾਣ ਲਈ ਪੰਜਾਬੀ ਨੌਜਵਾਨ ਆਪਣੀ ਜਾਨ ਵੀ ਦਾਅ 'ਤੇ ਲਾ ਦਿੰਦੇ ਹਨ।ਪੰਜਾਬ ਭਰ 'ਚ ਫਰਜ਼ੀ ਟ੍ਰੈਵਲ ਏਜੰਟਾਂ ਦਾ ਫੈਲਿਆ ਵਿਸ਼ਾਲ ਜਾਲ ਜਿੱਥੇ ਪੰਜਾਬ ਦੀ ਆਰਥਿਕਤਾ ਨੂੰ ਘੁੰਣ ਵਾਂਗ ਜਿੱਥੇ ਖਾ ਰਿਹਾ ਹੈ।ਉਥੇ ਟ੍ਰੈਵਲ ਏਜੰਟਾਂ ਦੇ ਗੈਰ-ਕਾਨੂੰਨੀ ਢੰਗ ਨਾਲ ਵਿਦੇਸ਼ ਭੇਜਣ ਅਤੇ ਮਨੁੱਖੀ ਸਮੱਗਲਿੰਗ ਦਾ ਕੰਮ ਕੌਮਾਂਤਰੀ ਪੱਧਰ ਤੱਕ ਫੈਲਿਆ ਹੋਇਆ ਹੈ। ਪੰਜਾਬੀ ਨੌਜਵਾਨਾਂ ਦੀ ਵਿਦੇਸ਼ ਜਾਣ ਦੀ ਲਾਲਸਾ ਦਾ ਫਾਇਦਾ ਇਸ ਵਕਤ ਬਾਜ਼ਾਰ 'ਚ ਬੈਠੇ ਫਰਜ਼ੀ ਟ੍ਰੈਵਲ ਏਜੰਟ ਚੁੱਕ ਰਹੇ ਹਨ।ਇਕ ਪਾਸੇ ਤਾਂ ਵਿਦੇਸ਼ ਭੇਜਣ ਦੇ ਨਾਂਅ ਤੇ ਇਹ ਲੋਕ ਭੋਲੇ ਭਾਲੇ ਨੌਜਵਾਨਾ ਨਾਲ ਕਰੋੜਾਂ ਰੁਪਏ ਦੀ ਠੱਗੀ ਮਾਰਦੇ ਹਨ।ਜਦ ਕੇ ਦੂਜੇ ਪਾਸੇ ਇਨ੍ਹਾਂ ਦੀ ਠੱਗੀ ਦਾ ਸ਼ਿਕਾਰ ਹੋਏ ਲੋਕ ਆਪਣੇ ਪੈਸੇ ਵਾਪਸ ਕਰਵਾਉਣ ਲਈ ਥਾਣਿਆਂ ਤੇ ਅਦਾਲਤਾਂ ਦੇ ਚੱਕਰ ਕੱਟਣ ਲਈ ਮਜ਼ਬੂਰ ਹੋ ਰਹੇ ਹਨ। ਇਮੀਗ੍ਰੇਸ਼ਨ ਉਦਯੋਗ 'ਚ ਫੈਲੀ ਧੋਖਾਦੇਹੀ ਨੇ ਪੰਜਾਬ ਦੇ ਹਜਾਰਾਂ ਘਰਾਂ ਨੂੰ ਬਰਬਾਦ ਕਰ ਦਿੱਤਾ ਹੈ। ਆਪਣੇ ਬੱਚਿਆਂ ਦੇ ਹੱਥੋਂ ਮਜਬੂਰ ਮਾਪੇ,ਨਾ ਸਿਰਫ ਆਪਣਾ ਸਭ ਕੁਝ ਲੁਟਾਉਣ ਲਈ ਮਜਬੂਰ ਹੁੰਦੇ ਹਨ।ਸਗੋਂ ਠੱਗੀ ਦਾ ਸ਼ਿਕਾਰ ਹੋ ਕੇ ਇਹ ਲੋਕ ਸਾਲਾਂਬੱਧੀ ਆਪਣੇ ਪੈਸੇ ਵਾਪਸ ਲੈਣ ਲਈ ਟ੍ਰੈਵਲ ਏਜੰਟਾਂ ਦੇ ਦਫਤਰਾਂ ਅਤੇ ਪੁਲਸ ਥਾਣਿਆਂ 'ਚ ਚੱਕਰ ਕੱਟਦੇ ਰਹਿੰਦੇ ਹਨ।ਟ੍ਰੈਵਲ ਏਜੰਟਾਂ ਵੱਲੋਂ ਵਿਛਾਏ ਜਾਲ ਸਬੰਧੀ ਇਕੱਠੀ ਕੀਤੀ ਜਾਣਕਾਰੀ ਦੌਰਾਨ ਕਈ ਹੈਰਾਨੀਜਨਕ ਪਹਿਲੂ ਸਾਹਮਣੇ ਆਏ ਹਨ।ਜਿਨ੍ਹਾਂ 'ਚ ਕਈ ਅਜਿਹੇ ਪਰਿਵਾਰਾਂ ਬਾਰੇ ਵੀ ਪਤਾ ਲੱਗਾ ਹੈ।ਜੋ ਆਪਣੇ ਬੱਚਿਆਂ ਹੱਥੋਂ ਮਜਬੂਰ ਹੋ ਕੇ ਗੈਰ-ਕਾਨੂੰਨੀ ਢੰਗ ਨਾਲ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਮਜਬੂਰ ਹੋ ਰਹੇ ਹਨ।ਇਥੋਂ ਹੀ ਟ੍ਰੈਵਲ ਏਜੰਟ ਮਜਬੂਰ ਲੋਕਾਂ ਦੀਆਂ ਭਾਵਨਾਵਾਂ ਨਾਲ ਧੋਖਾਦੇਹੀ ਦੀ ਆਪਣੀ ਖੇਡ ਖੇਡਣਾ ਸ਼ੁਰੂ ਕਰ ਦਿੰਦੇ ਹਨ।ਇਸ ਮਾਮਲੇ 'ਚ ਫਰਜ਼ੀ ਟ੍ਰੈਵਲ ਏਜੰਟ 5 ਲੱਖ ਰੁਪਏ ਤੋਂ ਲੈ ਕਿ 15 ਲੱਖ ਜਾਂ ਫੇਰ ਕਈ ਤਾ 20-25ਲੱਖ ਤੱਖ ਤਕ ਠੱਗ ਮਾਰ ਲੈਂਦੇ ਹਨ ।ਗੈਰ-ਕਾਨੂੰਨੀ ਤਰੀਕਿਆਂ ਨਾਲ ਵਿਦੇਸ਼ ਜਾਣ ਵਾਲਿਆਂ 'ਚੋਂ ਕੁਝ ਤਾਂ ਲੁਕ-ਛਿਪ ਕੇ ਕੰਮ ਕਰਨ ਕਰਦੇ ਹਨ ।ਕੁਝ ਵਿਦੇਸ਼ੀ ਪੁਲਸ ਦੀ ਨਜ਼ਰ ਤੋਂ ਬਚ ਕੇ ਵਿਦੇਸ਼ਾਂ 'ਚ ਟਿਕੇ ਰਹਿੰਦੇ ਹਨ ।ਪਰ ਕਾਫੀ ਨੌਜਵਾਨ ਵਿਦੇਸ਼ੀ ਪੁਲਸ ਦੇ ਹੱਥ ਲੱਗ ਜਾਣ ਕਰ ਕੇ ਜੇਲਾਂ 'ਚ ਫਸ ਜਾਂਦੇ ਹਨ। ਪੇਂਡੂ ਖੇਤਰ ਨਾਲ ਸਬੰਧਤ ਪੰਜਾਬੀਆਂ 'ਚ ਗੋਰਿਆਂ ਦੀ ਧਰਤੀ 'ਤੇ ਜਾਣ ਦਾ ਭੂਤ ਇੰਨੇ ਵੱਡੇ ਪੱਧਰ 'ਤੇ ਚੜ੍ਹਿਆ ਹੋਇਆ ਹੈ ਕਿ ਵਿਦੇਸ਼ ਜਾਣ ਲਈ ਉਹ ਜ਼ਮੀਨਾਂ ਤਾਂ ਵੇਚਦੇ ਹੀ ਹਨ, ਨਾਲ ਜਾਨਾਂ ਵੀ ਗਵਾ ਰਹੇ ਹਨ।ਜੋ ਸਾਡੇ ਸਾਰਿਆਂ ਵਾਸਤੇ ਚਿੰਤਾ ਦਾ ਵਿਸ਼ਾ ਆਖਿਆ ਜਾ ਸਕਦਾ ਹੈ।ਇਹ ਫਰਜ਼ੀ ਟ੍ਰੈਵਲ ਏਜੰਟ ਘੱਟ-ਪੜ੍ਹੇ ਲਿਖੇ ਬੇਰੋਜ਼ਗਾਰ ਨੌਜਵਾਨਾਂ ਨੂੰ ਆਪਣੀ ਠੱਗੀ ਦਾ ਸ਼ਿਕਾਰ ਵਧੇਰੇ ਬਣਾਉਂਦੇ ਹਨ । ਏਜੰਟਾਂ ਦੇ ਸ਼ਿਕਾਰ ਹੋਣ ਵਾਲਿਆਂ 'ਚ 50 ਫੀਸਦੀ ਨੌਜਵਾਨ ਘੱਟ-ਪੜ੍ਹੇ ਲਿਖੇ ਬੇਰੋਜ਼ਗਾਰ ਤੇ ਪਿੰਡਾਂ ਤੋਂ ਆਏ ਹੁੰਦੇ ਹਨ। ਜਿਨ੍ਹਾਂ ਨੂੰ ਇਹ ਟ੍ਰੈਵਲ ਏਜੰਟ ਵੱਡੇ-ਵੱਡੇ ਸਬਜ਼ਬਾਗ ਦਿਖਾ ਕੇ ਆਪਣੇ ਜਾਲ 'ਚ ਫਸਾ ਲੈਂਦੇ ਹਨ ।ਉਸ ਤੋਂ ਬਾਅਦ ਹੌਲੀ-ਹੌਲੀ ਉਨ੍ਹਾਂ ਤੋਂ ਪੇਸੇ ਦੀ ਲੁੱਟ ਕਰਨੀ ਸ਼ੁਰੂ ਕਰ ਦਿੰਦੇ ਹਨ। ਜਦੋਂ ਤੱਕ ਇੰਨਾ ਨੌਜਵਾਨ ਨੂੰ ਏਜੰਟਾ ਬਾਰੇ ਬਸਮਝ ਆਉਂਦੀ ਹੈ।ਉਦੋਂ ਤੱਕ ਕਾਫੀ ਸਾਰਾ ਪੈਸਾ ਉਨ੍ਹਾਂ ਕੋਲ ਜਾ ਚੁੱਕਾ ਹੁੰਦਾ ਹੈ।ਝੂਠੇ ਜਾਂ ਫਰਜ਼ੀ ਤਰੀਕਿਆਂ ਨਾਲ ਵਿਦੇਸ਼ ਭੇਜਣ ਦੇ ਕਾਰੋਬਾਰ 'ਚ ਲੱਗੇ ਜ਼ਿਆਦਾਤਰ ਟ੍ਰੈਵਲ ਏਜੰਟ ਚੇਨ ਸਿਸਟਮ ਨਾਲ ਜੁੜੇ ਹੋਏ ਹਨ। ਕੁਝ ਵੱਡੇ ਟ੍ਰੈਵਲ ਏਜੰਟਾਂ ਨੇ ਆਪਣੇ ਦਲਾਲਾਂ ਨੂੰ ਬਾਜ਼ਾਰ 'ਚ ਛੱਡਿਆ ਹੋਇਆ ਹੈ। ਜੋ ਸ਼ਹਿਰਾਂ 'ਚ ਆਈਲੈਟਸ ਕਰਨ ਵਾਲਿਆਂ ਤੇ ਕਾਲਜਾਂ ਦੇ ਵਿਦਿਆਰਥੀਆਂ 'ਤੇ ਨਜ਼ਰ ਰੱਖਦੇ ਹਨ। ਉਹ ਇੱਛਾ ਦੇਖ ਕੇ ਟ੍ਰੈਵਲ ਏਜੰਟ ਨੂੰ ਸਾਰੀ ਜਾਣਕਾਰੀ ਦਿੰਦੇ ਹਨ। ਅੱਗੇ ਦੀ ਖੇਡ ਟ੍ਰੈਵਲ ਏਜੰਟਾਂ ਵੱਲੋਂ ਟੈਲੀ-ਮਾਰਕੀਟਿੰਗ 'ਤੇ ਬਿਠਾਈਆਂ ਗਈਆਂ ਲੜਕੀਆਂ ਪੂਰਾ ਕਰਦੀਆਂ ਹਨ। ਉਨ੍ਹਾਂ ਵੱਲੋਂ ਹਰ ਤਰ੍ਹਾਂ ਦੇ ਵੀਜ਼ੇ ਫੋਨ 'ਤੇ ਭੇਜੇ ਜਾਣ ਦਾ ਦਾਅਵਾ ਵੀ ਕੀਤਾ ਜਾਂਦਾ ਹੈ। ਇਥੋਂ ਤੱਕ ਕਿ ਰੱਦ ਹੋਈਆਂ ਫਾਈਲਾਂ ਵਾਲਿਆਂ ਨੂੰ ਵੀ ਟ੍ਰੈਵਲ ਏਜੰਟਾਂ ਵੱਲੋਂ ਕਿਸੇ ਨਾ ਕਿਸੇ ਤਰਾ ਫਸਾਇਆ ਜਾਂਦਾ ਹੈ।ਬੇਸ਼ੱਕ ਪੁਲਿਸ ਵੱਲੋਂ ਅਜਿਹੇ ਫਰਜ਼ੀ ਟ੍ਰਾਈਵਲ ਏਜੰਟਾ ਖਿਲਾਫ ਸਿਕੰਜਾ ਕਸਿਆ ਜਾ ਰਿਹਾ ਹੈ ।ਪਰ ਦੂਜੇ ਪਾਸੇ ਲੋਕਾਂ ਨੂੰ ਵੀ ਇਸ ਪ੍ਰਤੀ ਜਾਗਰੂਕ ਹੋਣ ਦੀ ਜਰੂਰਤ ਹੈ ।ਤਾ ਜੋ ਠੱਗ ਟ੍ਰਾਈਵਲ ਏਜੰਟਾ ਤੋ ਬਚਿਆ ਜਾ ਸਕੇ ।ਇਕ ਗੱਲ ਹੋਰ ਜੋ ਵਿਸ਼ੇਸ਼ ਧਿਆਨ ਮੰਗਦੀ ਹੈ।ਉਹ ਇਹ ਹੈ ਕੇ ਸਾਨੂੰ ਹਮੇਸ਼ਾ ਸਹੀ ਢੰਗ ਨਾਲ ਹੀ ਵਿਦੇਸ਼ (ਅਬਰੋਡ )ਜਾਣਾ ਚਾਹੀਦਾ ਹੈ ।ਕਿਉਂਕੇ ਗੈਰ-ਕਾਨੂੰਨੀ ਰਸਤਾ ਕਦੇ ਵੀ ਸਹੀ ਨਹੀਂ ਹੋ ਸਕਦਾ ।ਉਹ ਤੁਹਾਡਾ ਪੈਸਾ ਤਾ ਡੋਬੇਗਾ ਹੀ ਨਾਲ ਹੀ ਤੁਹਾਡੀ ਜਾਨ ਨੂੰ ਡੋਬ ਦੇਵੇਗਾ ।ਸੋ ਅਬਰੋਡ ਜਾਣ ਬਾਰੇ ਫ਼ੈਸਲਾ ਲੈਂਦੇ ਵਕਤ ਸੁਚੇਤ ਹੋ ਕੇ ਸਹੀ ਏਜੰਟ ਰਾਹੀਂ ਆਪਣੀ ਫਾਈਲ ਲਗਵਾਓ ਵਰਨਾ ਸਭ ਕੁਝ ਲੁਟਾ ਬੈਠੋਗੇ ।ਹਾਂ !ਪੰਜਾਬ ਸਰਕਾਰ ਨੂੰ ਇਸ ਸੰਬੰਧੀ ਹੋਰ ਸਖ਼ਤ ਕਾਨੂੰਨ ਬਣਾਏ ਜਾਣ ਦੀ ਬੇਹੱਦ ਜਰੂਰਤ ਹੈ ।ਤਾ ਜੋ ਫਰਜ਼ੀ ਟਰੈਵਲ ਏਜੰਟ ਨੂੰ ਨੱਥ ਪਾਈ ਜਾ ਸਕੇ।




**-ਅਜੀਤ ਖੰਨਾ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਭਾਈ ਗੁਰਦਾਸ ਜੀ ਦਿਵਸ (ਸੰਪਾਦਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ਨਿੱਚਰਵਾਰ 17 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 18 ਅਗਸਤ 2024 ਨੂੰ 6:30 ਵਜੇ ਸਵੇਰੇ ਚੌਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਹਰਨਾਮ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾਂ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778